ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2624 25 October, 2026 Sunday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

ਨਿਊਯਾਰਕ 'ਚ ਘੋੜਾ-ਗੱਡੀਆਂ 'ਤੇ ਪਾਬੰਦੀ ਲਾਉਣ ਵਾਲਾ ਬਿੱਲ ਪਾਸ

ਨਿਊਯਾਰਕ ਸਾਂਝੀ ਸੋਚ ਬਿਊਰੋ

ਨਿਊਯਾਰਕ ਸ਼ਹਿਰ ਵਿਚ ਘੋੜਿਆਂ ਨਾਲ ਖਿੱਚੀਆਂ ਜਾਣ ਵਾਲੀਆਂ ਬੱਘੀਆਂ ਦੀ ਸਵਾਰੀ 'ਤੇ ਪਾਬੰਦੀ ਲਾਉਣ ਵਾਲਾ ਬਿੱਲ ਪਾਸ ਕਰ ਦਿੱਤਾ ਗਿਆ ਹੈ। ਇਸ ਸਾਲ ਗਰਮੀਆਂ ਦੌਰਾਨ ਸੈਂਟਰਲ ਪਾਰਕ ਵਿਚ ਘੋੜਾ-ਗੱਡੀ ਨਾਲ ਵਾਪਰੀ ਘਟਨਾ ਵਿਚ ਪੰਜਾਬ ਦੇ ਪਠਾਨਕੋਟ ਦੇ ਨੌਜਵਾਨ ਦੀ ਮੌਤ ਤੋਂ ਬਾਅਦ ਇਸ ਪਾਬੰਦੀ ਲਈ ਮੁੜ ਕੋਸ਼ਿਸ਼ਾਂ ਤੇਜ਼ ਹੋ ਗਈਆਂ ਸਨ। ਜ਼ਿਕਰਯੋਗ ਹੈ ਕਿ ਰੋਮਾਂਚ ਪਠਾਨਕੋਟ ਦੀ ਇੰਦਰਾ ਕਲੋਨੀ ਦੇ ਕਾਰੋਬਾਰੀ ਦੀਪਕ ਮਹਾਜਨ ਦਾ ਪੁੱਤਰ ਸੀ।

ਦੱਸਣਾ ਬਣਦਾ ਹੈ ਕਿ ਰੋਮਾਂਚ ਮਹਾਜਨ ਆਪਣੇ ਪਿਤਾ ਦੀਪਕ ਮਹਾਜਨ, ਮਾਤਾ ਪ੍ਰੀਆ ਮਹਾਜਨ ਅਤੇ ਛੋਟੇ ਭਰਾ ਮਾਣਕ ਨਾਲ ਸੈਂਟਰਲ ਪਾਰਕ ਵਿਚ ਘੋੜਾ ਗੱਡੀ ਦੀ ਸਵਾਰੀ ਕਰ ਰਿਹਾ ਸੀ। ਜਦੋਂ ਉਨ੍ਹਾਂ ਨੇ ਫੋਟੋ ਖਿੱਚਣ ਲਈ ਘੋੜਾ ਗੱਡੀ ਦੇ ਚਾਲਕ ਨੂੰ ਮੋਬਾਈਲ ਫੜਾਇਆ, ਤਾਂ ਕੈਮਰੇ ਦੀ ਫਲੈਸ਼ ਵੱਜਣ ਕਾਰਨ ਘੋੜਾ ਭੜਕ ਗਿਆ ਅਤੇ ਤੇਜ਼ੀ ਨਾਲ ਦੌੜ ਪਿਆ। ਇਸ ਦੌਰਾਨ ਉਸ ਦੀ ਮਾਂ ਹੇਠਾਂ ਡਿੱਗ ਗਈ। ਆਪਣੀ ਮਾਂ ਨੂੰ ਬਚਾਉਣ ਲਈ ਰੋਮਾਂਚ ਵੀ ਗੱਡੀ ਤੋਂ ਉਤਰ ਕੇ ਪਿੱਛੇ ਭੱਜਿਆ, ਪਰ ਅੱਗੇ ਜਾ ਕੇ ਘੋੜਾ ਗੱਡੀ ਪਲਟ ਗਈ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਨਿਊਯਾਰਕ ਨਗਰ ਕੌਂਸਲ ਨੇ 'ਰੋਮਾਂਚ ਕਾਨੂੰਨ' ਨੂੰ ਮਨਜ਼ੂਰੀ ਦਿੱਤੀ। ਇਸ ਤਹਿਤ ਪਹਿਲੀ ਜੂਨ 2028 ਤੱਕ ਸੈਂਟਰਲ ਪਾਰਕ ਵਿਚ ਬੱਘੀਆਂ ਦਾ ਸੰਚਾਲਨ ਪੜਾਅਵਾਰ ਢੰਗ ਨਾਲ ਬੰਦ ਕਰ ਦਿੱਤਾ ਜਾਵੇਗਾ। ਬਿੱਲ ਦੇ ਹੱਕ ਵਿਚ 40 ਅਤੇ ਵਿਰੋਧ ਵਿਚ ਸੱਤ ਵੋਟਾਂ ਪਈਆਂ, ਜਦਕਿ ਦੋ ਮੈਂਬਰ ਵੋਟਿੰਗ ਤੋਂ ਗ਼ੈਰ-ਹਾਜ਼ਰ ਰਹੇ। ਹੁਣ ਇਹ ਬਿੱਲ ਦਸਤਖ਼ਤ ਲਈ ਨਿਊਯਾਰਕ ਦੇ ਮੇਅਰ ਜੋਹਰਾਨ ਮਮਦਾਨੀ ਕੋਲ ਭੇਜਿਆ ਜਾਵੇਗਾ।

ਇਸ ਕਾਨੂੰਨ ਦਾ ਨਾਂ ਭਾਰਤ ਤੋਂ ਆਏ 18 ਸਾਲਾ ਸੈਲਾਨੀ ਰੋਮਾਂਚ ਮਹਾਜਨ ਦੇ ਨਾਂ 'ਤੇ ਰੱਖਿਆ ਗਿਆ ਹੈ। ਇਸ ਸਾਲ ਗਰਮੀਆਂ



ਵਿਚ ਸੈਂਟਰਲ ਪਾਰਕ ਵਿਚ ਘੋੜਾ-ਗੱਡੀ ਤੋਂ ਡਿੱਗਣ ਮਗਰੋਂ ਉਸ ਦੀ ਮੌਤ ਹੋ ਗਈ ਸੀ। ਇਸ ਘਟਨਾ ਨੇ ਘੋੜਾ-ਗੱਡੀਆਂ ਦੀ ਸੁਰੱਖਿਆ ਅਤੇ ਇਸ ਉਦਯੋਗ ਨੂੰ ਜਾਰੀ ਰੱਖਣ ਬਾਰੇ ਚਰਚਾ ਮੁੜ ਤੇਜ਼ ਕਰ ਦਿੱਤੀ ਸੀ।

ਰੋਮਾਂਚ ਦੀ ਮੌਤ ਤੋਂ ਤੁਰੰਤ ਬਾਅਦ ਨਗਰ ਕੌਂਸਲ ਨੇ ਇਸ ਬਾਰੇ ਸੁਣਵਾਈ ਕੀਤੀ ਸੀ। ਇਸ ਦੌਰਾਨ ਬੱਘੀਆਂ ਦੀ ਪ੍ਰਥਾ ਨੂੰ ਪੜਾਅਵਾਰ ਖ਼ਤਮ ਕਰਨ ਲਈ ਸੰਭਾਵੀ ਕਾਨੂੰਨੀ ਕਦਮਾਂ ਅਤੇ ਬੱਘੀ ਮਾਲਕਾਂ ਤੇ ਚਾਲਕਾਂ ਦੀ ਰਾਇ 'ਤੇ ਵਿਚਾਰ ਕੀਤਾ ਗਿਆ। ਨਗਰ ਕੌਂਸਲ ਨੇ ਕਿਹਾ ਕਿ ਅਗਲੇ 19 ਮਹੀਨਿਆਂ ਦੌਰਾਨ ਇਸ ਉਦਯੋਗ ਨੂੰ ਪੜਾਅਵਾਰ ਬੰਦ ਕੀਤਾ ਜਾਵੇਗਾ। ਇਸ ਤਬਦੀਲੀ ਦੌਰਾਨ ਕਾਮਿਆਂ ਦੀ ਰੋਜ਼ੀ-ਰੋਟੀ ਅਤੇ ਘੋੜਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੀ ਪ੍ਰਬੰਧ ਕੀਤੇ ਜਾਣਗੇ।

ਨਗਰ ਕੌਂਸਲ ਦੀ ਪ੍ਰਧਾਨ ਜੂਲੀ ਮੇਨਿਨ ਨੇ ਬਿੱਲ ਦੇ ਪਾਸ ਹੋਣ ਨੂੰ ਇਤਿਹਾਸਕ ਦੱਸਿਆ। ਉਨ੍ਹਾਂ ਕਿਹਾ ਕਿ ਰੋਮਾਂਚ ਦੀ ਦੁਖਦਾਈ ਅਤੇ ਟਾਲੀ ਜਾ ਸਕਣ ਵਾਲੀ ਮੌਤ ਨੇ ਲੰਮੇ ਸਮੇਂ ਤੋਂ ਉੱਠ ਰਹੀਆਂ ਚਿੰਤਾਵਾਂ ਦੇ ਮੱਦੇਨਜ਼ਰ ਤੁਰੰਤ ਕਾਰਵਾਈ ਦੀ ਲੋੜ ਉਜਾਗਰ ਕੀਤੀ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com





RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor® CalDRE # 02115235
ਤੁਸੀਂ ਆਪਣੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans



Inderjeet Singh Mann
CA Lic# 0H82488
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
• ਰਾਸ਼ਟਰਪਤੀ ਜੋਅ ਬਾਇਡਨ ਦੁਆਰਾ ਪਾਸ ਕੀਤੀ ਗਈ ਅਮਰੀਕੀ ਬਚਾਅ ਯੋਜਨਾ ਤੁਹਾਨੂੰ ਮਹੀਨੇ ਵਿੱਚ ਹਜ਼ਾਰਾਂ ਡਾਲਰ ਦੀ ਬਚਤ ਕਰਵਾ ਸਕਦੀ ਹੈ।
• ਪਹਿਲਾਂ ਨਾਲੋਂ ਬਹੁਤੇ ਵਿੱਤੀ ਮਦਦ ਮਿਲਦੀ ਹੈ।
• ਭਾਵੇਂ ਤੁਸੀਂ ਪਹਿਲਾਂ ਸਬਸਿਡੀਆਂ ਲਈ ਯੋਗਤਾ ਪੂਰੀ ਨਹੀਂ ਕਰਦੇ ਹੋ, ਪਰ ਹੁਣ ਤੁਸੀਂ ਸਿਹਤ ਬੀਮਾ ਪ੍ਰੀਮੀਅਮਾਂ 'ਤੇ ਹਜ਼ਾਰਾਂ ਲੋਕਾਂ ਨੂੰ ਬਚਾਉਣ ਦੇ ਯੋਗ ਹੋ ਸਕਦੇ ਹੋ।
• ਭਾਰੀ ਟੈਕਸ ਰੈਮਿਟ ਕ੍ਰੈਡਿਟ ਤਾਂ ਹੀ ਉਪਲਬਧ ਹੈਲੇ ਹਨ, ਜੇ ਤੁਸੀਂ ਕਵਰਡ ਕੈਲੀਫੋਰਨੀਆ ਦੁਆਰਾ ਅਰਜ਼ੀ ਦਿੰਦੇ ਹੋ।
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਰੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Ph.: (916) 900-2000

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots




Packages fit to your budget
Contact: Barjesh 209-541-0641
Email: lambavideoproduction@yahoo.com

Certified INSURANCE AGENT
COVERED CALIFORNIA
Free Confidential Help
Call : Gurcharan Singh Mann
Medicare
Licensed Insurance Agent
CA Lic # 0C70672
CALL TO ENROL
510-557-0061



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....



Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

JRP REALTY GROUP

A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS





Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS

Jaswant S.Pannu
Office: 209-900-1994
Cell: 408-340-0157
jaswantpannu@yahoo.com

Raman Singh
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you



For more properties or business, contact us.



LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower



LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

Apply online at www.lendingassets.com and check out the live lowest rates on our website

ONLY WAY TO GROW YOUR BUSINESS FASTER

BNG

(Business Network Gateway)

We work for you to

Boost Your Business

VIDEO ADVERTISEMENTS

We make professional video advertisements for your business in Punjabi, Hindi & English



POSTERS DESIGN

We design flyers, Posters and Post Cards to promote your business



BUSINESS CARD DESIGN

WE DESIGN YOUR BUSINESS CARD



SOCIAL MEDIA HANDLERS

We can manage your Business social media handlers Facebook, instagram & YouTube



24/7 TECH SUPPORT

We provide 24/7 tech support



For more information call

Boota Singh Basi +1 (209) 303-1260

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

ਸਭ ਕੁਝ ਹੋਣ ਦੇ ਬਾਵਜੂਦ ਮਾਨਸਿਕ ਤਣਾਓ ਕਿਉਂ?



ਬਰਜਿੰਦਰ ਕੌਰ ਬਿਸਰਾਓ
99889-01324

ਸੁੱਖ ਸਹੂਲਤਾਂ ਨੇ ਜ਼ਿੰਦਗੀ ਨੂੰ ਸੌਖਾ ਤਾਂ ਬਣਾ ਦਿੱਤਾ ਹੈ, ਪਰ ਕੀ ਮਨੁੱਖ ਦੇ ਮਨ ਨੂੰ ਵੀ ਸਕੂਨ ਮਿਲਿਆ ਹੈ? ਅੱਜ ਦਾ ਮਨੁੱਖ ਪਹਿਲਾਂ ਨਾਲੋਂ ਵੱਧ ਸੁੱਖ ਸਹੂਲਤਾਂ ਵਾਲੀ ਜ਼ਿੰਦਗੀ ਜੀਅ ਰਿਹਾ ਹੈ। ਵਧੀਆ ਸਜਾਵਟੀ ਘਰਾਂ ਵਿੱਚ ਏ.ਸੀ., ਫਰਿੱਜ, ਵਾਸ਼ਿੰਗ ਮਸ਼ੀਨਾਂ, ਮਹਿੰਗੀਆਂ ਗੱਡੀਆਂ, ਹੱਥਾਂ ਵਿੱਚ ਸਮਾਰਟ ਫ਼ੋਨ, ਘਰ ਬੈਠਿਆਂ ਦੁਨੀਆਂ ਭਰ ਦੀ ਜਾਣਕਾਰੀ ਅਤੇ ਮਨੋਰੰਜਨ ਦੇ ਅਣਗਿਣਤ ਸਾਧਨ ਮੌਜੂਦ ਹਨ। ਜ਼ਿੰਦਗੀ ਨੂੰ ਆਰਾਮਦਾਇਕ ਬਣਾਉਣ ਲਈ ਮਨੁੱਖ ਨੇ ਵਿਗਿਆਨ ਅਤੇ ਟੈਕਨਾਲੋਜੀ ਦੀ ਮਦਦ ਨਾਲ ਬਹੁਤ ਤਰੱਕੀ ਕੀਤੀ ਹੈ। ਜਿਹੜੇ ਕੰਮ ਕਰਨ ਲਈ ਪਹਿਲਾਂ ਘੰਟਿਆਂਬੱਧੀ ਮਿਹਨਤ ਕਰਨੀ ਪੈਂਦੀ ਸੀ, ਅੱਜ ਉਹ ਕੁਝ ਮਿੰਟਾਂ ਵਿੱਚ ਹੋ ਜਾਂਦੇ ਹਨ। ਇਸ ਦੇ ਬਾਵਜੂਦ ਇੱਕ ਸਵਾਲ ਮਨ ਨੂੰ ਝੰਜੋੜਦਾ ਹੈ ਕਿ ਜੇ ਮਨੁੱਖ ਕੋਲ ਪਹਿਲਾਂ ਨਾਲੋਂ ਵੱਧ ਸਾਧਨ ਹਨ, ਤਾਂ ਉਸ ਦੇ ਮਨ ਵਿੱਚ ਪਹਿਲਾਂ ਨਾਲੋਂ ਵੱਧ ਬੇਚੈਨੀ ਕਿਉਂ ਹੈ? ਜ਼ਿੰਦਗੀ ਵਿੱਚ ਆਰਾਮ ਵਧਿਆ ਹੈ, ਪਰ ਸਕੂਨ ਕਿਉਂ ਘਟਦਾ ਜਾ ਰਿਹਾ ਹੈ? ਚਿਹਰਿਆਂ ਉੱਤੇ ਮੁਸਕਰਾਹਟਾਂ ਹੋਣ ਦੇ ਬਾਵਜੂਦ ਮਨਾਂ ਅੰਦਰ ਉਦਾਸੀ, ਚਿੰਤਾ ਅਤੇ ਇਕੱਲਤਾ ਕਿਉਂ ਪਸਰ ਰਹੀ ਹੈ?

ਅਸਲ ਵਿੱਚ ਮਨੁੱਖ ਦੀ ਸਮੱਸਿਆ ਸਿਰਫ਼ ਸਾਧਨਾਂ ਦੀ ਘਾਟ ਨਹੀਂ, ਸਗੋਂ ਮਨ ਦੀਆਂ ਵਧਦੀਆਂ ਉਮੀਦਾਂ, ਬੇਲੋੜੀਆਂ ਇੱਛਾਵਾਂ, ਦੂਜਿਆਂ ਨਾਲ ਤੁਲਨਾ ਅਤੇ ਆਪਣੀ ਜ਼ਿੰਦਗੀ ਪ੍ਰਤੀ ਅਸੰਤੁਸ਼ਟੀ ਵੀ ਹੈ। ਅਸੀਂ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਦੇ ਚੱਕਰ ਵਿੱਚ ਕਈ ਵਾਰ ਇਸ ਨੂੰ ਇੰਨਾ ਉਲਝਾ ਲੈਂਦੇ ਹਾਂ ਕਿ ਸਾਡੇ ਕੋਲ ਆਪਣੇ ਆਪ ਲਈ ਹੀ ਸਮਾਂ ਨਹੀਂ ਬਚਦਾ। ਅੱਜ ਮਨੁੱਖ ਦੀਆਂ ਲੋੜਾਂ ਘੱਟ ਹਨ ਪਰ ਇੱਛਾਵਾਂ ਜ਼ਿਆਦਾ ਹਨ। ਮਨੁੱਖ ਦੀਆਂ ਮੁੱਢਲੀਆਂ ਲੋੜਾਂ ਰੋਟੀ, ਕੱਪੜਾ, ਮਕਾਨ, ਸਿਹਤ, ਸੁਰੱਖਿਆ ਅਤੇ ਪਿਆਰ ਹਨ। ਜਦੋਂ ਇਹ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ, ਤਾਂ ਮਨੁੱਖ ਨੂੰ ਸੰਤੁਸ਼ਟੀ ਦਾ ਅਹਿਸਾਸ ਹੋਣਾ ਚਾਹੀਦਾ ਹੈ, ਪਰ ਅਕਸਰ ਇਸ ਦੇ ਉਲਟ ਹੁੰਦਾ ਹੈ। ਇੱਕ ਇੱਛਾ ਪੂਰੀ ਹੁੰਦੀ ਹੈ ਤਾਂ ਦੂਜੀ ਸਿਰ ਚੁੱਕ ਲੈਂਦੀ ਹੈ। ਆਪਣਾ ਘਰ ਬਣਾਉਣ ਤੋਂ ਬਾਅਦ ਵੱਡੇ ਘਰ ਦੀ ਇੱਛਾ, ਸਧਾਰਨ ਗੱਡੀ ਤੋਂ ਬਾਅਦ ਮਹਿੰਗੀ ਗੱਡੀ ਦੀ ਇੱਛਾ, ਚੰਗੀ ਨੌਕਰੀ ਤੋਂ ਬਾਅਦ ਹੋਰ ਉੱਚੇ ਅਹੁਦੇ ਦੀ ਇੱਛਾ ਅਤੇ ਇੱਕ ਪ੍ਰਾਪਤੀ ਤੋਂ ਬਾਅਦ ਅਗਲੀ ਪ੍ਰਾਪਤੀ ਦੀ ਦੌੜ ਸ਼ੁਰੂ ਹੋ ਜਾਂਦੀ ਹੈ। ਇਸ ਦੌੜ ਦਾ ਕੋਈ ਅੰਤ ਨਹੀਂ। ਮਨੁੱਖ ਆਪਣੀਆਂ ਪ੍ਰਾਪਤੀਆਂ ਦਾ ਆਨੰਦ ਮਾਣਨ ਦੀ ਥਾਂ ਅਗਲੇ ਟੀਚੇ ਦੀ ਚਿੰਤਾ ਵਿੱਚ ਡੁੱਬਿਆ ਰਹਿੰਦਾ ਹੈ। ਉਹ ਅੱਜ ਨੂੰ ਜੀਊਣ ਦੀ ਬਜਾਏ ਕੱਲ੍ਹ ਨੂੰ ਬਿਹਤਰ ਬਣਾਉਣ ਦੀ ਫ਼ਿਕਰ ਵਿੱਚ ਆਪਣਾ ਵਰਤਮਾਨ ਵੀ ਗੁਆ ਬੈਠਦਾ ਹੈ। ਜਦੋਂ ਮਨੁੱਖ ਦੀ ਖੁਸ਼ੀ ਹਮੇਸ਼ਾਂ ਕਿਸੇ ਅਗਲੀ ਪ੍ਰਾਪਤੀ ਨਾਲ ਜੁੜੀ ਰਹੇ, ਤਾਂ ਉਸ ਨੂੰ ਮੌਜੂਦਾ ਜੀਵਨ ਵਿੱਚ ਸੰਤੁਸ਼ਟੀ ਕਿਵੇਂ ਮਿਲ ਸਕਦੀ ਹੈ?

ਅੱਜ ਦੇ ਮਾਨਸਿਕ ਤਣਾਓ ਦਾ ਇੱਕ ਵੱਡਾ ਕਾਰਨ ਸੋਸ਼ਲ ਮੀਡੀਆ ਉੱਤੇ ਦਿਖਾਈ ਜਾਂਦੀ ਬਣਾਉਟੀ ਚਮਕ-ਦਮਕ ਵੀ ਹੈ। ਮੋਬਾਈਲ ਦੀ ਸਕਰੀਨ ਖੋਲ੍ਹਦਿਆਂ ਹੀ ਸਾਨੂੰ ਕਿਸੇ ਦੀ ਵਿਦੇਸ਼ ਯਾਤਰਾ, ਕਿਸੇ ਦੀ ਮਹਿੰਗੀ ਗੱਡੀ, ਕਿਸੇ ਦਾ ਸ਼ਾਨਦਾਰ ਘਰ, ਕਿਸੇ ਦੀ ਕਾਮਯਾਬੀ ਅਤੇ ਕਿਸੇ ਦੀ ਖੁਸ਼ੀਆਂ ਭਰੀ ਜ਼ਿੰਦਗੀ ਦਿਖਾਈ ਦਿੰਦੀ ਹੈ। ਇਹ ਸਭ ਕੁਝ ਦੇਖ ਕੇ ਮਨੁੱਖ ਆਪਣੀ ਜ਼ਿੰਦਗੀ ਦੀ ਤੁਲਨਾ ਦੂਜਿਆਂ ਦੀ ਜ਼ਿੰਦਗੀ ਨਾਲ ਕਰਨ ਲੱਗ ਪੈਂਦਾ ਹੈ। ਉਹ ਇਹ ਭੁੱਲ ਜਾਂਦਾ ਹੈ ਕਿ ਸੋਸ਼ਲ ਮੀਡੀਆ ਉੱਤੇ ਆਮ ਤੌਰ 'ਤੇ ਜ਼ਿੰਦਗੀ ਦੇ ਚੁਣੇ ਹੋਏ ਸੋਹਣੇ ਪਲ ਦਿਖਾਏ ਜਾਂਦੇ ਹਨ, ਉਸ ਵਿੱਚ ਉਸ ਵਿਅਕਤੀ ਦੀ ਪੂਰੀ ਜ਼ਿੰਦਗੀ ਨਹੀਂ ਦਿਖਾਈ ਹੁੰਦੀ। ਤਸਵੀਰ ਵਿੱਚ ਮੁਸਕਰਾਉਂਦਾ ਚਿਹਰਾ ਅੰਦਰੋਂ ਕਿੰਨਾ ਖ਼ੁਸ਼ ਹੈ, ਇਹ ਕੋਈ ਨਹੀਂ ਜਾਣਦਾ। ਦੂਜਿਆਂ ਦੀਆਂ ਪ੍ਰਾਪਤੀਆਂ ਦੇਖ ਕੇ ਆਪਣੀਆਂ ਪ੍ਰਾਪਤੀਆਂ ਛੋਟੀਆਂ ਲੱਗਣ ਲੱਗ ਪੈਂਦੀਆਂ ਹਨ। ਜਿਹੜੀਆਂ ਚੀਜ਼ਾਂ ਕੱਲ੍ਹ ਤੱਕ ਸਾਨੂੰ ਖੁਸ਼ੀ ਦਿੰਦੀਆਂ ਸਨ, ਅੱਜ ਉਹ ਇਸ ਕਰਕੇ ਬੇਮਾਅਨਾ ਲੱਗਣ ਲੱਗਦੀਆਂ ਹਨ ਕਿ ਕਿਸੇ ਹੋਰ ਕੋਲ ਸਾਡੇ ਨਾਲੋਂ ਵੱਧ ਹੈ। ਇਸ ਤਰ੍ਹਾਂ ਮਨੁੱਖ ਦੂਜਿਆਂ ਦੀ ਜ਼ਿੰਦਗੀ ਨੂੰ ਦੇਖਦਿਆਂ ਆਪਣੀ ਜ਼ਿੰਦਗੀ ਦੀਆਂ ਖ਼ੂਬਸੂਰਤੀਆਂ ਨੂੰ ਅਣਡਿੱਠਾ ਕਰ ਦਿੰਦਾ ਹੈ। ਯਾਦ ਰੱਖਣਾ ਚਾਹੀਦਾ ਹੈ ਕਿ ਦੂਜਿਆਂ ਨਾਲ ਤੁਲਨਾ ਕਰਨ ਦੀ ਆਦਤ ਮਨ ਦੀ ਸ਼ਾਂਤੀ ਖੋਹ ਲੈਂਦੀ ਹੈ। ਸਾਡੀ ਜ਼ਿੰਦਗੀ ਦੀ ਕਾਮਯਾਬੀ ਦਾ ਪੈਮਾਨਾ ਇਹ ਨਹੀਂ ਕਿ ਸਾਡੇ ਕੋਲ ਦੂਜਿਆਂ ਨਾਲੋਂ ਕਿੰਨਾ ਵੱਧ ਹੈ, ਸਗੋਂ ਇਹ ਹੈ ਕਿ ਅਸੀਂ ਆਪਣੇ ਜੀਵਨ ਵਿੱਚ ਕਿੰਨੇ ਸੰਤੁਸ਼ਟ ਅਤੇ ਸੰਤੁਲਿਤ ਹਾਂ।

ਇੱਕ ਸਮਾਂ ਸੀ ਜਦੋਂ ਪਰਿਵਾਰ ਦੇ ਮੈਂਬਰ ਇਕੱਠੇ ਬੈਠ ਕੇ ਆਪਣੇ ਦਿਨ ਦੀਆਂ ਗੱਲਾਂ ਸਾਂਝੀਆਂ ਕਰਦੇ ਸਨ। ਘਰ ਦੇ ਵਿਹੜਿਆਂ ਵਿੱਚ ਹਾਸੇ ਗੂੰਜਦੇ ਸਨ, ਦੁੱਖ-ਸੁੱਖ ਵਿੱਚ ਇੱਕ-ਦੂਜੇ ਦਾ ਸਾਥ ਦਿੱਤਾ ਜਾਂਦਾ ਸੀ ਅਤੇ ਛੋਟੀਆਂ-ਛੋਟੀਆਂ ਗੱਲਾਂ ਵਿੱਚੋਂ ਵੀ ਖ਼ੁਸ਼ੀ ਲੱਭ ਲਈ ਜਾਂਦੀ ਸੀ। ਅੱਜ ਕਈ ਘਰਾਂ ਵਿੱਚ ਸਾਰੇ ਮੈਂਬਰ ਇੱਕੋ ਛੱਤ ਹੇਠ ਰਹਿੰਦੇ ਹੋਏ ਵੀ ਆਪੋ-ਆਪਣੀਆਂ ਸਕਰੀਨਾਂ ਵਿੱਚ ਗੁਆਚੇ ਹੋਏ ਹਨ। ਗੱਲਬਾਤ ਘਟ ਰਹੀ ਹੈ, ਆਪਣਿਆਂ ਦੀ ਗੱਲ ਸੁਣਨ ਦੀ ਆਦਤ ਘਟ ਰਹੀ ਹੈ ਅਤੇ ਇੱਕ-ਦੂਜੇ ਦੀਆਂ ਭਾਵਨਾਵਾਂ ਨੂੰ ਸਮਝਣ ਦਾ ਸਮਾਂ ਵੀ ਘਟ ਰਿਹਾ ਹੈ। ਅਸੀਂ ਦੂਰ ਬੈਠੇ ਲੋਕਾਂ ਨਾਲ ਜੁੜੇ ਰਹਿਣ ਲਈ ਟੈਕਨਾਲੋਜੀ ਦੀ ਵਰਤੋਂ ਕਰਦੇ ਹਾਂ, ਪਰ ਕਈ ਵਾਰ ਆਪਣੇ ਕੋਲ ਬੈਠੇ ਆਪਣਿਆਂ ਤੋਂ ਹੀ ਦੂਰ ਹੋ ਜਾਂਦੇ ਹਾਂ। ਮਨੁੱਖ ਨੂੰ ਸਿਰਫ਼ ਭੌਤਿਕ ਸਹੂਲਤਾਂ ਦੀ ਹੀ ਨਹੀਂ, ਸਗੋਂ ਆਪਣੇਪਣ, ਪਿਆਰ, ਸਤਿਕਾਰ ਅਤੇ ਭਾਵਨਾਤਮਕ ਸਹਾਰੇ ਦੀ ਵੀ ਲੋੜ ਹੁੰਦੀ ਹੈ। ਮਹਿੰਗੇ ਘਰ ਵਿੱਚ ਰਹਿਣ ਵਾਲਾ ਵਿਅਕਤੀ ਵੀ ਇਕੱਲਾਪਣ ਮਹਿਸੂਸ ਕਰ ਸਕਦਾ ਹੈ, ਜੇ ਉਸ ਕੋਲ ਆਪਣੀ ਗੱਲ ਸੁਣਨ ਵਾਲਾ ਕੋਈ ਨਾ ਹੋਵੇ। ਇਸੇ ਲਈ ਰਿਸ਼ਤਿਆਂ ਦੀ ਮਜ਼ਬੂਤੀ ਮਾਨਸਿਕ ਸਕੂਨ ਲਈ ਬਹੁਤ ਜ਼ਰੂਰੀ ਹੈ।

ਅੱਜ ਹਰ ਕੋਈ ਇਹ ਕਹਿੰਦਾ ਸੁਣਾਈ ਦਿੰਦਾ ਹੈ ਕਿ ਉਸ ਕੋਲ ਸਮਾਂ ਨਹੀਂ ਹੈ। ਕਿਸੇ ਨੂੰ ਕੰਮ ਦੀ ਚਿੰਤਾ ਹੈ, ਕਿਸੇ ਨੂੰ ਬੱਚਿਆਂ ਦੇ ਭਵਿੱਖ ਦੀ, ਕਿਸੇ ਨੂੰ ਘਰ ਦੀਆਂ ਜ਼ਿੰਮੇਵਾਰੀਆਂ ਦੀ ਅਤੇ ਕਿਸੇ ਨੂੰ ਆਪਣੀ ਸਮਾਜਿਕ ਪਛਾਣ ਬਣਾਈ ਰੱਖਣ ਦੀ। ਮਨੁੱਖ ਸਵੇਰ ਤੋਂ ਰਾਤ ਤੱਕ ਭੱਜ-ਦੌੜ ਕਰਦਾ ਰਹਿੰਦਾ ਹੈ, ਪਰ ਦਿਨ ਦੇ ਅੰਤ ਵਿੱਚ ਵੀ ਉਸ ਨੂੰ ਲੱਗਦਾ ਹੈ ਕਿ ਬਹੁਤ ਕੁਝ ਕਰਨਾ ਬਾਕੀ ਰਹਿ ਗਿਆ ਹੈ। ਟੈਕਨਾਲੋਜੀ ਨੇ ਕੰਮ ਦੀ ਰਫ਼ਤਾਰ ਵਧਾਈ ਹੈ, ਪਰ ਇਸ ਦੇ ਨਾਲ ਉਮੀਦਾਂ ਵੀ ਵਧਾ ਦਿੱਤੀਆਂ ਹਨ। ਪਹਿਲਾਂ ਜਿਹੜਾ ਕੰਮ ਇੱਕ ਦਿਨ ਵਿੱਚ ਕਰਨਾ ਕਾਫ਼ੀ ਸਮਝਿਆ ਜਾਂਦਾ ਸੀ, ਅੱਜ ਮਨੁੱਖ ਤੋਂ ਉਸੇ ਸਮੇਂ ਵਿੱਚ ਕਈ ਗੁਣਾ ਵੱਧ ਕੰਮ ਕਰਨ ਦੀ ਉਮੀਦ ਕੀਤੀ ਜਾਂਦੀ ਹੈ। ਹਰ ਵੇਲੇ ਉਪਲਬਧ ਰਹਿਣਾ, ਤੁਰੰਤ ਜਵਾਬ ਦੇਣਾ ਅਤੇ ਹਰ ਜ਼ਿੰਮੇਵਾਰੀ ਨੂੰ ਬਿਨਾਂ ਦੇਰੀ ਪੂਰਾ ਕਰਨਾ ਮਾਨਸਿਕ ਦਬਾਅ ਵਧਾ ਰਿਹਾ ਹੈ। ਅਸੀਂ ਦੂਜਿਆਂ ਦੀਆਂ ਉਮੀਦਾਂ ਪੂਰੀਆਂ ਕਰਨ ਵਿੱਚ ਇੰਨੇ ਰੁੱਝ ਜਾਂਦੇ ਹਾਂ ਕਿ ਆਪਣੇ ਸਰੀਰ ਅਤੇ ਮਨ ਦੀਆਂ ਲੋੜਾਂ ਨੂੰ ਭੁੱਲ ਜਾਂਦੇ ਹਾਂ। ਆਰਾਮ ਨੂੰ ਸਮੇਂ ਦੀ ਬਰਬਾਦੀ ਸਮਝਣਾ ਅਤੇ ਹਰ ਪਲ ਕਿਸੇ ਨਾ ਕਿਸੇ ਕੰਮ ਵਿੱਚ ਲੱਗੇ ਰਹਿਣਾ ਵੀ ਤਣਾਓ ਦਾ ਕਾਰਨ ਬਣ ਸਕਦਾ ਹੈ। ਮਨੁੱਖ ਕੋਈ ਮਸ਼ੀਨ ਨਹੀਂ, ਜਿਸ ਨੂੰ ਬਿਨਾਂ ਰੁਕੇ ਚਲਾਇਆ ਜਾ ਸਕੇ। ਉਸ ਨੂੰ ਕੰਮ ਦੇ ਨਾਲ ਆਰਾਮ, ਨੀਂਦ, ਮਨੋਰੰਜਨ ਅਤੇ ਆਪਣੇ ਪਿਆਰਿਆਂ ਨਾਲ ਸਮਾਂ ਬਿਤਾਉਣ ਦੀ ਵੀ ਲੋੜ ਹੁੰਦੀ ਹੈ।

ਅੱਜ ਦੇ ਸਮਾਜ ਵਿੱਚ ਮਨੁੱਖ ਦੀ ਪਛਾਣ ਕਈ ਵਾਰ ਉਸ ਦੀ ਸ਼ਖ਼ਸੀਅਤ ਜਾਂ ਚੰਗੇ ਗੁਣਾਂ ਨਾਲੋਂ ਵੱਧ ਉਸ ਦੀ ਕਮਾਈ, ਅਹੁਦੇ, ਜਾਇਦਾਦ ਅਤੇ ਸਮਾਜਿਕ ਰੁਤਬੇ ਨਾਲ ਕੀਤੀ ਜਾਂਦੀ ਹੈ। ਇਸ ਕਰਕੇ ਮਨੁੱਖ ਹਰ ਹਾਲਤ ਵਿੱਚ ਕਾਮਯਾਬ ਹੋਣ ਦਾ ਦਬਾਅ ਮਹਿਸੂਸ ਕਰਦਾ ਹੈ। ਉਸ ਨੂੰ ਡਰ ਰਹਿੰਦਾ ਹੈ ਕਿ ਜੇ ਉਹ ਪਿੱਛੇ ਰਹਿ ਗਿਆ ਤਾਂ ਲੋਕ ਕੀ ਕਹਿਣਗੇ? ਜੇ ਉਸ ਦੇ ਬੱਚੇ ਦੂਜਿਆਂ ਦੇ ਬੱਚਿਆਂ ਨਾਲੋਂ ਘੱਟ ਪ੍ਰਾਪਤੀਆਂ ਕਰਨਗੇ ਤਾਂ ਸਮਾਜ ਵਿੱਚ ਉਸ ਦੀ ਇੱਜ਼ਤ ਕਿਵੇਂ ਰਹੇਗੀ? ਇਹੀ ਸੋਚ ਮਨੁੱਖ ਨੂੰ ਆਪਣੀ ਸਮਰੱਥਾ ਅਨੁਸਾਰ ਜੀਣ ਦੀ ਥਾਂ ਦੂਜਿਆਂ ਵੱਲੋਂ ਤੈਅ ਕੀਤੇ ਮਾਪਦੰਡਾਂ ਅਨੁਸਾਰ ਜੀਣ ਲਈ ਮਜਬੂਰ ਕਰਦੀ ਹੈ। ਬੱਚਿਆਂ ਉੱਤੇ ਵੀ ਪੜ੍ਹਾਈ, ਨੰਬਰਾਂ ਅਤੇ ਭਵਿੱਖ ਦੀ ਕਾਮਯਾਬੀ ਦਾ ਬੇਲੋੜਾ ਦਬਾਅ ਪਾਇਆ ਜਾਂਦਾ ਹੈ। ਨੌਜਵਾਨਾਂ ਤੋਂ ਛੋਟੀ ਉਮਰ ਵਿੱਚ ਹੀ ਵੱਡੀਆਂ ਪ੍ਰਾਪਤੀਆਂ ਦੀ ਉਮੀਦ ਕੀਤੀ ਜਾਂਦੀ ਹੈ। ਇੱਥੇ ਇਹ ਨਹੀਂ ਸੋਚਿਆ ਜਾਂਦਾ ਕਿ ਜ਼ਿੰਦਗੀ ਕੋਈ ਦੌੜ ਨਹੀਂ, ਜਿਸ ਵਿੱਚ ਹਰ ਵਿਅਕਤੀ ਨੂੰ ਇੱਕੋ ਸਮੇਂ 'ਤੇ ਇੱਕੋ ਮੰਜ਼ਿਲ ਉੱਤੇ ਪਹੁੰਚਣਾ ਹੋਵੇ। ਹਰ ਮਨੁੱਖ ਦੀਆਂ ਸਥਿਤੀਆਂ, ਸਮਰੱਥਾਵਾਂ ਅਤੇ ਮੌਕੇ ਵੱਖਰੇ ਹੁੰਦੇ ਹਨ। ਕਿਸੇ ਨੂੰ ਸਫ਼ਲਤਾ ਜਲਦੀ ਮਿਲ ਸਕਦੀ ਹੈ, ਕਿਸੇ ਨੂੰ ਦੇਰ ਨਾਲ ,ਇਹ ਸਮਝਣ ਦੀ ਲੋੜ ਹੁੰਦੀ ਹੈ। ਅਸਫ਼ਲਤਾ ਜੀਵਨ ਦਾ ਅੰਤ ਨਹੀਂ, ਸਗੋਂ ਸਿੱਖਣ ਅਤੇ ਅੱਗੇ ਵਧਣ ਦਾ ਇੱਕ ਮੌਕਾ ਵੀ ਹੋ ਸਕਦੀ ਹੈ। ਜਦੋਂ ਅਸੀਂ ਆਪਣੀ ਕਦਰ ਨੂੰ ਸਿਰਫ਼ ਪ੍ਰਾਪਤੀਆਂ ਨਾਲ ਜੋੜ ਲੈਂਦੇ ਹਾਂ, ਤਾਂ ਹਰ ਛੋਟੀ ਰੁਕਾਵਟ ਵੀ ਸਾਡੇ ਮਨ ਉੱਤੇ ਭਾਰ ਬਣ ਜਾਂਦੀ ਹੈ।

ਇਹ ਵੀ ਸੱਚ ਹੈ ਕਿ ਹਰ ਮਨੁੱਖ ਦੀ ਜ਼ਿੰਦਗੀ ਵਿੱਚ ਤਣਾਓ ਦਾ ਕਾਰਨ ਸਿਰਫ਼ ਵਧਦੀਆਂ ਇੱਛਾਵਾਂ ਹੀ ਨਹੀਂ ਹੁੰਦੀਆਂ ਸਗੋਂ ਮਹਿੰਗਾਈ, ਬੇਰੁਜ਼ਗਾਰੀ, ਕਰਜ਼ੇ, ਰੁਜ਼ਗਾਰ ਦੀ ਅਨਿਸ਼ਚਿਤਤਾ, ਬੱਚਿਆਂ ਦੀ ਪੜ੍ਹਾਈ, ਬਜ਼ੁਰਗਾਂ ਦੀ ਦੇਖਭਾਲ ਅਤੇ ਸਿਹਤ ਦੇ ਖ਼ਰਚੇ ਵੀ ਮਨੁੱਖ ਦੀ ਮਾਨਸਿਕ ਸ਼ਾਂਤੀ ਨੂੰ ਪ੍ਰਭਾਵਿਤ ਕਰਦੇ ਹਨ। ਕਈ ਪਰਿਵਾਰਾਂ ਕੋਲ ਬਾਹਰੋਂ ਦੇਖਣ ਨੂੰ ਸਭ ਕੁਝ ਹੁੰਦਾ ਹੈ, ਪਰ ਉਨ੍ਹਾਂ ਦੀ ਆਰਥਿਕ ਸਥਿਤੀ ਕਰਜ਼ਿਆਂ ਜਾਂ ਲਗਾਤਾਰ ਵਧਦੇ ਖ਼ਰਚਿਆਂ ਕਰਕੇ ਤਣਾਓਪੂਰਨ ਹੋ ਜਾਂਦੀ ਹੈ। ਕਈ ਲੋਕ ਪਰਿਵਾਰ ਦੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਆਪਣੀਆਂ ਪਰੇਸ਼ਾਨੀਆਂ ਕਿਸੇ ਨਾਲ਼ ਸਾਂਝੀਆਂ ਨਹੀਂ ਕਰਦੇ। ਉਹ ਬਾਹਰੋਂ ਮਜ਼ਬੂਤ ਦਿਖਾਈ ਦਿੰਦੇ ਹਨ, ਪਰ ਅੰਦਰੋਂ ਚਿੰਤਾਵਾਂ ਨਾਲ ਜੂਝ ਰਹੇ ਹੁੰਦੇ ਹਨ। ਇਸ ਲਈ ਕਿਸੇ ਦੀਆਂ ਸੁੱਖ ਸਹੂਲਤਾਂ ਦੇਖ ਕੇ ਇਹ ਫ਼ੈਸਲਾ ਨਹੀਂ ਕੀਤਾ ਜਾ ਸਕਦਾ ਕਿ ਉਸ ਦੀ ਜ਼ਿੰਦਗੀ ਵਿੱਚ ਕੋਈ ਸਮੱਸਿਆ ਨਹੀਂ ਹੋਵੇਗੀ। ਮਾਨਸਿਕ ਤਣਾਓ ਇੱਕ ਉਹ ਅਨੁਭਵ ਹੈ ਜਿਸ ਦੇ ਪਿੱਛੇ ਕਈ ਸਮਾਜਿਕ, ਆਰਥਿਕ, ਪਰਿਵਾਰਕ ਅਤੇ ਨਿੱਜੀ ਕਾਰਨ ਹੋ ਸਕਦੇ ਹਨ।

ਇਸ ਸਾਰੇ ਵਰਤਾਰੇ ਦਾ ਇੱਕ ਮਹੱਤਵਪੂਰਨ ਕਾਰਨ ਇਹ ਵੀ ਹੈ ਕਿ ਮਨੁੱਖ ਦੂਜਿਆਂ ਨੂੰ ਸਮਾਂ ਦੇਣ ਦੇ ਨਾਲ ਆਪਣੇ ਆਪ ਨੂੰ ਸਮਾਂ ਦੇਣਾ ਭੁੱਲ ਗਿਆ ਹੈ। ਉਸ ਨੂੰ ਇਹ ਤਾਂ ਪਤਾ ਹੈ ਕਿ ਦੁਨੀਆਂ ਵਿੱਚ ਕੀ ਹੋ ਰਿਹਾ ਹੈ, ਪਰ ਕਈ ਵਾਰ ਇਹ ਪਤਾ ਨਹੀਂ ਹੁੰਦਾ ਕਿ ਉਸ ਦੇ ਆਪਣੇ ਮਨ ਵਿੱਚ ਕੀ ਚੱਲ ਰਿਹਾ ਹੈ। ਉਹ ਆਪਣੀ ਥਕਾਵਟ ਨੂੰ ਅਣਡਿੱਠਾ ਕਰਦਾ ਹੈ, ਆਪਣੀਆਂ ਭਾਵਨਾਵਾਂ ਨੂੰ ਦਬਾਉਂਦਾ ਹੈ ਅਤੇ ਆਪਣੀਆਂ ਪਰੇਸ਼ਾਨੀਆਂ ਨੂੰ ਇਹ ਸੋਚ ਕੇ ਲੁਕਾਉਂਦਾ ਹੈ ਕਿ ਲੋਕ ਉਸ ਨੂੰ ਕਮਜ਼ੋਰ ਸਮਝਣਗੇ। ਉਹ ਹਰ ਕਿਸੇ ਸਾਹਮਣੇ ਚੰਗਾ ਦਿਖਣ ਦੀ ਕੋਸ਼ਿਸ਼ ਕਰਦਾ ਹੈ, ਪਰ ਆਪਣੇ ਅੰਦਰਲੇ ਦੁੱਖ ਨੂੰ ਸਮਝਣ ਲਈ ਨਹੀਂ ਰੁਕਦਾ। ਮਾਨਸਿਕ ਸ਼ਾਂਤੀ ਲਈ ਆਪਣੇ ਆਪ ਨਾਲ ਜੁੜਨਾ ਵੀ ਜ਼ਰੂਰੀ ਹੈ। ਕੁਝ ਸਮਾਂ ਇਕਾਂਤ ਵਿੱਚ ਬਿਤਾਉਣਾ, ਕੁਦਰਤ ਦੇ ਨੇੜੇ ਰਹਿਣਾ, ਸੈਰ ਕਰਨਾ, ਕਿਤਾਬਾਂ ਪੜ੍ਹਨਾ, ਸੰਗੀਤ ਸੁਣਨਾ, ਆਪਣੇ ਸ਼ੌਕ ਪੂਰੇ ਕਰਨਾ ਜਾਂ ਕਿਸੇ ਭਰੋਸੇਮੰਦ ਵਿਅਕਤੀ ਨਾਲ ਦਿਲ ਦੀ ਗੱਲ ਸਾਂਝੀ ਕਰਨਾ ਮਨ ਨੂੰ ਹਲਕਾ ਕਰਨ ਵਿੱਚ ਮਦਦ ਕਰ ਸਕਦਾ ਹੈ। ਹਰ ਸਮੱਸਿਆ ਦਾ ਹੱਲ ਤੁਰੰਤ ਲੱਭਣਾ ਜ਼ਰੂਰੀ ਨਹੀਂ ਹੁੰਦਾ ਕਈ ਵਾਰ ਸਮੱਸਿਆ ਨੂੰ ਸਮਝਣ ਅਤੇ ਆਪਣੇ ਆ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 4 ਸਤੰਬਰ, 2026 ਤੋਂ ਆਰੰਭ ਹੋ ਚੁੱਕੀ ਹੈ ਜੋ ਕਿ 1 ਨਵੰਬਰ, 2026 ਨੂੰ ਨਗਰ ਕੀਰਤਨ ਨਾਲ ਸਮਾਪਤ ਹੋਵੇਗੀ।

ਪਹੁੰਚ ਰਹੇ ਜੱਥੇ ਅਤੇ ਪ੍ਰਚਾਰਕ

ਕੀਰਤਨੀ ਜਥੇ
- ਭਾਈ ਕਮਲਜੀਤ ਸਿੰਘ ਜੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
- ਭਾਈ ਮਨਿੰਦਰ ਸਿੰਘ ਜੀ, ਸ੍ਰੀ ਨਗਰ ਵਾਲੇ

ਕਥਾ ਵਾਚਕ
- ਭਾਈ ਗੁਰਦੀਪ ਸਿੰਘ ਕਪੂਰਥਲੇ ਵਾਲੇ

ਢਾਡੀ
- ਭਾਈ ਸੁਖਵਿੰਦਰ ਸਿੰਘ ਅਨਮੋਲ ਜੀ ਅਤੇ ਜਥਾ

ਵਿਸ਼ੇਸ਼ ਕੀਰਤਨ ਸਮਾਗਮ

19 ਅਕਤੂਬਰ, 2026 ਦਿਨ ਸੋਮਵਾਰ ਤੋਂ ਰੋਜ਼ਾਨਾ ਸ਼ਾਮ ਦੇ 06:00 ਵਜੇ ਤੋਂ ਰਾਤ 10:00 ਵਜੇ ਤੱਕ
ਕੀਰਤਨ ਦੀਵਾਨ ਆਰੰਭ ਹੋਣਗੇ ਜੀ।

ਇਸਤੋਂ ਇਲਾਵਾ ਹੋਰ ਕਈ ਉੱਚ ਕੋਟੀ ਦੇ ਰਾਗੀ ਅਤੇ ਢਾਡੀ ਅਤੇ ਕੀਰਤਨੀ ਜੱਥੇ ਸੰਗਤਾਂ ਨੂੰ ਰਸਭਿੰਨੇ ਕੀਰਤਨ ਤੇ ਕਥਾ ਵਿਚਾਰਾਂ ਨਾਲ ਗੁਰੂ ਦੀਆਂ ਸੰਗਤਾਂ ਨੂੰ ਨਿਹਾਲ ਕਰਨਗੇ |

ਬੱਚਿਆਂ ਦਾ ਵਿਸ ਕੀਰਤਨ ਦਰਬਾਰ
ਅਕਤੂਬਰ 10, 2026 ਦਿਨ ਸ਼ਨੀਵਾਰ
ਬੱਚਿਆਂ ਦਾ
ਵਿਸ਼ੇਸ਼ ਕੀਰਤਨ ਦਰਬਾਰ
ਸ਼ਾਮ 6:30 ਵਜੇ ਤੋਂ ਰਾਤ 09:30 ਹੋਵੇਗਾ ਜੀ

ਵਿਸ਼ੇਸ਼ ਢਾਡੀ ਦਰਬਾਰ ਅਤੇ ਸ਼ਹੀਦੀ ਦਿਵਸ
24 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਸ਼ਾਮ 6:30 ਵਜੇ ਤੋਂ 10:00 ਵਜੇ ਤੱਕ
ਸਮੂਹ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਵਿਸ਼ੇਸ਼
ਢਾਡੀ ਦੀਵਾਨ ਸੱਜਣਗੇ ਜੀ

ਰੈਣ ਸਬਾਈ ਕੀਰਤਨ
31 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਰੈਣ ਸਬਾਈ ਕੀਰਤਨ ਸ਼ਾਮ 6:00 ਵਜੇ ਤੋਂ
ਰਾਤ 1:00 ਤੱਕ ਹੋਵੇਗਾ ਜਿਸ ਵਿੱਚ ਪ੍ਰਸਿੱਧ ਰਾਗੀ ਜਥੇ
ਸੰਗਤਾਂ ਨੂੰ ਰੂਹਦਾਰੀ ਕੀਰਤਨ ਨਾਲ ਨਿਹਾਲ ਕਰਨਗੇ

ਆਤਿਸ਼ਬਾਜ਼ੀ
30 ਅਕਤੂਬਰ, 2026
ਦਿਨ ਸ਼ੁੱਕਰਵਾਰ ਨੂੰ ਰਾਤ 8:00 ਵਜੇ
ਆਤਿਸ਼ਬਾਜ਼ੀ ਹੋਵੇਗੀ ਜੀ |

ਭਾਈ ਮਹਿਤਾਬ ਸਿੰਘ ਜੀ ਦਾ ਜਰੀਕਲੀ ਜਥਾ
12 ਅਕਤੂਬਰ, ਐਤਵਾਰ ਤੋਂ 17 ਅਕਤੂਬਰ, ਸ਼ਨੀਵਾਰ ਤੱਕ
ਸਮਾਂ: ਸ਼ਾਮ 8 ਵਜੇ ਤੋਂ 9:30 ਵਜੇ ਤੱਕ
)) 18 ਅਕਤੂਬਰ, ਐਤਵਾਰ ((
ਸਮਾਂ: 12 ਵਜੇ ਤੋਂ 1:30 ਵਜੇ ਤੱਕ

ਦਸਤਾਰ ਮੁਕਾਬਲੇ
31 ਅਕਤੂਬਰ, ਸ਼ਨੀਵਾਰ
ਸਵੇਰੇ 11 ਵਜੇ

ਅੰਮ੍ਰਿਤ ਸੰਚਾਰ
31 ਅਕਤੂਬਰ, 2026 ਨੂੰ ਦਿਨ ਸ਼ਨੀਵਾਰ
ਸਵੇਰੇ 5:00 ਵਜੇ
ਅੰਮ੍ਰਿਤ ਸੰਚਾਰ ਹੋਵੇਗਾ ਜੀ |

ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ
31 ਅਕਤੂਬਰ, 2026 ਦਿਨ ਸ਼ਨੀਵਾਰ
ਸਵੇਰੇ 8:00 ਵਜੇ ਨਿਸ਼ਾਨ ਸਾਹਿਬ ਜੀ ਦੇ
ਚੋਲੇ ਦੀ ਸੇਵਾ ਹੋਵੇਗੀ ਜੀ |

ਸੈਮੀਨਾਰ
31 ਅਕਤੂਬਰ, ਸ਼ਨੀਵਾਰ
ਸਮਾਂ: 2 ਵਜੇ ਤੋਂ 4 ਵਜੇ ਤੱਕ

ਭੋਗ ਅਤੇ ਕੀਰਤਨ ਸਮਾਗਮ
1 ਨਵੰਬਰ, 2026 ਦਿਨ ਐਤਵਾਰ ਨੂੰ
ਸਵੇਰੇ 7:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ
ਪਾਏ ਜਾਣਗੇ ਜੀ ਅਤੇ ਉਪਰੰਤ ਕੀਰਤਨ ਸਮਾਗਮ ਅਰੰਭ ਹੋਵੇਗਾ ਜੀ |

ਨਗਰ ਕੀਰਤਨ
1 ਨਵੰਬਰ, 2026 ਦਿਨ ਐਤਵਾਰ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਵੇਰੇ 9:00 ਵਜੇ ਸ਼ੁਰੂ ਹੋ ਕੇ ਸ਼ਾਮ 4:00 ਵਜੇ ਗੁਰਦੁਆਰਾ ਸਾਹਿਬ ਪਹੁੰਚੇਗਾ | ਉਪਰੰਤ ਸਮਾਪਤੀ ਦੀ ਅਰਦਾਸ ਹੋਵੇਗੀ ਜੀ |

ਜ਼ਰੂਰੀ ਬੇਨਤੀ ਸਮੂਹ ਨਾਨਕ ਨਾਮ ਲੇਵਾ ਸੰਗਤ ਨੂੰ ਬੇਨਤੀ ਹੈ ਕਿ ਆਪਣੇ ਪਰਿਵਾਰਾਂ ਸਮੇਤ ਆ ਕੇ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ |

ਨਗਰ ਕੀਰਤਨ ਦਾ ਰੂਟ ਪਿਛਲੇ ਸਾਲ ਵਾਲਾ ਹੀ ਹੋਵੇਗਾ, ਗੱਡੀਆਂ ਦੀ ਪਾਰਕਿੰਗ ਸਿਰਫ਼ ਨੀਯਤ ਜਗ੍ਹਾ 'ਤੇ ਹੀ ਕੀਤੀ ਜਾਵੇਗੀ ਜੀ, ਰਿਵਰ ਵੈਲੀ ਹਾਈ ਸਕੂਲ ਤੋਂ ਗੁਰੂ ਘਰ ਲਈ ਸਵੇਰੇ 8 :00 ਵਜੇ ਤੋਂ ਸ਼ਾਮ 6:30 ਤੱਕ ਫ਼ਰੀ ਬੱਸਾਂ ਦਾ ਪ੍ਰਬੰਧ ਹੋਵੇਗਾ ਅਤੇ ਸਕਿਉਰਿਟੀ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਹੈ ਜੀ ਅਤੇ ਦੁਕਾਨਾਂ ਦਾ ਬਜ਼ਾਰ ਪਿਛਲੇ ਸਾਲ ਵਾਲੀ ਜਗ੍ਹਾ ਤੇ ਹੀ ਹੋਵੇਗਾ ਜੀ |

ਬੇਨਤੀ ਕਰਤਾ : ਗੁਰੂ ਘਰ ਦੇ ਦਾਸ ਸਮੂਹ ਪ੍ਰਬੰਧਕ ਕਮੇਟੀ : ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਭਾਈ ਰਣਜੀਤ ਸਿੰਘ ਜੀ (ਹੈੱਡ ਗ੍ਰੰਥੀ ਯੂਬਾ ਸਿਟੀ) (530) 673-9918, (530) 799-6989
ਚੇਅਰਮੈਨ ਸ: ਦਿਲਬਾਗ ਸਿੰਘ ਜੀ ਬੈਂਸ (530) 682-9316, ਪ੍ਰਧਾਨ ਸ: ਸਰਬਜੀਤ ਸਿੰਘ ਜੀ ਬਿਆੜਾ (530) 682-5861
ਸੈਕਟਰੀ ਸ: ਤੇਜਿੰਦਰ ਸਿੰਘ ਜੀ ਦੋਸਾਂਝ (530) 751-6322, ਖਜਾਨਚੀ ਸ : ਹਰਨੇਕ ਸਿੰਘ ਜੀ (530) 682-8094

ਭਾਰਤ ਹੁਣ ਯੂਰਪ ਨੂੰ ਰੱਖਿਆ ਸਮੱਗਰੀ ਨਿਰਯਾਤ ਕਰਨ ਵਾਲਾ ਤੀਜਾ ਸਭ ਤੋਂ ਵੱਡਾ ਦੇਸ਼

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਭਾਰਤ ਯੂਰਪ ਨੂੰ ਹਥਿਆਰ ਨਿਰਯਾਤ ਕਰਨ ਵਾਲਾ ਤੀਜਾ ਸਭ ਤੋਂ ਵੱਡਾ ਦੇਸ਼ ਬਣ ਕੇ ਉੱਭਰਿਆ ਹੈ। ਇਸ ਦਾ ਮੁੱਖ ਕਾਰਨ 'ਰੀਆਰਮ ਯੂਰਪ' (ਯੂਰਪ ਨੂੰ ਮੁੜ ਹਥਿਆਰਬੰਦ ਕਰਨ) ਪਹਿਲਕਦਮੀ ਤਹਿਤ ਰੱਖਿਆ ਸਮੱਗਰੀ ਦੀ ਵਧਦੀ ਮੰਗ ਅਤੇ ਦੇਸ਼ ਦੇ ਅੰਦਰ ਫੈਲ ਰਿਹਾ ਨਿਰਮਾਣ ਖੇਤਰ ਹੈ। ਰਾਜੇਸ਼ ਕੁਮਾਰ ਸਿੰਘ ਨੇ ਪੱਤਰਕਾਰਾਂ ਨੂੰ ਕਿਹਾ, "ਸਾਡਾ ਨਿਰਯਾਤ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ 38,424 ਕਰੋੜ ਰੁਪਏ (ਲਗਭਗ 3.6 ਬਿਲੀਅਨ ਯੂਰੋ) 'ਤੇ ਪਹੁੰਚ ਗਿਆ ਹੈ। ਮੈਂ ਕੱਲ੍ਹ ਬਲੂਮਬਰਗ ਦੀ ਇੱਕ ਰਿਪੋਰਟ ਪੜ੍ਹੀ, ਜਿਸ ਵਿੱਚ ਦੱਸਿਆ ਗਿਆ ਸੀ ਕਿ ਪਿਛਲੇ ਇੱਕ ਸਾਲ ਦੌਰਾਨ ਭਾਰਤ ਯੂਰਪ ਨੂੰ ਹਥਿਆਰ ਨਿਰਯਾਤ ਕਰਨ ਵਾਲਾ ਤੀਜਾ ਸਭ ਤੋਂ ਵੱਡਾ ਦੇਸ਼ ਬਣ ਗਿਆ ਹੈ, ਜਿਸਦਾ ਮੁੱਖ ਕਾਰਨ 'ਰੀਆਰਮ ਯੂਰਪ' ਪਹਿਲਕਦਮੀ ਹੈ। ਨਤੀਜੇ ਵਜੋਂ, ਵੱਖ-ਵੱਖ ਕਿਸਮਾਂ ਦੇ ਮਿਆਰੀ ਗੋਲਾ-ਬਾਰੂਦ, ਤੋਪਖਾਨੇ ਦੇ ਗੋਲੇ, ਅਤੇ ਵੱਡੇ ਤੇ ਛੋਟੇ ਕੈਲੀਬਰ (ਆਕਾਰ) ਦੇ ਗੋਲਾ-ਬਾਰੂਦ ਵੱਡੀ ਮਾਤਰਾ ਵਿੱਚ ਯੂਰਪ ਨੂੰ ਭੇਜੇ ਜਾਣ ਲੱਗੇ ਹਨ।"ਉਨ੍ਹਾਂ ਦੱਸਿਆ ਕਿ ਪਿਛਲੇ 10 ਸਾਲਾਂ ਵਿੱਚ ਭਾਰਤ ਦੇ ਰੱਖਿਆ ਨਿਰਮਾਣ ਈਕੋਸਿਸਟਮ (ਢਾਂਚੇ) ਵਿੱਚ ਬਹੁਤ ਜ਼ਿਆਦਾ ਵਾਧਾ ਹੋਇਆ ਹੈ। ਇੱਥੇ 16 ਵੱਡੀਆਂ ਜਨਤਕ ਖੇਤਰ ਦੀਆਂ ਕੰਪਨੀਆਂ ਤੋਂ ਇਲਾਵਾ, ਲਗਭਗ 840 ਵੱਡੀਆਂ ਅਤੇ ਦਰਮਿਆਨੇ ਆਕਾਰ ਦੀਆਂ ਨਿੱਜੀ ਖੇਤਰ ਦੀਆਂ ਕੰਪਨੀਆਂ ਅਤੇ ਲਗਭਗ 17,000 ਛੋਟੇ ਉੱਦਮ (ਜਿਨ੍ਹਾਂ ਵਿੱਚ ਸਟਾਰਟਅੱਪ ਵੀ ਸ਼ਾਮਲ ਹਨ) ਮੌਜੂਦ ਹਨ। ਉਨ੍ਹਾਂ ਅੱਗੇ ਕਿਹਾ, "ਇਸ ਵਿਭਿੰਨ ਉਦਯੋਗਿਕ ਅਧਾਰ ਦਾ ਨਤੀਜਾ ਘਰੇਲੂ ਵਿਕਰੀ ਦੇ ਮੁੱਲ ਵਿੱਚ ਦਿਖਾਈ ਦੇ ਰਿਹਾ ਹੈ, ਜੋ ਹੁਣ ਲਗਭਗ 17 ਬਿਲੀਅਨ ਯੂਰੋ ਤੱਕ ਪਹੁੰਚ ਗਿਆ ਹੈ।"ਰੱਖਿਆ ਸਕੱਤਰ ਨੇ ਅੱਗੇ ਦੱਸਿਆ ਕਿ ਭਾਰਤ ਹੁਣ 80 ਤੋਂ ਵੱਧ ਦੇਸ਼ਾਂ ਨੂੰ ਰੱਖਿਆ ਸਮੱਗਰੀ ਨਿਰਯਾਤ ਕਰਦਾ ਹੈ। ਇਸ ਤੋਂ ਇਲਾਵਾ, ਸਰਕਾਰ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੀ ਹੈ ਕਿ ਹਰ ਸਾਲ ਰੱਖਿਆ ਖੇਤਰ ਵਿੱਚ ਹੋਣ ਵਾਲੇ ਲਗਭਗ 20 ਤੋਂ 25 ਬਿਲੀਅਨ ਡਾਲਰ ਦੇ ਪੂੰਜੀਗਤ ਖਰਚੇ ਦਾ 75 ਫੀਸਦੀ ਹਿੱਸਾ ਦੇਸ਼ ਦੇ ਅੰਦਰ ਹੀ ਖਰਚ ਹੋਵੇ। ਇਸ ਲਈ 'ਧਧੰ' (ਭਾਰਤ ਵਿੱਚ ਡਿਜ਼ਾਈਨ, ਵਿਕਸਤ ਅਤੇ ਨਿਰਮਿਤ) ਉਤਪਾਦਾਂ ਨੂੰ ਤਰਜੀਹ ਦਿੱਤੀ ਜਾਂਦੀ ਹੈ, ਤਾਂ ਜੋ ਤਕਨੀਕੀ ਖੁਦਮੁਖਤਿਆਰੀ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਭਾਰਤ ਦੇ ਰੱਖਿਆ ਨਿਰਯਾਤ ਵਿੱਚ ਸਿਰਫ਼ ਭਾਰੀ ਤੋਪਖਾਨਾ ਅਤੇ ਗੋਲਾ-ਬਾਰੂਦ ਹੀ ਨਹੀਂ, ਸਗੋਂ ਹੈਲਮੇਟ ਅਤੇ ਬੁਲੇ ਇਨ੍ਹਾਂ ਵਿੱਚ ਵੱਖ-ਵੱਖ ਕਿਸਮਾਂ ਦੇ ਰੱਖਿਆ ਉਪਕਰਣ, ਕਈ ਤਰ੍ਹਾਂ ਦੇ ਛੋਟੇ ਹਥਿਆਰ ਅਤੇ ਤੋਪਖਾਨਾ ਪ੍ਰਣਾਲੀਆਂ ਸ਼ਾਮਲ ਹਨ। ਰੱਖਿਆ ਸਕੱਤਰ ਨੇ ਕਿਹਾ ਕਿ ਪਹਿਲਾਂ ਭਾਰਤ ਆਪਣੇ ਸਭ ਤੋਂ ਵੱਡੇ ਰੱਖਿਆ ਸਪਲਾਇਰ ਵਜੋਂ ਰੂਸ 'ਤੇ ਨਿਰਭਰ ਸੀ।



ਉਨ੍ਹਾਂ ਕਿਹਾ, "ਸਾਡੇ ਕੋਲ ਅਜੇ ਵੀ ਬਹੁਤ ਸਾਰੇ ਅਜਿਹੇ ਉਪਕਰਣ ਹਨ ਜੋ ਰੂਸ ਤੋਂ ਆਏ ਹਨ, ਪਰ ਸਮੇਂ ਦੇ ਨਾਲ ਇਹ ਨਿਰਭਰਤਾ ਘੱਟ ਗਈ ਹੈ ਅਤੇ ਅਸੀਂ ਆਪਣੇ ਸਰੋਤਾਂ ਵਿੱਚ ਵਿਭਿੰਨਤਾ ਲਿਆਂਦੀ ਹੈ; ਸਾਡੇ ਕੁਝ ਯੂਰਪੀ ਦੇਸ਼ਾਂ, ਖਾਸ ਕਰਕੇ ਫਰਾਂਸ, ਨਾਲ ਕਾਫ਼ੀ ਮਜ਼ਬੂਤ ਦੁਵੱਲੇ ਸਬੰਧ ਹਨ। ਇਸ ਤੋਂ ਇਲਾਵਾ, ਕਈ ਹੋਰ ਦੇਸ਼ਾਂ ਨਾਲ ਵੀ ਸਾਡੇ ਚੰਗੇ ਸਬੰਧ ਹਨ।"ਰਾਜੇਸ਼ ਕੁਮਾਰ ਸਿੰਘ ਨੇ ਅੱਗੇ ਦੱਸਿਆ ਕਿ ਰੂਸ ਤੋਂ ਬਾਅਦ, ਰੱਖਿਆ ਦਰਾਮਦ ਵਿੱਚ ਫਰਾਂਸ ਦਾ ਹਿੱਸਾ ਸਭ ਤੋਂ ਵੱਧ (ਲਗਭਗ 15 ਫੀਸਦੀ) ਹੈ, ਅਤੇ ਇਜ਼ਰਾਈਲ ਦਾ ਹਿੱਸਾ ਵੀ ਇਸ ਦੇ ਬਰਾਬਰ ਹੀ ਹੈ। ਉਨ੍ਹਾਂ ਕਿਹਾ, "ਮੈਂ ਹਾਲ ਹੀ ਵਿੱਚ ਗ੍ਰੀਸ ਅਤੇ ਸਾਈਪ੍ਰਸ ਦਾ ਦੌਰਾ ਕੀਤਾ ਹੈ; ਇਹ ਉਹ ਦੇਸ਼ ਹਨ ਜਿਨ੍ਹਾਂ ਨਾਲ ਸਾਡੀ ਰਣਨੀਤਕ ਸਾਂਝ ਕਾਫ਼ੀ ਮਜ਼ਬੂਤ ਹੈ। ਇਹ ਸਾਡੇ ਨਵੇਂ ਭਾਈਵਾਲ ਹਨ ਅਤੇ ਸਾਡੇ ਲਈ ਇੱਕ ਪ੍ਰਵੇਸ਼ ਦੁਆਰ ਵਜੋਂ ਵੀ ਕੰਮ ਕਰਦੇ ਹਨ।"ਰੱਖਿਆ ਵਿਭਾਗ ਦੇ ਉੱਚ ਅਧਿਕਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਰੋਤਾਂ ਵਿੱਚ ਇਸ ਵਿਭਿੰਨਤਾ ਕਾਰਨ ਭਾਰਤ ਅੰਤਰਰਾਸ਼ਟਰੀ ਮੰਗਾਂ ਨੂੰ ਪੂਰਾ ਕਰਨ ਲਈ ਆਪਣੇ ਉਤਪਾਦਨ ਨੂੰ ਤੇਜ਼ੀ ਨਾਲ ਵਧਾ ਸਕਦਾ ਹੈ। "ਭਾਰਤ ਯੂਰਪ ਦੇ ਹਥਿਆਰ ਖਰੀਦ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣਾ ਚਾਹੁੰਦਾ ਹੈ। ਇਹ ਸਿੱਧੇ ਤੌਰ 'ਤੇ ਨਹੀਂ, ਸਗੋਂ ਯੂਰਪ ਵਿੱਚ ਸਾਂਝੇ ਉੱਦਮ ਸਥਾਪਤ ਕਰਕੇ ਕੀਤਾ ਜਾਵੇਗਾ। ਇਸੇ ਤਰ੍ਹਾਂ, ਯੂਰਪੀ ਭਾਈਵਾਲ ਵੀ ਭਾਰਤ ਵਿੱਚ ਸਾਂਝੇ ਉੱਦਮ ਲਗਾ ਸਕਦੇ ਹਨ ਤਾਂ ਜੋ ਉਹ ਸਾਡੇ ਰੱਖਿਆ ਬਾਜ਼ਾਰ ਤੱਕ ਪਹੁੰਚ ਸਕਣ, ਅਤੇ ਅਸੀਂ ਯੂਰਪ ਵਿੱਚ ਸਾਂਝੇ ਉੱਦਮ ਸਥਾਪਤ ਕਰ ਸਕਦੇ ਹਾਂ ਤਾਂ ਜੋ ਉੱਥੋਂ ਦੇ ਸਰਕਾਰੀ ਪ੍ਰੋਗਰਾਮਾਂ ਵਿੱਚ ਸ਼ਾਮਲ ਹੋ ਸਕੀਏ।"ਉਨ੍ਹਾਂ ਅੱਗੇ ਕਿਹਾ ਕਿ ਯੂਰਪੀ ਦੇਸ਼ ਵੀ ਭਾਰਤ ਦੇ ਹਥਿਆਰ ਖਰੀਦ ਪ੍ਰੋਗਰਾਮ ਵਿੱਚ ਹਿੱਸਾ ਲੈ ਸਕਦੇ ਹਨ, ਪਰ ਉਨ੍ਹਾਂ ਨੂੰ ਭਾਰਤ ਸਰਕਾਰ ਦੀਆਂ 'ਮੇਕ ਇਨ ਇੰਡੀਆ' ਸ਼ਰਤਾਂ ਨੂੰ ਪੂਰਾ ਕਰਨਾ ਪਵੇਗਾ। ਉਨ੍ਹਾਂ ਕਿਹਾ, "ਮੈਨੂੰ ਉਮੀਦ ਹੈ ਕਿ ਇਹ ਭਾਈਵਾਲੀ ਸਮਝੌਤਾ ਅਜਿਹੀ ਸਥਿਤੀ ਦਾ ਆਧਾਰ ਬਣੇਗਾ ਜਿੱਥੇ ਯੂਰਪੀ ਅਤੇ ਭਾਰਤੀ ਰੱਖਿਆ ਨਿਰਮਾਤਾਵਾਂ ਵਿਚਕਾਰ ਸਪਲਾਈ ਲੜੀ ਹੋਰ ਵੀ ਡੂੰਘਾਈ ਨਾਲ ਜੁੜ ਜਾਵੇਗੀ; ਅਸੀਂ ਇਸੇ ਦਿਸ਼ਾ ਵਿੱਚ ਕੰਮ ਕਰਨ ਦਾ ਇਰਾਦਾ ਰੱਖਦੇ ਹਾਂ।"

ਪੁਣੇ ਵਿੱਚ ਭਾਰਤ ਅਤੇ ਇਥੋਪੀਆ ਦੀਆਂ ਫੌਜਾਂ ਵਿਚਕਾਰ ਪਹਿਲੀ ਵਾਰ ਸਟਾਫ਼ ਵਾਰਤਾ ਹੋਈ

ਪੁਣੇ
ਸਾਂਝੀ ਸੋਚ ਬਿਊਰੋ

ਭਾਰਤੀ ਫੌਜ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਭਾਰਤ ਅਤੇ ਇਥੋਪੀਆ ਦੀਆਂ ਫੌਜਾਂ ਵਿਚਕਾਰ ਪਹਿਲੀ ਵਾਰ ਹੋਈ ਸਟਾਫ ਵਾਰਤਾ ਪੁਣੇ ਵਿੱਚ ਸੰਪੰਨ ਹੋ ਗਈ ਹੈ। ਇਹ ਦੁਵੱਲੇ ਫੌਜੀ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪੜਾਅ ਹੈ। ਭਾਰਤੀ ਫੌਜ ਦੇ 'ਐਡੀਸ਼ਨਲ ਡਾਇਰੈਕਟੋਰੇਟ ਜਨਰਲ ਆਫ਼ ਪਬਲਿਕ ਇਨਫਰਮੇਸ਼ਨ' ਨੇ 'ਐਕਸ' 'ਤੇ ਪੋਸਟ ਕੀਤਾ, "ਭਾਰਤੀ ਫੌਜ ਅਤੇ ਇਥੋਪੀਆਈ ਫੌਜ ਵਿਚਕਾਰ ਪਹਿਲੀ ਸਟਾਫ ਵਾਰਤਾ ਪੁਣੇ ਵਿੱਚ ਸੰਪੰਨ ਹੋਈ, ਜੋ ਦੁਵੱਲੇ ਫੌਜੀ ਸਹਿਯੋਗ ਨੂੰ ਮਜ਼ਬੂਤ ਕਰਨ ਵਿੱਚ ਇੱਕ ਅਹਿਮ ਮੀਲ ਪੱਥਰ ਹੈ। ਇਸ ਗੱਲਬਾਤ ਵਿੱਚ ਪੇਸ਼ੇਵਰ ਤਾਲਮੇਲ ਵਧਾਉਣ, ਸਮਰੱਥਾ ਨਿਰਮਾਣ, ਰੱਖਿਆ ਤਕਨਾਲੋਜੀ, ਨਵੀਨਤਾ ਅਤੇ ਸਹਿਯੋਗ ਦੇ ਨਵੇਂ ਰਾਹ ਲੱਭਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ।"

ਇਸ ਵਿੱਚ ਅੱਗੇ ਕਿਹਾ ਗਿਆ, "ਇਥੋਪੀਆਈ ਫੌਜ ਦੇ ਵਫ਼ਦ ਨੇ ਭਾਰਤੀ ਰੱਖਿਆ ਉਦਯੋਗਾਂ ਦਾ ਦੌਰਾ ਵੀ ਕੀਤਾ। ਉਨ੍ਹਾਂ ਨੇ ਦੇਸ਼ ਦੀ ਸਵਦੇਸ਼ੀ ਰੱਖਿਆ ਨਿਰਮਾਣ ਸਮਰੱਥਾਵਾਂ ਅਤੇ ਵਧ ਰਹੇ ਸਟਾਰਟ-ਅੱਪ ਈਕੋਸਿਸਟਮ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਜੋ 'ਆਤਮਨਿਰਭਰ ਭਾਰਤ' ਤਹਿਤ ਹੋਈ ਤਰੱਕੀ ਨੂੰ ਦਰਸਾਉਂਦਾ ਹੈ। ਇਸ ਮੁਲਾਕਾਤ ਨੇ ਦੋਵਾਂ ਫੌਜਾਂ ਦੀ ਉਸ ਸਾਂਝੀ ਵਚਨਬੱਧਤਾ ਨੂੰ ਮੁੜ ਦੁਹਰਾਇਆ, ਜਿਸਦਾ ਉਦੇਸ਼ ਫੌਜੀ ਸਹਿਯੋਗ ਨੂੰ ਡੂੰਘਾ ਕਰਨਾ ਅਤੇ ਦੋਸਤੀ ਦੇ ਸਥਾਈ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ।"

ਪਿਛਲੇ ਮਹੀਨੇ, ਰੱਖਿਆ ਮੰਤਰਾਲੇ ਦੇ ਸੰਯੁਕਤ ਸਕੱਤਰ ਸੰਜੇ ਕੁਮਾਰ ਅਤੇ ਇਥੋਪੀਆ ਦੇ ਰੱਖਿਆ ਵਿਦੇਸ਼ ਸਬੰਧਾਂ ਅਤੇ ਫੌਜੀ ਸਹਿਯੋਗ ਦੇ ਡਾਇਰੈਕਟਰ ਜਨਰਲ, ਮੇਜਰ ਜਨਰਲ ਟੇਸ਼ੋਮੇ ਗੇਮੇਚੂ ਨੇ ਅਦੀਸ ਅਬਾਬਾ ਵਿੱਚ 'ਭਾਰਤ-ਇਥੋਪੀਆ ਸੰਯੁਕਤ ਰੱਖਿਆ ਸਹਿਯੋਗ ਮੀਟਿੰਗ' ਦੀ ਸਾਂਝੀ ਪ੍ਰਧਾਨਗੀ ਕੀਤੀ ਸੀ। ਮੀਟਿੰਗ ਦੌਰਾਨ, ਦੋਵਾਂ ਦੇਸ਼ਾਂ ਦੇ ਅਧਿਕਾਰੀਆਂ ਨੇ ਫੌਜੀ ਸਿਖਲਾਈ, ਫੌਜੀ ਅਭਿਆਸਾਂ, ਡਾਕਟਰੀ ਸਹਿਯੋਗ, ਸ਼ਾਂਤੀ ਸਥਾਪਨਾ ਅਤੇ ਰੱਖਿਆ ਉਦਯੋਗਾਂ ਵਰਗੇ ਆਪਸੀ ਹਿੱਤਾਂ ਦੇ ਖੇਤਰਾਂ 'ਤੇ ਚਰਚਾ ਕੀਤੀ। ਰੱਖਿਆ ਮੰਤਰਾਲੇ ਵੱਲੋਂ ਜਾਰੀ ਇੱਕ ਬਿਆਨ ਅਨੁਸਾਰ, ਦੋਵਾਂ ਧਿਰਾਂ ਨੇ ਰੱਖਿਆ ਸਹਿਯੋਗ ਗਤੀਵਿਧੀਆਂ ਨੂੰ ਵਧਾਉਣ ਅਤੇ ਡੂੰਘਾ ਕਰਨ 'ਤੇ ਸਹਿਮਤੀ ਪ੍ਰਗਟਾਈ। ਇਸ ਵਿੱਚ ਸਿਖਲਾਈ ਸੰਸਥਾਵਾਂ ਦੇ ਕਰਮਚਾਰੀਆਂ ਦਾ ਆਦਾਨ-ਪ੍ਰਦਾਨ, ਰੱਖਿਆ ਉਤਪਾਦਨ ਵਿੱਚ ਸਾਂਝੇ ਉੱਦਮਾਂ ਲਈ ਮੌਕੇ ਤਲਾਸ਼ਣਾ, ਵਫ਼ਦਾਂ ਦੇ ਦੌਰੇ ਅਤੇ ਤਜ਼ਰਬੇ ਸਾਂਝੇ ਕਰਨ ਵਰਗੇ ਕਦਮ ਸ਼ਾਮਲ ਹਨ।



Space available for Ad
Contact # +1 (209) 303-1260
Contact # +91 81463-20009

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Sikandar Singh Grewal
&
Charanjit Kaur Grewal
(Tracy)

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Jay Gill

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Baljit Singh

Delhi Gas Station

Waterford Gas Station

Dollar City Corp Stores



Gurvir Sandhu

ਸਿਖਲਾਈ ਦੌਰਾਨ ਹਵਾ 'ਚ ਟਕਰਾਏ ਹਵਾਈ ਸੈਨਾ ਦੇ ਦੋ ਜਹਾਜ਼

ਮਨੀਲਾ
ਸਾਂਝੀ ਸੋਚ ਬਿਊਰੋ



ਫਿਲੀਪੀਨਜ਼ ਦੀ ਹਵਾਈ ਸੈਨਾ ਦੇ ਦੋ ਟਰੇਨਰ ਜਹਾਜ਼ ਰਾਜਧਾਨੀ ਮਨੀਲਾ ਦੇ ਦੱਖਣ ਵਿੱਚ ਸਥਿਤ ਇੱਕ ਏਅਰ ਬੇਸ ਉੱਤੇ ਸਿਖਲਾਈ ਉਡਾਣ ਦੌਰਾਨ ਹਾਦਸਾਗ੍ਰਸਤ ਹੋ ਗਏ, ਜਿਸ ਵਿੱਚ ਚਾਰ ਪਾਇਲਟਾਂ ਦੀ ਮੌਤ ਹੋ ਗਈ। ਫਿਲੀਪੀਨਜ਼ ਦੀ ਹਵਾਈ ਸੈਨਾ ਨੇ ਇੱਕ ਬਿਆਨ ਵਿੱਚ ਕਿਹਾ ਕਿ ਬਟਾਂਗਾਸ ਸੂਬੇ ਦੇ ਫਰਨਾਂਡੋ ਏਅਰ ਬੇਸ ਉੱਤੇ ਸਿਖਲਾਈ ਉਡਾਣ ਦੌਰਾਨ ਦੋ ਐਸਐਫ-260 ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਏ। ਸਥਾਨਕ ਮੀਡੀਆ ਦੀ ਰਿਪੋਰਟ ਦੇ ਅਨੁਸਾਰ, ਇਹ ਦੋਵੇਂ ਜਹਾਜ਼ ਹਵਾ ਵਿੱਚ ਹੀ ਆਪਸ ਵਿੱਚ ਟਕਰਾ ਗਏ ਸਨ। ਹਵਾਈ ਜਹਾਜ਼ ਏਅਰ ਬੇਸ ਦੇ ਪਰਿਸਰ ਵਿੱਚ ਹੀ ਹਾਦਸਾਗ੍ਰਸਤ ਹੋ ਗਿਆ, ਪਰ ਇਸ ਤੋਂ ਇਲਾਵਾ ਕੋਈ ਹੋਰ ਜਾਨੀ ਨੁਕਸਾਨ ਨਹੀਂ ਹੋਇਆ। ਹਵਾਈ ਸੈਨਾ ਨੇ ਹਾਦਸੇ ਦੇ ਕਾਰਨਾਂ ਦੀ ਜਾਂਚ ਪੂਰੀ ਹੋਣ ਤੱਕ ਆਪਣੇ ਸਾਰੇ ਐਸਐਫ-260 ਸਿਖਲਾਈ ਜਹਾਜ਼ਾਂ ਦੀ ਉਡਾਣ 'ਤੇ ਅਸਥਾਈ ਤੌਰ 'ਤੇ ਰੋਕ ਲਗਾ ਦਿੱਤੀ ਹੈ।

ਪਰਵਿੰਦਰ ਸਿੰਘ ਝੋਟੇ ਦੀ ਸ਼ਹਾਦਤ ਨੂੰ ਸਿਜਦਾ ਕਰਨ ਪਹੁੰਚੇ ਸੁਨੀਲ ਜਾਖੜ

ਮਾਨਸਾ
ਸਾਂਝੀ ਸੋਚ ਬਿਊਰੋ

ਮਾਨਸਾ ਵਿੱਚ ਨਸ਼ਾ-ਵਿਰੋਧੀ ਕਾਰਕੁਨ ਪਰਵਿੰਦਰ ਝੋਟਾ ਦੇ ਕਤਲ ਦੇ 12 ਦਿਨ ਬੀਤ ਜਾਣ 'ਤੇ ਵੀ, ਉਸ ਦੀ ਲਾਸ਼ ਦਾ ਪੋਸਟਮਾਰਟਮ ਅਜੇ ਤੱਕ ਨਹੀਂ ਹੋ ਸਕਿਆ ਹੈ। ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਅੱਜ ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟੇ ਨੂੰ ਸ਼ਰਧਾਂਜਲੀ ਭੇਟ ਕਰਨ ਪਹੁੰਚੇ ਇਸ ਮੌਕੇ ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦੇ ਮਨ ਵਿੱਚ ਸਮਾਜ ਪ੍ਰਤੀ ਗਹਿਰਾ ਜਜ਼ਬਾ ਸੀ ਅਤੇ ਉਨ੍ਹਾਂ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਨੂੰ ਸਿਜਦਾ ਕਰਨ ਲਈ ਉਹ ਇੱਥੇ ਪਹੁੰਚੇ ਹਨ।

ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਨੇ ਨਸ਼ਿਆਂ ਵਿਰੁੱਧ ਅਜਿਹੀ ਮੁਹਿੰਮ ਦੀ ਬੀਜ ਲਗਾਇਆ ਹੈ, ਜਿਸ ਨੂੰ ਪੂਰਾ ਪੰਜਾਬ ਇਕੱਠਾ ਹੋ ਕੇ ਵੀ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਨਹੀਂ ਵਧਾ ਸਕਿਆ ਸੀ। ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੋਕਾਂ ਵੱਲੋਂ ਆਪਣੇ ਪੱਧਰ 'ਤੇ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਦੀ ਸੁਰੱਖਿਆ ਵੀ ਇੱਕ ਗੰਭੀਰ ਸਵਾਲ ਬਣ ਗਈ ਹੈ।

ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਨੇ ਨਸ਼ਿਆਂ ਵਿਰੁੱਧ ਸੰਘਰਸ਼ ਨੂੰ ਨਵੀਂ ਦਿਸ਼ਾ ਦਿੱਤੀ ਹੈ ਅਤੇ ਇਸ ਮੁਹਿੰਮ ਦਾ ਮਕਸਦ ਕਿਸੇ ਨੂੰ ਨਿਸ਼ਾਨਾ ਬਣਾਉਣਾ ਨਹੀਂ, ਸਗੋਂ ਪੰਜਾਬ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣਾ ਸੀ, ਪਰ ਇਸ ਲੜਾਈ ਵਿਚ ਪਰਵਿੰਦਰ ਨੂੰ ਆਪਣੀ ਸਹਾਦਤ ਦੇਣੀ ਪਈ।

ਉਨ੍ਹਾਂ ਨਸ਼ਿਆਂ ਵਿਰੁੱਧ ਸੰਘਰਸ਼ ਕਰ ਰਹੇ ਲੋਕਾਂ ਦੇ ਹੌਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਨੂੰ ਬਚਾਉਣ ਲਈ ਅੱਗੇ ਆਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਇਸ ਮੌਕੇ ਸੁਨੀਲ ਜਾਖੜ ਨੇ ਸੀਬੀਆਈ ਨੂੰ ਅਪੀਲ ਕੀਤੀ ਕਿ ਨਸ਼ਿਆਂ ਨਾਲ ਜੁੜੇ ਮਾਮਲਿਆਂ ਦੀ ਜਾਂਚ ਦਾ ਘੇਰਾ ਵਧਾਉਂਦਿਆਂ ਹੈੱਡਕੁਆਰਟਰ ਵਿਖੇ ਤਾਇਨਾਤ ਡਰੱਗ ਇੰਸਪੈਕਟਰ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇ, ਤਾਂ ਜੋ ਮਾਮਲੇ ਦੇ ਸਾਰੇ ਪਹਿਲੂਆਂ ਦੀ ਨਿਰਪੱਖ ਜਾਂਚ ਹੋ ਸਕੇ ਅਤੇ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਸਕੇ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਨੂੰ ਸ਼ਰਧਾਂਜਲੀ ਦੇਣ ਦਾ ਅਸਲ ਮਕਸਦ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨਾ ਹੈ।

ਉਨ੍ਹਾਂ ਨੇ ਪਰਵਿੰਦਰ ਸਿੰਘ ਝੋਟੇ ਦੇ ਪਿਤਾ ਅਤੇ ਪਤਨੀ ਵੱਲੋਂ ਇਸ ਅਸਹਿ ਦੁੱਖ ਵਿਚ ਵੀ ਪੰਜਾਬ ਨੂੰ ਨਸ਼ੇ ਤੋਂ ਬਚਾਉਣ ਲਈ ਲੜੀ ਜਾ ਰਹੀ ਇਸ ਲੜਾਈ ਵਿਚ ਉਨ੍ਹਾਂ ਨੂੰ ਸਿਜਦਾ ਕੀਤਾ ਅਤੇ ਕਿਹਾ ਕਿ ਉਹ ਪਰਿਵਾਰ ਨਾਲ ਡੱਟ ਕੇ ਖੜ੍ਹੇ ਹਨ।

ਏਸ਼ੀਆਈ ਪੈਰਾ ਗੇਮਜ਼ ਦੀ ਸ਼ਾਨਦਾਰ ਕਲੋਜ਼ਿੰਗ ਸੈਰੇਮਨੀ ਨਿਸ਼ਾਦ ਅਤੇ ਮੋਨਾ ਰਹੇ ਭਾਰਤੀ ਝੰਡਾਬਰਦਾਰ

ਟੋਕੀਓ
ਸਾਂਝੀ ਸੋਚ ਬਿਊਰੋ



ਜਾਪਾਨ ਦੇ ਪਲੋਮਾ ਮਿਜ਼ੁਹੋ ਸਟੇਡੀਅਮ ਵਿੱਚ ਸ਼ਨੀਵਾਰ ਨੂੰ 5ਵੇਂ ਏਸ਼ੀਆਈ ਪੈਰਾ ਗੇਮਜ਼ ਦੀ ਸ਼ਾਨਦਾਰ ਕਲੋਜ਼ਿੰਗ ਸੈਰੇਮਨੀ ਹੋਈ। ਸਮਾਪਤੀ ਸਮਾਰੋਹ ਵਿੱਚ ਡਬਲ ਗੋਲਡ ਮੈਡਲਿਸਟ ਨਿਸ਼ਾਦ ਕੁਮਾਰ ਅਤੇ ਮੋਨਾ ਅਗਰਵਾਲ ਭਾਰਤੀ ਝੰਡਾਬਰਦਾਰ ਰਹੇ। ਭਾਰਤ ਨੇ ਖੇਡਾਂ ਦੇ ਇਸ ਮਹਾਕੁੰਭ ਵਿੱਚ ਆਪਣਾ ਸਰਵੋਤਮ ਪ੍ਰਦਰਸ਼ਨ ਕਰਦਿਆਂ ਕੁੱਲ 114 ਮੈਡਲ ਜਿੱਤੇ। ਇਨ੍ਹਾਂ ਵਿੱਚ 30 ਗੋਲਡ, 35 ਸਿਲਵਰ ਅਤੇ 49 ਬ੍ਰਾਂਜ਼ ਮੈਡਲ ਸ਼ਾਮਲ ਹਨ। ਤਗਮਾ ਸੂਚੀ ਵਿੱਚ ਭਾਰਤ ਚੌਥੇ ਸਥਾਨ ਉੱਤੇ ਰਿਹਾ। ਪਿਛਲੀ ਵਾਰ ਹਾਂਗਜ਼ੂ 2022 ਵਿੱਚ ਭਾਰਤ ਨੇ 108 ਮੈਡਲ ਜਿੱਤੇ ਸਨ। ਇਸ ਵਾਰ ਛੋਟਾ ਦਲ ਹੋਣ ਦੇ ਬਾਵਜੂਦ ਕੁੱਲ ਮੈਡਲਾਂ ਅਤੇ ਗੋਲਡ ਮੈਡਲਾਂ ਦੋਵਾਂ ਦੀ ਗਿਣਤੀ ਵਿੱਚ ਸੁਧਾਰ ਦਰਜ ਕੀਤਾ ਗਿਆ। ਪਿਛਲੇ ਏਸ਼ੀਆਈ ਪੈਰਾ ਗੇਮਜ਼ ਵਿੱਚ ਭਾਰਤ ਨੇ 300 ਤੋਂ ਵੱਧ ਖਿਡਾਰੀਆਂ ਦਾ ਦਲ ਭੇਜਿਆ ਸੀ। ਇਸ ਵਾਰ ਸਿਰਫ਼ 168 ਖਿਡਾਰੀ ਸ਼ਾਮਲ ਹੋਏ। ਏਸ਼ੀਆਈ ਪੈਰਾ ਗੇਮਜ਼ ਵਿੱਚ ਭਾਰਤੀ ਖਿਡਾਰੀਆਂ ਦੀ ਇਤਿਹਾਸਕ ਸਫ਼ਲਤਾ ਉੱਤੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ 114 ਤਗਮਿਆਂ ਦੀ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਦ੍ਰਿੜ੍ਹਤਾ ਅਤੇ ਆਤਮ-ਵਿਸ਼ਵਾਸ ਦਾ ਨਤੀਜਾ ਹੈ। ਇਹ ਸਫ਼ਲਤਾ ਨੌਜਵਾਨਾਂ ਨੂੰ ਵੱਡੇ ਸਪਨੇ ਦੇਖਣ, ਸਮਰਪਣ ਨਾਲ ਕੰਮ ਕਰਨ ਅਤੇ ਚੁਣੌਤੀਆਂ ਤੋਂ ਘਬਰਾਏ ਬਿਨਾਂ ਅੱਗੇ ਵਧਣ ਦੀ ਪ੍ਰੇਰਨਾ ਦੇਵੇਗੀ। ਰਾਸ਼ਟਰਪਤੀ ਨੇ ਸੋਸ਼ਲ ਮੀਡੀਆ ਮੰਚ 'ਐਕਸ' ਉੱਤੇ ਆਪਣੇ ਸੁਨੇਹੇ ਵਿੱਚ ਪੂਰੇ ਭਾਰਤੀ ਦਲ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਇਸ ਪ੍ਰਾਪਤੀ ਨੂੰ ਦੇਸ਼ ਲਈ ਮਾਣ ਵਾਲੀ ਗੱਲ ਦੱਸਿਆ।

ਕੁੱਲ੍ਹੜ ਪੀਜ਼ਾ ਫੇਮ ਸਹਿਜ ਅਰੋੜਾ ਦੀ ਵਿਗੜੀ ਸਿਹਤ

ਜਲੰਧਰ
ਸਾਂਝੀ ਸੋਚ ਬਿਊਰੋ



ਜਲੰਧਰ ਦੇ ਚਰਚਿਤ ਕੁੱਲ੍ਹੜ ਪੀਜ਼ਾ ਫੇਮ ਸਹਿਜ ਅਰੋੜਾ ਨੂੰ ਸਿਹਤ ਵਿਗੜਨ ਕਾਰਨ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਇੱਕ ਵੀਡੀਓ ਸਾਹਮਣੇ ਆਈ ਹੈ ਜਿਸ ਵਿੱਚ ਸਹਿਜ ਇਹ ਬੇਨਤੀ ਕਰਦਾ ਸੁਣਾਈ ਦੇ ਰਿਹਾ ਹੈ ਕਿ ਉਸ ਦੇ ਜਾਣ ਤੋਂ ਬਾਅਦ ਉਸ ਦੀ ਪਤਨੀ ਨੂੰ ਟ੍ਰੋਲ ਨਾ ਕੀਤਾ ਜਾਵੇ। ਵੀਡੀਓ ਵਿੱਚ, ਸਹਿਜ ਅਰੋੜਾ ਆਪਣੀ ਸਿਹਤ ਨੂੰ ਲੈ ਕੇ ਚਿੰਤਾ ਜ਼ਾਹਰ ਕਰਦਾ ਹੈ। ਉਹ ਦੱਸਦਾ ਹੈ ਕਿ ਡਾਕਟਰਾਂ ਨੇ ਉਸ ਨੂੰ ਬ੍ਰੇਨ ਟਿਊਮਰ ਹੋਣ ਬਾਰੇ ਦੱਸਿਆ ਹੈ, ਅਤੇ ਉਸ ਨੂੰ ਡਰ ਹੈ ਕਿ ਉਹ ਸ਼ਾਇਦ ਬਚ ਨਾ ਸਕੇ। ਸਹਿਜ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਉਸ ਨਾਲ ਕੋਈ ਅਣਹੋਣੀ ਹੋ ਜਾਂਦੀ ਹੈ ਤਾਂ ਇਸ ਲਈ ਉਸ ਦੀ ਪਤਨੀ ਨੂੰ ਜ਼ਿੰਮੇਵਾਰ ਠਹਿਰਾ ਕੇ ਟ੍ਰੋਲ ਨਾ ਕੀਤਾ ਜਾਵੇ।

ਆਪਣੀ ਸਿਹਤ ਸਬੰਧੀ ਸਥਿਤੀ ਬਾਰੇ, ਸਹਿਜ ਅਰੋੜਾ ਸਿਰਫ਼ ਇੰਨਾ ਦੱਸਦਾ ਹੈ ਕਿ ਉਸ ਦੀ ਪਹਿਲਾਂ ਹੀ ਇੱਕ ਸਰਜਰੀ ਹੋ ਚੁੱਕੀ ਹੈ। ਵੀਡੀਓ ਵਿੱਚ ਉਸ ਦੀ ਹਾਲਤ ਕਾਫ਼ੀ ਖਰਾਬ ਨਜ਼ਰ ਆ ਰਹੀ ਹੈ।





Where Compassion Meets True

LUXURY

Discover an exclusive living experience designed for seniors living with dementia, schizophrenia, bipolar disorder, and complex mental health needs where clinical excellence meets comfort, dignity, and elegance

Refundable deposit of $500,000 with 8% annual interest

Exclusive Long-Term Luxury Living Opportunity

With only **25 exclusive units** available, we offer limited availability for discerning residents seeking long term luxury care through compassionate support and refined living.

Luxury Living with Expert Care

- 24/7 Highly Trained Care Staff
- On-site Senior Psychologist
- Licensed Registered Nurse (RN)
- Regular visits by a psychiatrist and physician

Healing Garden Therapy

Serene outdoor garden designed for relaxation, featuring walking paths, sitting areas, and peaceful natural surrounding that support emotional well-being

Full-Service Lifestyle Assistance

- We schedule all doctor appointments,
- Staff escort residents to medical appointments,
- Transportation for church, shopping and outings.

Music Therapy

Guided therapeutic sessions using soothing music, drumming, and movement to reduce stress, enhance mood, lift spirits, and increase cognitive well-being

Daily Cost Ranges from $250 to $500 Per Day

depending on the level of care required.


St. Michael Assisted Living

Dinuba, CA

Location: Dinuba, CA

Contact: (925) 285-9881 (559) 915-9045

Website: www.stmichaelrcfe.com



DR. HARMESH KUMAR
PRESIDENT, CEO & PSYCHOLOGIST

ਸੈਨ ਹੋਜ਼ੇ ਗੁਰਦੁਆਰਾ ਸਾਹਿਬ ਦੀ ਕਮੇਟੀ ਵੱਲੋਂ ਪ੍ਰੋ. ਪ੍ਰੀਤਮ ਸਿੰਘ ਦਾ ਵਿਸ਼ੇਸ਼ ਸਨਮਾਨ


ਸੈਨ ਹੋਜ਼ੇ
ਸਾਂਝੀ ਸੋਚ ਬਿਊਰੋ

ਸੈਨ ਹੋਜ਼ੇ ਗੁਰਦੁਆਰਾ ਸਾਹਿਬ ਦੀ ਕਮੇਟੀ ਵੱਲੋਂ ਬੀਤੇ ਦਿਨ ਆਕਸਫੋਰਡ ਬਰੂਕਸ ਬਿਜ਼ਨਸ ਸਕੂਲ ਵਿੱਚ ਅਰਥ ਸ਼ਾਸਤਰ ਦੇ ਪ੍ਰੋਫੈਸਰ ਐਮਰੀਟਸ ਅਤੇ ਪੰਜਾਬ, ਰਾਜਨੀਤਿਕ ਅਰਥਵਿਵਸਥਾ, ਸੰਘਵਾਦ ਅਤੇ ਮਨੁੱਖੀ ਅਧਿਕਾਰਾਂ ਦੇ ਇੱਕ ਮੋਹਰੀ ਅਧਿਕਾਰੀ, ਪ੍ਰੋਫੈਸਰ ਪ੍ਰੀਤਮ ਸਿੰਘ ਦਾ ਸਵਾਗਤ ਕਰਨ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਰਣਨਯੋਗ ਹੈ ਕਿ ਪ੍ਰੋਫੈਸਰ ਪ੍ਰੀਤਮ ਸਿੰਘ ਦੇ ਵਿਦਵਤਾਪੂਰਨ ਯੋਗਦਾਨਾਂ ਨੇ ਅਸਾਧਾਰਨ ਵਿਸ਼ਾਲਤਾ ਅਤੇ ਪ੍ਰਭਾਵ ਦਾ ਪ੍ਰਦਰਸ਼ਨ ਕੀਤਾ ਹੈ।

ਉਹਨਾਂ ਨੇ ਕਈ ਮਹੱਤਵਪੂਰਨ ਪ੍ਰਕਾਸ਼ਨਾਂ ਦਾ ਲੇਖਕ ਅਤੇ ਸੰਪਾਦਨ ਕੀਤਾ ਹੈ, ਜਿਨ੍ਹਾਂ ਵਿੱਚ ਫੈਡਰਲਿਜ਼ਮ, ਨੈਸ਼ਨਲਿਜ਼ਮ ਐਂਡ ਡਿਵੈਲਪਮੈਂਟ: ਇੰਡੀਆ ਐਂਡ ਦ ਪੰਜਾਬ ਇਕਾਨਮੀ ਸ਼ਾਮਲ ਹੈ, ਜਿਸਨੂੰ ਕੈਂਬਰਿਜ ਦੇ ਸਵਰਗਵਾਸੀ ਅਰਥਸ਼ਾਸਤਰੀ ਪ੍ਰੋਫੈਸਰ ਅਜੀਤ ਸਿੰਘ ਨੇ "ਇਤਿਹਾਸ ਨੂੰ ਬਦਲਣ ਦੀ ਸਮਰੱਥਾ ਰੱਖਣ ਵਾਲੇ ਦੁਰਲੱਭ ਅਕਾਦਮਿਕ ਪ੍ਰਕਾਸ਼ਨਾਂ ਵਿੱਚੋਂ ਇੱਕ" ਵਜੋਂ ਦਰਸਾਇਆ ਹੈ। ਉਸਦਾ ਸਭ ਤੋਂ ਤਾਜ਼ਾ ਪ੍ਰਕਾਸ਼ਨ, ਪ੍ਰੋਫੈਸਰ ਮੀਨਾ ਢਾਂਡਾ ਨਾਲ ਸਹਿ-ਸੰਪਾਦਿਤ, 2026 ਵਿੱਚ ਜਾਰੀ ਕੀਤਾ ਗਿਆ, ਰੂਟਲੇਜ ਹੈਂਡਬੁੱਕ ਆਫ਼ ਪੰਜਾਬ ਸਟੱਡੀਜ਼ ਹੈ।

ਪ੍ਰੋਫੈਸਰ ਪ੍ਰੀਤਮ ਸਿੰਘ ਨੇ ਚੰਡੀਗੜ੍ਹ ਦੀ ਪੰਜਾਬ ਯੂਨੀਵਰਸਿਟੀ ਤੋਂ ਆਪਣੀ ਅਰਥ ਸ਼ਾਸਤਰ ਦੀ ਪੜ੍ਹਾਈ ਪੂਰੀ ਕੀਤੀ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਤੋਂ ਆਪਣੀ ਐਮ.ਫਿਲ ਕੀਤੀ ਅਤੇ ਓਰੀਅਲ ਕਾਲਜ, ਆਕਸਫੋਰਡ ਯੂਨੀਵਰਸਿਟੀ ਤੋਂ ਆਪਣੀ ਡੀ.ਫਿਲ ਦੀ ਡਿਗਰੀ ਪ੍ਰਾਪਤ ਕੀਤੀ।

ਜਿੱਥੇ ਉਨਾਂ ਨੇ ਐਡਵਰਡ ਬੋਇਲ/ਚਾਰਲਸ ਵਾਲੇਸ ਸਕਾਲਰਸ਼ਿਪ ਪ੍ਰਾਪਤ ਕੀਤੀ। ਉਸਦੇ ਅਕਾਦਮਿਕ ਕਰੀਅਰ ਵਿੱਚ ਆਕਸਫੋਰਡ, ਜੇਐਨਯੂ, ਲੋਮੋਨੋਸੋਵ ਮਾਸਕੋ ਸਟੇਟ ਯੂਨੀਵਰਸਿਟੀ ਅਤੇ ਬ੍ਰਾਜ਼ੀਲ ਦੀ ਉਬੇਰਲੈਂਡੀਆ ਯੂਨੀਵਰਸਿਟੀ ਵਿੱਚ ਮੁਲਾਕਾਤਾਂ ਦੀਆਂ ਨਿਯੁਕਤੀਆਂ ਸ਼ਾਮਲ ਹਨ। ਉਨ੍ਹਾਂ ਦੀ ਖੋਜ ਨੂੰ ਫਰਾਂਸੀਸੀ, ਸਪੈਨਿਸ਼, ਰੂਸੀ, ਪੋਲਿਸ਼ ਅਤੇ ਕੋਰੀਆਈ ਭਾਸ਼ਾਵਾਂ ਵਿੱਚ ਅਨੁਵਾਦਾਂ ਰਾਹੀਂ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਾਰਿਤ ਕੀਤਾ ਗਿਆ ਹੈ। ਯੂਕੇ ਵਿੱਚ ਪੰਜਾਬ ਰਿਸਰਚ ਗਰੁੱਪ ਦੇ ਡਾਇਰੈਕਟਰ ਹੋਣ ਦੇ ਨਾਤੇ, ਪ੍ਰੋਫੈਸਰ ਪ੍ਰੀਤਮ ਸਿੰਘ ਨੇ ਆਪਣੀਆਂ ਵਿਦਵਤਾਪੂਰਨ ਪ੍ਰਾਪਤੀਆਂ ਲਈ ਅੰਤਰਰਾਸ਼ਟਰੀ ਮਾਨਤਾ ਪ੍ਰਾਪਤ ਕੀਤੀ ਹੈ, ਜਿਸ ਵਿੱਚ ਰਾਜਨੀਤਿਕ ਅਰਥਵਿਵਸਥਾ ਵਿੱਚ ਇੱਕ ਵਿਸ਼ੇਸ਼ ਪ੍ਰਾਪਤੀ ਪੁਰਸਕਾਰ ਅਤੇ ਕੈਲੀਫੋਰਨੀਆ ਯੂਨੀਵਰਸਿਟੀ, ਰਿਵਰਸਾਈਡ ਤੋਂ ਇੱਕ ਜੀਵਨ ਭਰ ਪ੍ਰਾਪਤੀ ਪੁਰਸਕਾਰ ਸ਼ਾਮਲ ਹੈ, ਜੋ ਸਿੱਖ ਅਤੇ ਪੰਜਾਬ ਅਧਿਐਨ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਵੀਕਾਰ ਕਰਦਾ ਹੈ। ਆਪਣੇ ਸ਼ਾਨਦਾਰ ਕੈਰੀਅਰ ਦੌਰਾਨ, ਪ੍ਰੋਫੈਸਰ ਪ੍ਰੀਤਮ ਸਿੰਘ ਨੇ ਪੰਜਾਬ, ਭਾਰਤ, ਪਛਾਣ, ਅਰਥਸ਼ਾਸਤਰ ਅਤੇ ਨਿਆਂ ਨਾਲ ਸਬੰਧਤ ਨਾਜ਼ੁਕ ਅਤੇ ਬਹੁਪੱਖੀ ਮੁੱਦਿਆਂ ਨਾਲ ਜੁੜਿਆ ਰਿਹਾ ਹੈ। ਸਾਨੂੰ ਉਨ੍ਹਾਂ ਦੀ ਮੁਹਾਰਤ ਅਤੇ ਸੂਝ ਤੋਂ ਲਾਭ ਉਠਾਉਣ ਦਾ ਵਿਸ਼ੇਸ਼ ਸਨਮਾਨ ਮਿਲਿਆ।












ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Majestic Homes

3711 Sunset Lane, Suite F Antioch, CA 94509
Office: (925)779 - 1234 | WWW.MajesticHomes.Properties

MAJESTIC HOMES

MLS

EQUAL HOUSING OPPORTUNITY

हिन्दी बोलने वालों का स्वागत है।

ਪੰਜਾਬੀ ਬੋਲਣ ਵਾਲਿਆਂ ਦਾ ਸਵਾਗਤ ਹੈ



Ramesh Suman
Broker
DRE License - 00871752
CDPE, GRI, RCS-D
Certified HAFA Specialist,
Direct: (925)366-3618
Email:
Ramesh@RameshSuman.com

Real Estate Services and Property Management

ਹਰਿਆਣਾ ਦਾ ਮੋਸਟ ਵਾਂਟੇਡ ਗੈਂਗਸਟਰ ਹਿਮਾਂਸ਼ੂ ਭਾਊ ਅਮਰੀਕਾ 'ਚ ਗ੍ਰਿਫ਼ਤਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਹਰਿਆਣਾ ਦਾ ਗੈਂਗਸਟਰ ਹਿਮਾਂਸ਼ੂ ਭਾਊ ਜੋ ਭਾਰਤ ਦੇ ਸਭ ਤੋਂ ਵੱਧ ਲੋੜੀਂਦੇ ਭਗੌੜਿਆਂ ਵਿੱਚੋਂ ਇੱਕ ਹੈ ਅਤੇ ਉਸਦਾ ਇੱਕ ਸਾਥੀ, ਅਮਰੀਕਾ ਦੀ 'ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ' ਦੁਆਰਾ ਨੇਵਾਡਾ ਵਿੱਚ ਹਿਰਾਸਤ ਵਿੱਚ ਲਏ ਗਏ ਹਨ। ਸ਼ੁੱਕਰਵਾਰ ਰਾਤ ਨੂੰ ਅਮਰੀਕੀ ਸਰਕਾਰ ਦੇ ਆਨਲਾਈਨ 'ਡਿਟੇਨੀ ਲੋਕੇਟਰ' (ਹਿਰਾਸਤ ਵਿੱਚ ਲਏ ਗਏ ਵਿਅਕਤੀਆਂ ਨੂੰ ਲੱਭਣ ਵਾਲੇ ਪੋਰਟਲ) 'ਤੇ ਮਿਲੀ ਜਾਣਕਾਰੀ ਅਨੁਸਾਰ, ਭਾਰਤ ਵਿੱਚ ਜਨਮੇ ਦੋ ਵਿਅਕਤੀ ਹਿਮਾਂਸ਼ੂ ਸਿਗਰੋਹਾ ਅਤੇ ਨੀਰਜ ਕੌਸ਼ਿਕ ਲਾਸ ਵੇਗਾਸ ਦੇ ਨੇੜੇ ਨੇਵਾਡਾ ਦੇ ਹੈਂਡਰਸਨ ਸ਼ਹਿਰ ਵਿੱਚ ਸਥਿਤ 'ਹੈਂਡਰਸਨ ਡਿਟੈਂਸ਼ਨ ਸੈਂਟਰ' (18 ਈਸਟ ਬੇਸਿਕ ਰੋਡ) ਵਿਖੇ (ਆਈ.ਸੀ.ਈ.) ਦੀ ਹਿਰਾਸਤ ਵਿੱਚ ਹਨ। ਉਨ੍ਹਾਂ ਦੇ ਮਾਮਲਿਆਂ ਨੂੰ ਲਾਸ ਵੇਗਾਸ ਵਿੱਚ (ਆਈ.ਸੀ.ਈ.) ਦੇ 'ਇਨਫੋਰਸਮੈਂਟ ਐਂਡ ਰਿਮੂਵਲ ਆਪਰੇਸ਼ਨਜ਼' ਦਫ਼ਤਰ ਦੁਆਰਾ ਦੇਖਿਆ ਜਾ ਰਿਹਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਦੋਵੇਂ ਵਿਅਕਤੀ ਭਾਊ ਅਤੇ ਉਸਦਾ ਸਾਥੀ ਨੀਰਜ ਫਰੀਦਪੁਰੀਆ ਹਨ। (ਆਈ.ਸੀ.ਈ.) ਦੀ ਸੂਚੀ ਇਮੀਗ੍ਰੇਸ਼ਨ ਹਿਰਾਸਤ ਵੱਲ ਇਸ਼ਾਰਾ ਕਰਦੀ ਹੈ। ਇਨ੍ਹਾਂ ਦੋਵਾਂ ਵਿਅਕਤੀਆਂ ਵਿਰੁੱਧ ਅਮਰੀਕਾ ਵਿੱਚ ਕੋਈ ਅਪਰਾਧਿਕ ਦੋਸ਼ ਸਾਹਮਣੇ ਨਹੀਂ ਆਏ ਹਨ, ਅਤੇ ਨਾ ਹੀ (ਆਈ.ਸੀ.ਈ.) ਜਾਂ ਐਫਬੀਆਈ ਨੇ ਇਨ੍ਹਾਂ ਗ੍ਰਿਫ਼ਤਾਰੀਆਂ ਬਾਰੇ ਕੋਈ ਜਨਤਕ ਬਿਆਨ ਜਾਰੀ ਕੀਤਾ ਹੈ। ਭਾਊ, ਜਿਸਦਾ ਅਸਲੀ ਨਾਮ ਹਿਮਾਂਸ਼ੂ ਰਿਤੋਲੀਆ ਹੈ ਅਤੇ ਜੋ



ਹਰਿਆਣਾ ਦੇ ਰੋਹਤਕ ਦਾ ਰਹਿਣ ਵਾਲਾ ਹੈ, ਅਗਸਤ 2023 ਤੋਂ ਇੰਟਰਪੋਲ ਦੇ 'ਰੈੱਡ ਨੋਟਿਸ' (ਅਧੀਨ ਹੈ।

ਭਾਰਤ ਵਿੱਚ ਉਹ 18 ਵੱਖ-ਵੱਖ ਮਾਮਲਿਆਂ ਵਿੱਚ ਲੋੜੀਂਦਾ ਹੈ। ਇਨ੍ਹਾਂ ਮਾਮਲਿਆਂ ਵਿੱਚ ਕਤਲ, ਕਤਲ ਦੀ ਕੋਸ਼ਿਸ਼, ਫਿਰੌਤੀ ਵਸੂਲਣਾ, ਧਮਕਾਉਣਾ ਅਤੇ ਜਾਅਲਸਾਜ਼ੀ ਵਰਗੇ ਅਪਰਾਧ ਸ਼ਾਮਲ ਹਨ। ਭਾਊ ਨੂੰ ਲਾਸ ਵੇਗਾਸ ਵਿੱਚ ਟਰੈਕ ਕੀਤਾ ਗਿਆ ਅਤੇ ਵੀਰਵਾਰ, 22 ਅਕਤੂਬਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਭਾਰਤ ਸਰਕਾਰ ਉਸਦੀ ਦੇਸ਼-ਨਿਕਾਲੇ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਸੰਭਾਵਨਾ ਹੈ ਕਿ ਅਧਿਕਾਰੀਆਂ ਦੀ ਇੱਕ ਟੀਮ ਅਮਰੀਕਾ ਜਾ ਸਕਦੀ ਹੈ। ਫਰੀਦਪੁਰੀਆ ਨੂੰ ਉਦੋਂ ਫੜਿਆ ਗਿਆ ਜਦੋਂ ਉਸਨੇ ਆਪਣੇ ਪੈਰ 'ਤੇ ਲੱਗਾ 'ਐਂਕਲ ਮਾਨੀਟਰ' (ਨਿਗਰਾਨੀ ਯੰਤਰ) ਹਟਾ ਦਿੱਤਾ। ਉਸਨੂੰ ਇਸ ਸਾਲ ਦੇ ਸ਼ੁਰੂ ਵਿੱਚ ਵੀ ਹਿਰਾਸਤ ਵਿੱਚ ਲਿਆ ਗਿਆ ਸੀ, ਪਰ ਬਾਅਦ ਵਿੱਚ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ। ਭਾਊ ਦਾ ਗੈਂਗ ਉੱਤਰੀ ਭਾਰਤ ਵਿੱਚ ਕਈ ਵੱਡੇ ਅਪਰਾਧਾਂ ਨਾਲ ਜੁੜਿਆ ਹੋਇਆ ਹੈ। ਇਸ ਗੈਂਗ ਨੇ ਅਗਸਤ 2025 ਵਿੱਚ ਯੂਟਿਊਬਰ ਐਲਵਿਸ਼ ਯਾਦਵ ਦੇ ਗੁਰੂਗ੍ਰਾਮ ਸਥਿਤ ਘਰ ਦੇ ਬਾਹਰ ਹੋਈ ਗੋਲੀਬਾਰ ਸਭ ਤੋਂ ਤਾਜ਼ਾ ਮਿਸਾਲ ਅਨਮੋਲ ਬਿਸ਼ਨੋਈ ਦੀ ਹੈ, ਜਿਸਨੂੰ 2024 ਵਿੱਚ ਸੰਯੁਕਤ ਰਾਜ ਅਮਰੀਕਾ ਵਿੱਚ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ 19 ਨਵੰਬਰ, 2025 ਨੂੰ ਭਾਰਤ ਵਾਪਸ ਭੇਜ (ਡੀਪੋਰਟ ਕਰ) ਦਿੱਤਾ ਗਿਆ ਸੀ। ਨਵੀਂ ਦਿੱਲੀ ਪਹੁੰਚਣ 'ਤੇ ਉਸਨੂੰ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਨੇ ਗ੍ਰਿਫਤਾਰ ਕਰ ਲਿਆ ਸੀ। ਭਾਊ ਅਤੇ ਫਰੀਦਪੁਰੀਆ ਦਾ ਅੱਗੇ ਕੀ ਬਣੇਗਾ, ਇਹ ਉਨ੍ਹਾਂ ਦੇ ਇਮੀਗ੍ਰੇਸ਼ਨ (ਪਰਵਾਸ) ਮਾਮਲਿਆਂ ਦੇ ਨਤੀਜੇ 'ਤੇ ਨਿਰਭਰ ਕਰਦਾ ਹੈ। ਇਸ ਵਿੱਚ ਉਹ ਦਾਅਵੇ ਵੀ ਸ਼ਾਮਲ ਹਨ ਜੋ ਉਹ ਅਮਰੀਕੀ ਇਮੀਗ੍ਰੇਸ਼ਨ ਜੱਜ ਦੇ ਸਾਹਮਣੇ ਸ਼ਰਨ ਜਾਂ ਕਿਸੇ ਹੋਰ ਰਾਹਤ ਲਈ ਪੇਸ਼ ਕਰ ਸਕਦੇ ਹਨ। ਹੈਂਡਰਸਨ ਡਿਟੈਂਸ਼ਨ ਸੈਂਟਰ (ਹਿਰਾਸਤ ਕੇਂਦਰ) ਸ਼ਹਿਰ ਦੁਆਰਾ ਚਲਾਇਆ ਜਾਣ ਵਾਲਾ ਇੱਕ ਅਦਾਰਾ ਹੈ, ਜਿੱਥੇ ਸੰਘੀ ਏਜੰਸੀ ਨਾਲ ਹੋਏ ਸਮਝੌਤੇ ਤਹਿਤ (ਆਈ.ਸੀ.ਈ.) ਦੁਆਰਾ ਹਿਰਾਸਤ ਵਿੱਚ ਲਏ ਗਏ ਲੋਕਾਂ ਨੂੰ ਰੱਖਿਆ ਜਾਂਦਾ ਹੈ।

ਭਾਰਤ ਅਤੇ ਉਜ਼ਬੇਕਿਸਤਾਨ ਨੇ ਅੱਤਵਾਦ ਵਿਰੋਧੀ ਸਹਿਯੋਗ ਨੂੰ ਮਜ਼ਬੂਤ ਕਰਨ 'ਤੇ ਕੀਤੀ ਚਰਚਾ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਵਿਦੇਸ਼ ਮੰਤਰਾਲੇ ਨੇ ਸ਼ਨੀਵਾਰ ਨੂੰ ਦੱਸਿਆ ਕਿ ਭਾਰਤ ਅਤੇ ਉਜ਼ਬੇਕਿਸਤਾਨ ਨੇ ਅੱਤਵਾਦ ਵਿਰੋਧੀ ਕਾਰਵਾਈਆਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਨੂੰ ਮਜ਼ਬੂਤ ਕਰਨ 'ਤੇ ਚਰਚਾ ਕੀਤੀ।

ਇਹ ਮੀਟਿੰਗ ਨਵੀਂ ਦਿੱਲੀ ਵਿੱਚ ਵਿਦੇਸ਼ ਮੰਤਰਾਲੇ ਦੇ ਸਕੱਤਰ (ਪੱਛਮ) ਸਿਬੀ ਜਾਰਜ ਅਤੇ ਅੱਤਵਾਦ ਵਿਰੋਧੀ ਮਾਮਲਿਆਂ 'ਤੇ ਭਾਰਤ-ਉਜ਼ਬੇਕਿਸਤਾਨ ਸੰਯੁਕਤ ਕਾਰਜ ਸਮੂਹ ਦੇ ਉਜ਼ਬੇਕਿਸਤਾਨੀ ਸਹਿ-ਚੇਅਰਮੈਨ, pirimkulov gulomjon Sodmonkulovic ਵਿਚਕਾਰ ਹੋਈ।

'ਐਕਸ' 'ਤੇ ਇੱਕ ਪੋਸਟ ਵਿੱਚ, ਵਿਦੇਸ਼ ਮੰਤਰਾਲੇ ਨੇ ਕਿਹਾ, "ਸਕੱਤਰ (ਪੱਛਮ) ਸਿਬੀ ਜਾਰਜ ਨੇ ਉਜ਼ਬੇਕਿਸਤਾਨ ਦੇ ਵਿਦੇਸ਼ ਮੰਤਰਾਲੇ ਵਿੱਚ ਦੱਖਣੀ ਏਸ਼ੀਆਈ, ਨੇੜਲੇ, ਮੱਧ ਪੂਰਬੀ ਅਤੇ ਅਫਰੀਕੀ ਦੇਸ਼ਾਂ ਨਾਲ ਸਹਿਯੋਗ ਵਿਭਾਗ ਦੇ ਮੁਖੀ ਅਤੇ ਅੱਤਵਾਦ ਵਿਰੋਧੀ ਮਾਮਲਿਆਂ 'ਤੇ ਭਾਰਤ-ਉਜ਼ਬੇਕਿਸਤਾਨ ਸੰਯੁਕਤ ਕਾਰਜ ਸਮੂਹ ਦੇ ਸਹਿ-ਚੇਅਰਮੈਨ, ਪਿਰਿਮਕੁਲੋਵ ਗੁਲੋਮਜੋਨ ਸ਼ੋਦਮੋਨਕੁਲੋਵਿਚ ਦਾ ਸਵਾਗਤ ਕੀਤਾ।" ਮੰਤਰਾਲੇ ਨੇ ਅੱਗੇ ਕਿਹਾ, "ਉਨ੍ਹਾਂ ਨੇ ਅੱਤਵਾਦ ਵਿਰੋਧੀ ਖੇਤਰ ਵਿੱਚ ਭਾਰਤ-ਉਜ਼ਬੇਕਿਸਤਾਨ ਸਹਿਯੋਗ ਅਤੇ ਆਪਸੀ ਹਿੱਤਾਂ ਦੇ ਹੋਰ ਮੁੱਦਿਆਂ 'ਤੇ ਚਰਚਾ ਕੀਤੀ, ਅਤੇ ਦੁਵੱਲੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।" ਇਸ ਤੋਂ ਇਲਾਵਾ,



22 ਅਕਤੂਬਰ ਨੂੰ ਨਵੀਂ ਦਿੱਲੀ ਵਿੱਚ ਅੱਤਵਾਦ ਵਿਰੋਧੀ ਮਾਮਲਿਆਂ 'ਤੇ ਭਾਰਤ-ਉਜ਼ਬੇਕਿਸਤਾਨ ਸੰਯੁਕਤ ਕਾਰਜ ਸਮੂਹ ਦੀ 10ਵੀਂ ਮੀਟਿੰਗ ਹੋਈ। ਇਸ ਮੀਟਿੰਗ ਦੀ ਸਹਿ-ਪ੍ਰਧਾਨਗੀ ਵਿਦੇਸ਼ ਮੰਤਰਾਲੇ ਦੇ ਵਧੀਕ ਸਕੱਤਰ (ਅੱਤਵਾਦ ਵਿਰੋਧੀ) ਸੁਹੇਲ ਅਜਾਜ਼ ਖਾਨ ਅਤੇ ਪਿਰਿਮਕੁਲੋਵ ਗੁਲੋਮਜੋਨ ਸ਼ੋਦਮੋਨਕੁਲੋਵਿਚ ਦੁਆਰਾ ਕੀਤੀ ਗਈ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ, "ਦੋਵਾਂ ਧਿਰਾਂ ਨੇ ਵਿਸ਼ਵ ਪੱਧਰ 'ਤੇ ਅਤੇ ਆਪਣੇ-ਆਪਣੇ ਖੇਤਰਾਂ ਵਿੱਚ ਅੱਤਵਾਦੀ ਸਮੂਹਾਂ ਦੁਆਰਾ ਪੈਦਾ ਕੀਤੇ ਖਤਰਿਆਂ 'ਤੇ ਚਰਚਾ ਕੀਤੀ। ਦੋਵਾਂ ਪੱਖਾਂ ਨੇ ਅੱਤਵਾਦ ਵਿਰੋਧੀ ਕਾਰਵਾਈਆਂ ਦੇ ਸਾਹਮਣੇ ਮੌਜੂਦਾ ਅਤੇ ਉੱਭਰ ਰਹੀਆਂ ਚੁਣੌਤੀਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਇਨ੍ਹਾਂ ਵਿੱਚ ਕੱਟੜਵਾਦ ਅਤੇ ਕੱਟੜਪੰਥੀ ਵਿਚਾਰਧਾਰਾ ਦਾ ਮੁਕਾਬਲਾ ਕਰਨਾ, ਅੱਤਵਾਦ ਲਈ ਫੰਡਿੰਗ ਨੂੰ ਰੋਕਣਾ, ਅੱਤਵਾਦੀ ਉਦੇਸ਼ਾਂ ਲਈ ਤਕਨਾਲੋਜੀ ਦੀ ਵਰਤੋਂ ਨੂੰ ਰੋਕਣਾ, ਅਤੇ ਅੰਤਰ-ਰਾਸ਼ਟਰੀ ਸੰਗਠਿਤ ਅਪਰਾਧ ਅਤੇ ਅੱਤਵਾਦ ਵਿਚਕਾਰ ਗਠਜੋੜ ਵਰਗੇ ਮੁੱਦੇ ਸ਼ਾਮਲ ਸਨ।" ਮੰਤਰਾਲੇ ਨੇ ਦੱਸਿਆ ਕਿ ਦੋਵਾਂ ਧਿਰਾਂ ਨੇ ਜਾਣਕਾਰੀ ਸਾਂਝੀ ਕਰਨ, ਸਮਰੱਥਾ ਨਿਰਮਾਣ ਅਤੇ ਬਿਹਤਰੀਨ ਅਭਿਆਸਾਂ ਦੇ ਆਦਾਨ-ਪ੍ਰਦਾਨ ਰਾਹੀਂ ਅੱਤਵਾਦ ਵਿਰੋਧੀ ਖੇਤਰ ਵਿੱਚ ਦੁਵੱਲੇ ਸਹਿਯੋਗ ਨੂੰ ਮਜ਼ਬੂਤ ਕਰਨ ਦੇ ਉਪਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਭਾਰਤ ਅਤੇ ਉਜ਼ਬੇਕਿਸਤਾਨ ਦੀਆਂ ਸਬੰਧਤ ਏਜੰਸੀਆਂ ਵਿਚਕਾਰ ਅੱਤਵਾਦ ਵਿਰੁੱਧ ਲੜਾਈ ਵਿੱਚ ਸਹਿਯੋਗ ਵਿਕਸਿਤ ਕਰਨ ਦੀਆਂ ਸੰਭਾਵਨਾਵਾਂ 'ਤੇ ਚਰਚਾ ਕੀਤੀ। ਦੋਵਾਂ ਧਿਰਾਂ ਨੇ ਸੰਯੁਕਤ ਰਾਸ਼ਟਰ, SCO-RATS ਅਤੇ EAG ਸਮੇਤ ਬਹੁ-ਪੱਖੀ ਮੰਚਾਂ 'ਤੇ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ," ਬਿਆਨ ਵਿੱਚ ਕਿਹਾ ਗਿਆ ਹੈ।

1 ਨਵੰਬਰ ਨੂੰ ਹੋਣ ਵਾਲੀ ਕਾਂਗਰਸ ਦੀ ਰੈਲੀ ਨੂੰ ਲੈ ਕੇ ਸਿਆਸਤ ਤੇਜ਼! ਭਾਜਪਾ ਨੇ ਬੋਲਿਆ ਹਮਲਾ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ


ਦਿੱਲੀ ਵਿੱਚ 1 ਨਵੰਬਰ ਨੂੰ ਹੋਣ ਵਾਲੀ ਕਾਂਗਰਸ ਦੀ ਰੈਲੀ ਨੂੰ ਲੈ ਕੇ ਸਿਆਸਤ ਤੇਜ਼ ਹੋ ਗਈ ਹੈ। ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ 1 ਨਵੰਬਰ ਨੂੰ ਵਿਰੋਧੀ ਧਿਰ ਵੱਲੋਂ ਵੱਡੀ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਰੈਲੀ ਵਿੱਚ ਇੰਡੀਆ ਗਠਜੋੜ ਦੇ ਸਾਰੇ ਦਲਾਂ ਦੇ ਆਗੂ ਸ਼ਾਮਲ ਹੋਣਗੇ। ਕਾਂਗਰਸ ਇਸ ਰੈਲੀ ਨੂੰ ਮਹਾਰੈਲੀ ਬਣਾਉਣ ਲਈ ਲਗਾਤਾਰ ਆਗੂਆਂ ਨਾਲ ਮੀਟਿੰਗਾਂ ਕਰ ਰਹੀ ਹੈ। ਮੰਨਿਆ ਜਾ ਰਿਹਾ ਹੈ ਕਿ ਦਿੱਲੀ ਤੋਂ ਇਲਾਵਾ ਹਰਿਆਣਾ, ਯੂ.ਪੀ., ਰਾਜਸਥਾਨ, ਉੱਤਰਾਖੰਡ, ਹਿਮਾਚਲ ਅਤੇ ਪੰਜਾਬ ਤੋਂ ਵੀ ਵਰਕਰ ਸ਼ਾਮਿਲ ਹੋ ਸਕਦੇ ਹਨ। ਕਾਂਗਰਸ ਦੀ ਰੈਲੀ ਨੂੰ ਲੈ ਕੇ ਭਾਜਪਾ ਨੇ ਤਨਜ਼ ਕੱਸਿਆ ਹੈ। ਭਾਜਪਾ ਵੱਲੋਂ ਟਵੀਟ ਕੀਤਾ ਗਿਆ ਹੈ ਕਿ 1 ਨਵੰਬਰ ਦੇ ਜ਼ਖ਼ਮਾਂ ਉੱਤੇ ਸਿਆਸਤ ਦਾ ਨਮਕ: ਕਾਂਗਰਸ ਦੀ ਸੰਵੇਦਨਹੀਣਤਾ ਦੇਖੋ! 1984 ਦੇ ਸਿੱਖ ਵਿਰੋਧੀ ਦੰਗਿਆਂ ਦਾ ਦਰਦ, ਆਪਣੇ-ਪਿਆਰਿਆਂ ਨੂੰ ਗੁਆਉਣ ਦਾ ਗ਼ਮ ਅਤੇ ਉੱਜੜੇ ਘਰ ਅੱਜ ਵੀ ਦੇਸ਼ ਨੂੰ ਯਾਦ ਹਨ। ਪਰ ਉਸੇ 1 ਨਵੰਬਰ ਨੂੰ ਕਾਂਗਰਸ ਨੇ ਆਪਣੀ ਮੇਗਾ ਰੈਲੀ ਦਾ ਐਲਾਨ ਕਰ ਦਿੱਤਾ ਹੈ! ਕਾਂਗਰਸ ਯਾਦ ਰੱਖੇ, ਇਤਿਹਾਸ ਉਨ੍ਹਾਂ ਦੀ ਇਸ ਕ੍ਰੂਰਤਾ ਨੂੰ ਕਦੇ ਮਾਫ਼ ਨਹੀਂ ਕਰੇਗਾ!

ਇਸ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਰਾਵੀ ਸ਼ੰਕਰ ਪ੍ਰਸਾਦ ਨੇ ਰਾਹੁਲ ਗਾਂਧੀ ਉੱਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਉਹ ਜਾਣਬੁੱਝ ਕੇ ਰੈਲੀ ਦੀ ਤਾਰੀਖ ਬਦਲਣ ਤੋਂ ਇਨਕਾਰ ਕਰ ਰਹੇ ਹਨ। ਉਨ੍ਹਾਂ ਮੁਤਾਬਕ, 1 ਨਵੰਬਰ ਨੂੰ ਰੈਲੀ ਕਰਨ ਨਾਲ 1984 ਦੇ ਸਿੱਖ ਵਿਰੋਧੀ ਦੰਗਿਆਂ ਦੀਆਂ ਯਾਦਾਂ ਤਾਜ਼ਾ ਹੋਣਗੀਆਂ ਅਤੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ। ਸ਼ਨੀਵਾਰ ਨੂੰ ਪ੍ਰੈੱਸ ਕਾਨਫਰੰਸ ਵਿੱਚ ਰਾਵੀ ਸ਼ੰਕਰ ਪ੍ਰਸਾਦ ਨੇ ਕਿਹਾ ਕਿ ਰਾਹੁਲ ਗਾਂਧੀ ਇੱਕ ਸੋਚੀ-ਸਮਝੀ ਰਣਨੀਤੀ ਤਹਿਤ 1 ਨਵੰਬਰ ਨੂੰ ਹੀ ਰੈਲੀ ਕਰਨ ਉੱਤੇ ਅੜੇ ਹੋਏ ਹਨ।

ਉਨ੍ਹਾਂ ਕਾਂਗਰਸ ਆਗੂ ਦੇ ਇਸ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਕੀਤੀ। ਪ੍ਰਸਾਦ ਨੇ ਸਵਾਲ ਉਠਾਇਆ



ਕਿ ਰਾਹੁਲ ਗਾਂਧੀ ਇਸੇ ਤਾਰੀਖ ਉੱਤੇ ਰੈਲੀ ਕਿਉ ਕਰਨਾ ਚਾਹੁੰਦੇ ਹਨ ਅਤੇ ਇਸ ਰਾਹੀਂ ਲੋਕਾਂ ਨੂੰ ਕੀ ਸੁਨੇਹਾ ਦੇਣਾ ਚਾਹੁੰਦੇ ਹਨ।



ਗੁਰਦੁਆਰਾ ਸਾਹਿਬ San Jose

ਵੱਲੋਂ ਅਕਤੂਬਰ ਮਹੀਨੇ ਵਿੱਚ ਸੰਗਤਾਂ ਲਈ
ਵਿਸ਼ੇਸ਼ ਧਾਰਮਿਕ, ਗੁਰਮਤਿ ਅਤੇ ਯਾਦਗਾਰੀ ਸਮਾਗਮਾਂ ਦੀ ਲੜੀ ਕਰਵਾਈ ਜਾ ਰਹੀ ਹੈ।

4 ਅਕਤੂਬਰ 2026

Home Mortgage Seminar

Empowering New Immigrants & First-Time Home Buyers ਲਈ ਵਿਸ਼ੇਸ਼ ਸਮਾਗਮ 1:00 PM – 2:30 PM
ਇੱਥੇ ਪਹਿਲੀ ਵਾਰ ਘਰ ਖਰੀਦਣ, Credit, Down Payment, Loans ਅਤੇ ਹੋਰ ਵੀ ਬਹੁਤ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

Location - Conference Room, Committee Office ਦੇ ਨੇੜੇ

12 – 18 ਅਕਤੂਬਰ 2026

Blissful Living – In 7 Days

ਗੁਰਮਤਿ ਵਿਚਾਰ | ਨਾਮ ਸਿਮਰਨ | ਧਿਆਨ | ਕਸਰਤ | ਪਰਿਵਾਰਕ ਰਿਸ਼ਤੇ
* ਗੁੱਸਾ ਅਤੇ ਤਣਾਅ ਸੰਭਾਲਣਾ ਤੇ ਕਈ ਹੋਰ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਚਾਰ ਕੀਤਾ ਜਾਵੇਗਾ।

ਸ਼ਾਮ 6:00 PM – 8:00 PM

17 ਅਕਤੂਬਰ 2026

ਕੱਤਕ ਦੀ ਸੰਗਰਾਂਦ

23 ਅਕਤੂਬਰ 2026

ਧੰਨ ਧੰਨ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਵਿਸ਼ੇਸ਼ ਸਮਾਗਮ
ਸਵੇਰ ਦਾ ਦੀਵਾਨ — 10:45 AM ਤੱਕ
ਸ਼ਾਮ ਦਾ ਦੀਵਾਨ — 8:45 PM ਤੱਕ

27 ਅਕਤੂਬਰ 2026

ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ |

ਇਨ੍ਹਾਂ ਸਾਰੇ ਵਿਸ਼ੇਸ਼ ਸਮਾਗਮਾਂ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

Address : 3636 Gurdwara Ave, San Jose, CA, 95148
www.sanjosegurdwara.com | (408) 274-9373

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

WATCH LIVE NAGAR KIRTAN

October 30 & 31 | November 1, 2026

FULL LIVE COVERAGE

PTC PUNJABI

SIKH TEMPLE, GURDWARA YUBA CITY, CA

MANNAT PRODUCTION

ਸਾਂਝੀ ਸੋਚ HD
ਧੜਕਣ ਹਰ ਦਿਲ ਦੀ


SANJHA PUNJAB USA
PROUDLY PRESENTS
ASSOCIATE WITH
Jeeway Punjab Entertainment
and Atul Kapoor
SUFI SHAM
WITH
HANS RAJ HANS
FRIDAY
NOV 6
7.30 PM
Venue
Royal Event Hall
7323 Home Leisure Plaza
Sacramento CA 95823
SACRAMENTO-CA
VVIP TABLE
1st Row Tables
Premium Experience Includes:
Front Row Seating
Drinks
Appetizers
Sweet Dish
Dinner
Picture with the Artist
Your Name Displayed on the Stage Back Screen
VIP TABLE
2nd & 3rd Row Tables:
Special Experience Includes:
Drinks
Appetizers
Sweet Dish
Dinner
Picture with the Artist
Your Name Displayed on the Stage Back Screen
GENERAL TABLE
Includes:
Food
Drinks
Limited Tables Available – Book Your Table Now!
Jassi Banga 916-796-5003
Teja Virak 916-912-5678
Sonu Chatha 916-716-7331
Atul Kapoor 209-670-5384
Balwinder Bajwa 516-852-2222
Jassi Katron : 916-937-7785
Surinder Mahey : 408-620-2470

ਯੂਪੀਐਸਸੀ 'ਚ ਸਫ਼ਲ 11 ਸਿੱਖ ਵਿਦਿਆਰਥੀਆਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਨਾਲ ਸਨਮਾਨ

ਅੰਮ੍ਰਿਤਸਰ
ਧੈਰਿਆ ਮਹਿਰਾ

ਸਾਲ 2025 ਦੀ ਯੂਪੀਐਸਸੀ ਪ੍ਰੀਖਿਆ ਵਿਚ ਸਫ਼ਲਤਾ ਹਾਸਲ ਕਰਕੇ ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਚੁਣੇ ਗਏ 11 ਸਿੱਖ ਵਿਦਿਆਰਥੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਇੱਕ-ਇੱਕ ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਹੋਣਹਾਰ ਸਿੱਖ ਨੌਜਵਾਨਾਂ ਦੀ ਹੌਸਲਾ-ਅਫ਼ਜ਼ਾਈ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਕੌਮ ਅਤੇ ਦੇਸ਼ ਦੀ ਸੇਵਾ ਲਈ ਪ੍ਰੇਰਿਤ ਕਰਨਾ ਹੈ। ਸਨਮਾਨਿਤ ਕੀਤੇ ਗਏ 11 ਸਿੱਖ ਵਿਦਿਆਰਥੀਆਂ 'ਚ ਸਿਮਰਨਦੀਪ ਕੌਰ, ਰਸਨੀਤ ਕੌਰ, ਸੁਨਾਵਰਦੀਪ ਸਿੰਘ, ਨਵਨੀਤ ਕੌਰ, ਮਨਪ੍ਰੀਤ ਕੌਰ, ਸਰਬਰਾਜ ਸਿੰਘ, ਹਰਮਨਪ੍ਰੀਤ ਸਿੰਘ ਸੋਢੀ, ਜਪਲੀਨ ਕੌਰ, ਜਸਪ੍ਰੀਤ ਕੌਰ, ਕੰਵਰਪਾਲ ਸਿੰਘ ਤੇ ਸੰਦੀਪ ਸਿੰਘ ਸ਼ਾਮਲ ਹਨ। ਸਨਮਾਨਿਤ ਕਰਨ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਚੁਣੇ ਗਏ ਸਿੱਖ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਫ਼ਲ ਵਿਦਿਆਰਥੀਆਂ ਦੇ ਨਾਲ ਉਨ੍ਹਾਂ ਦੇ ਮਾਪੇ ਵੀ ਵਧਾਈ ਦੇ ਹੱਕਦਾਰ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਸੰਸਥਾ ਦਾ ਇਹ ਉਪਰਾਲਾ ਜਿਥੇ ਇਨ੍ਹਾਂ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਪ੍ਰਾਪਤੀ ਦਾ ਸਨਮਾਨ ਹੈ, ਉਥੇ ਹੀ ਸਿੱਖ ਨੌਜੁਆਨ ਪੀੜ੍ਹੀ ਨੂੰ ਉੱਚ ਵਿਦਿਅਕ ਅਤੇ ਪ੍ਰਸ਼ਾਸਕੀ ਖੇਤਰਾਂ ਵਿਚ ਅੱਗੇ ਵਧਣ ਲਈ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਗੁਰਮਤਿ ਦੇ ਸੇਵਾ, ਸੱਚਾਈ, ਨਿਰਮਤਾ ਅਤੇ ਲੋਕ ਭਲਾਈ ਦੇ ਸਿਧਾਂਤ ਤੋਂ ਪ੍ਰੇਰਣਾ ਲੈ ਕੇ ਪ੍ਰਸ਼ਾਸਕੀ ਸੇਵਾਵਾਂ ਵਿਚ ਪ੍ਰਵੇਸ਼ ਕਰਨ ਵਾਲੇ ਇਹ ਵਿਦਿਆਰਥੀਆਂ ਨੇ ਜਿਥੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਮਾਣ



ਵਧਾਇਆ ਹੈ, ਉਥੇ ਸਮੁੱਚੀ ਕੌਮ ਲਈ ਵੀ ਇਨ੍ਹਾਂ ਦੀ ਪ੍ਰਾਪਤੀ ਵੱਡੇ ਮਾਣ ਵਾਲੀ ਗੱਲ ਹੈ।

ਇਨ੍ਹਾਂ ਦੀ ਸਫ਼ਲਤਾ ਹੋਰਨਾਂ ਵਿਦਿਆਰਥੀਆਂ ਨੂੰ ਵੀ ਵੱਡੇ ਟੀਚੇ ਮਿੱਥਣ, ਦ੍ਰਿੜ੍ਹ ਇਰਾਦੇ ਨਾਲ ਮਿਹਨਤ ਕਰਨ ਅਤੇ ਆਪਣੀ ਯੋਗਤਾ ਨੂੰ ਸਮਾਜ ਦੀ ਸੇਵਾ ਲਈ ਸਮਰਪਿਤ ਕਰਨ ਦਾ ਸੁਨੇਹਾ ਦਿੰਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਉੱਚ ਅਹੁਦਿਆਂ 'ਤੇ ਪਹੁੰਚਣ ਵਾਲੇ ਸਿੱਖ ਨੌਜਵਾਨ ਸਿੱਖੀ ਦੇ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦੇ ਸਿਧਾਂਤ ਅਨੁਸਾਰ ਇਮਾਨਦਾਰੀ ਤੇ ਨਿਰਪੱਖਤਾ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦਾ ਪ੍ਰਣ ਕਰਨ। ਉਨ੍ਹਾਂ ਗੁਰੂ ਸਾਹਿਬ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਇਹ ਨੌਜਵਾਨ ਗੁਰਮਤਿ ਨਾਲ ਜੁੜੇ ਰਹਿਣ ਅਤੇ ਦੇਸ਼ ਅਤੇ ਸਮਾਜ ਦੀ ਭਲਾਈ ਲਈ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆ ਦੀ ਤਿਆਰੀ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਇਸ ਮਕਸਦ ਦੀ ਪੂਰਤੀ ਲਈ ਚੰਡੀਗੜ੍ਹ ਵਿਖੇ ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਅਕੈਡਮੀ ਰਾਹੀਂ ਹਰ ਸਾਲ 25 ਯੋਗ ਸਿੱਖ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਦਿੱਤੀ ਜਾ ਰਹੀ ਹੈ। ਇਸ ਕਾਰਜ ਲਈ ਉੱਚ ਅਹੁਦਿਆਂ 'ਤੇ ਰਹੇ ਸਾਬਕਾ ਆਈਏਐਸ ਅਧਿਕਾਰੀਆਂ ਦੀਆਂ ਸੇਵਾਵਾਂ ਵੀ ਲਈਆਂ ਜਾ ਰਹੀਆਂ ਹਨ। ਇਸੇ ਤਰ੍ਹਾਂ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਵਿਖੇ ਵੀ ਨਿਆਂਇਕ ਸੇਵਾਵਾਂ ਦੀ ਤਿਆਰੀ ਲਈ ਹਰ ਸਾਲ 25 ਵਿਦਿਆਰਥੀਆਂ ਨੂੰ ਸਿਖਲਾਈ ਦੇਣ ਦਾ ਪ੍ਰਬੰਧ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਉਪਰਾਲਿਆਂ ਦਾ ਮਕਸਦ ਆਰਥਿਕ ਤੰਗੀਆਂ ਕਾਰਨ ਪਿੱਛੇ ਰਹਿ ਜਾਂਦੇ ਹੋਣਹਾਰ ਸਿੱਖ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੁੱਢਲੀ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਆਪਣੀ ਲੋੜ ਅਨੁਸਾਰ ਦੇਸ਼ ਦੇ ਕਿਸੇ ਵੀ ਸ਼ਹਿਰ ਵਿਚ ਅਗਲੀ ਤਿਆਰੀ ਕਰ ਸਕਦੇ ਹਨ, ਜਿਸ ਲਈ ਸ਼੍ਰੋਮਣੀ ਕਮੇਟੀ ਸਹਿਯੋਗ ਕਰੇਗੀ। ਇਸੇ ਦੌਰਾਨ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖਾਂ ਦੀ ਨੁਮਾਇੰਦਾ ਸੰਸਥਾ ਵੱਲੋਂ ਮਿਲਿਆ ਇਹ ਸਨਮਾਨ ਉਨ੍ਹਾਂ ਲਈ ਅਨਮੋਲ ਹੈ, ਜੋ ਬੱਚਿਆਂ ਨੂੰ ਗੁਰੂ ਆਸ਼ੇ ਅਨੁਸਾਰ ਸੇਵਾਵਾਂ ਕਰਨ ਲਈ ਹਮੇਸ਼ਾ ਪ੍ਰੇਰਿਤ ਕਰੇਗਾ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਦਾ ਇਹ ਉਪਰਾਲਾ ਹੋਰਨਾਂ ਵਿਦਿਆਰਥੀਆਂ ਨੂੰ ਅੱਗੇ ਵਧਣ ਦੀ ਪ੍ਰੇਰਣਾ ਦੇਵੇਗਾ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖ ਸੰਸਥਾ ਆਪਣੀ ਸਥਾਪਨਾ ਦੀ ਭਾਵਨਾ ਅਨੁਸਾਰ ਜਿਥੇ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਦੇਖਦੀ ਹੈ, ਉਥੇ ਹੀ ਵਿਦਿਆ, ਸਿਹਤ ਸਹੂਲਤਾਂ ਅਤੇ ਲੋਕ ਭਲਾਈ ਦੇ ਕਾਰਜਾਂ ਵਿਚ ਵੀ ਮੋਹਰੀ ਰੋਲ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮੁਕਾਬਲਾ ਪ੍ਰੀਖਿਆ ਲਈ ਤਿਆਰ ਕਰਨ ਵਾਸਤੇ ਵੀ ਸ਼੍ਰੋਮਣੀ ਕਮੇਟੀ ਵੱਡੇ ਉਪਰਾਲੇ ਕਰ ਰਹੀ ਹੈ।

ਅਮਿਤ ਸ਼ਾਹ ਮਜੀਠੀਆ ਨਾਲ ਹੱਥ ਮਿਲਾ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨਗੇ?

ਇਹ ਤਾਂ ਦੁਨੀਆ ਦਾ 8ਵਾਂ ਅਜੂਬਾ ਹੋਵੇਗਾ: ਕੇਜਰੀਵਾਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ('ਆਪ') ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸਿਆਸੀ ਮੌਕਾਪ੍ਰਸਤੀ ਨੂੰ ਲੈ ਕੇ ਭਾਜਪਾ-ਅਕਾਲੀ ਗਠਜੋੜ 'ਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਸਵਾਲ ਕੀਤਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨਾਲ ਹੱਥ ਮਿਲਾ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਦਾਅਵਾ ਕਿਵੇਂ ਕਰ ਸਕਦੇ ਹਨ? ਪ੍ਰਸਤਾਵਿਤ ਗੱਠਜੋੜ 'ਤੇ ਤਿੱਖਾ ਤੰਜ ਕੱਸਦਿਆਂ 'ਆਪ' ਸੁਪਰੀਮੋ ਨੇ ਕਿਹਾ ਕਿ ਅਮਿਤ ਸ਼ਾਹ ਦਾ ਮਜੀਠੀਆ ਨਾਲ ਹੱਥ ਮਿਲਾ ਕੇ ਪੰਜਾਬ 'ਚੋਂ ਨਸ਼ਿਆਂ ਦਾ ਖ਼ਾਤਮਾ ਕਰਨਾ "ਦੁਨੀਆ ਦਾ ਅੱਠਵਾਂ ਅਜੂਬਾ" ਹੋਵੇਗਾ।

'ਐਕਸ' 'ਤੇ ਲਿਖਦਿਆਂ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ: "ਮਜੀਠੀਆ ਅਤੇ ਅਮਿਤ ਸ਼ਾਹ ਭਰਾਵਾਂ ਵਾਂਗ ਬਹੁਤ ਨੇੜੇ ਹਨ। ਹੁਣ ਮਜੀਠੀਆ ਨਾਲ ਗੱਠਜੋੜ ਕਰਕੇ ਅਮਿਤ ਸ਼ਾਹ ਜੀ ਪੰਜਾਬ ਨੂੰ ਨਸ਼ਾ ਮੁਕਤ ਕਰਨਗੇ। ਇਹ ਤਾਂ ਦੁਨੀਆ ਦਾ ਅੱਠਵਾਂ ਅਜੂਬਾ ਹੋਵੇਗਾ। 'ਵਾਹ, ਮੋਦੀ ਜੀ, ਵਾਹ। ਕੀ ਮਾਸਟਰ ਪਲਾਨ ਹੈ।'"

'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ, "ਪੰਜਾਬ ਵਿੱਚ ਨਸ਼ਿਆਂ ਨੂੰ 'ਕੰਟਰੋਲ' ਕਰਨ ਦੀ ਅਮਿਤ ਸ਼ਾਹ ਦੀ ਯੋਜਨਾ। ਉਹ ਮਜੀਠੀਆ ਨਾਲ ਹੱਥ ਮਿਲਾ ਕੇ ਅਜਿਹਾ ਕਰਨਗੇ। ਨਸ਼ਾ ਖ਼ਤਮ ਨਹੀਂ, ਸਿਰਫ਼ 'ਕੰਟਰੋਲ' ਕਰਨਾ।"ਅਕਾਲੀ ਦਲ ਅਤੇ ਭਾਜਪਾ ਵਿਚਕਾਰ ਵਧ ਰਹੀ ਨੇੜਤਾ ਬਾਰੇ ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ, "ਕੁੱਝ ਮਹੀਨੇ ਪਹਿਲਾਂ ਤੱਕ ਦੋਵੇਂ ਪਾਰਟੀਆਂ ਕਹਿ ਰਹੀਆਂ ਸਨ ਕਿ ਉਹ ਸਾਰੀਆਂ 117 ਸੀਟਾਂ 'ਤੇ ਆਜ਼ਾਦਾਨਾ ਤੌਰ 'ਤੇ ਚੋਣ ਲੜਨਗੀਆਂ। ਹਾਲਾਂਕਿ, ਜ਼ਮੀਨੀ ਪੱਧਰ 'ਤੇ ਜਾ ਕੇ ਅਤੇ ਜਨਤਾ ਦੇ ਮੂਡ ਦਾ ਅੰਦਾਜ਼ਾ ਲਗਾਉਣ ਤੋਂ ਬਾਅਦ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਪੰਜਾਬ ਦੇ ਲੋਕ ਉਨ੍ਹਾਂ ਨੂੰ ਪ੍ਰਵਾਨ ਕਰਨ ਲਈ ਤਿਆਰ ਨਹੀਂ ਹਨ। ਇਸੇ ਲਈ ਹੁਣ ਉਨ੍ਹਾਂ ਦੇ ਬਿਆਨ ਬਦਲ ਗਏ ਹਨ ਅਤੇ ਉਹ ਮਿਲ ਕੇ ਚੋਣ ਲੜਨ ਦੀਆਂ ਗੱਲਾਂ ਕਰ ਰਹੇ ਹਨ।"

ਉਨ੍ਹਾਂ ਅੱਗੇ ਕਿਹਾ ਕਿ ਚਾਹੇ ਦੋਵੇਂ ਪਾਰਟੀਆਂ ਮਿਲ ਕੇ ਚੋਣ ਲੜਨ ਜਾਂ ਵੱਖ-ਵੱਖ, ਨਤੀਜਾ ਉਹੀ ਰਹੇਗਾ, ਕਿਉਂਕਿ ਪੰਜਾਬ ਦੇ ਲੋਕ 2007 ਤੋਂ 2017 ਤੱਕ ਦਾ ਉਨ੍ਹਾਂ ਦਾ ਰਿਕਾਰਡ ਨਹੀਂ ਭੁੱਲੇ ਹਨ। "ਪੰਜਾਬ ਦੇ ਲੋਕਾਂ ਨੇ ਦੇਖਿਆ ਹੈ ਕਿ ਅਕਾਲੀ ਦਲ ਅਤੇ ਭਾਜਪਾ ਨੇ ਆਪਣੇ ਦਸ ਸਾਲਾਂ ਦੇ ਰਾਜ ਦੌਰਾਨ ਕੀ ਕੀਤਾ। ਉਨ੍ਹਾਂ ਨੇ ਇਹ ਵੀ ਦੇਖਿਆ ਹੈ ਕਿ ਕਾਂਗਰਸ ਸਰਕਾਰ ਨੇ ਆਪਣੇ ਪੰਜ ਸਾਲਾਂ ਦੇ



ਕਾਰਜਕਾਲ ਦੌਰਾਨ ਲੋਕਾਂ ਨਾਲ ਕਿਵੇਂ ਧੋਖਾ ਕੀਤਾ। ਚਾਹੇ ਉਹ ਕਿੰਨੀਆਂ ਵੀ ਰੈਲੀਆਂ ਕਰਨ ਜਾਂ ਰੋਡ ਸ਼ੋਅ ਕੱਢਣ, ਇਹ ਪਾਰਟੀਆਂ ਸਿਰਫ਼ ਸਿਆਸੀ ਸਰਗਰਮੀਆਂ ਨਾਲ ਕਾਮਯਾਬ ਨਹੀਂ ਹੋਣਗੀਆਂ। ਲੋਕ ਨਤੀਜੇ ਅਤੇ ਸੁਚੱਜਾ ਸ਼ਾਸਨ ਚਾਹੁੰਦੇ ਹਨ।"

ਅਮਨ ਅਰੋੜਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸਾਢੇ ਚਾਰ ਸਾਲਾਂ ਵਿੱਚ ਉਹ ਕੰਮ ਕਰ ਕੇ ਦਿਖਾਏ ਹਨ ਜੋ ਦਹਾਕਿਆਂ ਵਿੱਚ ਨਹੀਂ ਹੋਏ ਸਨ। ਉਨ੍ਹਾਂ ਕਿਹਾ ਕਿ ਲੋਕ ਜਨਤਕ ਭਲਾਈ ਅਤੇ ਵਿਕਾਸ ਦੇ ਆਧਾਰ 'ਤੇ ਸਰਕਾਰਾਂ ਦੀ ਤੁਲਨਾ ਕਰਨਗੇ। "ਲੋਕਾਂ ਨੂੰ ਉਨ੍ਹਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਦੀ ਚਿੰਤਾ ਹੈ। ਜਦੋਂ ਉਹ ਜਨਤਕ ਭਲਾਈ 'ਤੇ ਸਰਕਾਰਾਂ ਦੀ ਕਾਰਗੁਜ਼ਾਰੀ ਦੀ ਤੁਲਨਾ ਕਰਨਗੇ, ਤਾਂ ਮੈਨੂੰ ਵਿਸ਼ਵਾਸ ਹੈ ਕਿ 'ਆਪ' ਸਰਕਾਰ ਦੁਆਰਾ ਕੀਤੇ ਗਏ ਕੰਮਾਂ ਦਾ ਕੋਈ ਮੁਕਾਬਲਾ ਨਹੀਂ ਕਰ ਸਕਦਾ। 2027 ਦੀਆਂ ਵਿਧਾਨ ਸਭਾ ਚੋਣਾਂ ਦੇ ਨਤੀਜੇ ਇਸ ਨੂੰ ਦਰਸਾਉਣਗੇ, ਅਤੇ 'ਆਪ' ਸਰਕਾਰ ਭਾਰੀ ਬਹੁਮਤ ਨਾਲ ਦੁਬਾਰਾ ਸੱਤਾ ਵਿੱਚ ਆਵੇਗੀ।"

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਇਸ ਦਾਅਵੇ 'ਤੇ ਪ੍ਰਤੀਕਿਰਿਆ ਦਿੰਦਿਆਂ ਕਿ ਐਨਡੀਏ ਪੰਜਾਬ ਵਿੱਚ ਅਗਲੀ ਸਰਕਾਰ ਬਣਾਏਗੀ, 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ, "ਨੇਤਾ ਆਪਣੇ ਵਰਕਰਾਂ ਦਾ ਉਤਸ਼ਾਹ ਵਧਾਉਣ ਅਤੇ ਕੇਡਰ ਨੂੰ ਮਜ਼ਬੂਤ ਕਰਨ ਲਈ ਅਜਿਹੇ ਬਿਆਨ ਦਿੰਦੇ ਹਨ। ਹਾਲਾਂਕਿ, ਅਜਿਹਾ ਨਹੀਂ ਹੈ ਕਿ ਜਿਸ ਵੀ ਰਾਜ ਵਿੱਚ ਉਨ੍ਹਾਂ ਨੇ ਅਜਿਹੇ ਦਾਅਵੇ ਕੀਤੇ ਹਨ, ਉੱਥੇ ਉਹ ਜਿੱਤੇ ਹੋਣ। ਅਸਲੀ ਪ੍ਰੀਖਿਆ ਲੋਕਾਂ ਲਈ ਕੀਤਾ ਗਿਆ ਕੰਮ ਹੈ। ਜਦੋਂ ਤੁਲਨਾ ਜਨਤਕ ਭਲਾਈ ਦੀ ਹੁੰਦੀ ਹੈ, ਤਾਂ ਮੈਨੂੰ ਵਿਸ਼ਵਾਸ ਹੈ ਕਿ 'ਆਪ' ਸਰਕਾਰ ਦੇ ਰਿਕਾਰਡ ਦਾ ਕੋਈ ਮੁਕਾਬਲਾ ਨਹੀਂ ਕਰ ਸਕਦਾ।"

'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ, "2007 ਤੋਂ 2017 ਤੱਕ ਅਕਾਲੀ-ਭਾਜਪਾ ਰਾਜ ਦੌਰਾਨ ਪੰਜਾਬ ਵਿੱਚ 'ਚਿੱਟੇ' ਦੀ ਲਾਹਨਤ ਪਹਿਲੀ ਵਾਰ ਸਾਹਮਣੇ ਆਈ ਅਤੇ ਇਸ ਤੋਂ ਪਹਿਲਾਂ ਕਿ ਕੋਈ ਇਸ ਸੰਕਟ ਦੀ ਗੰਭੀਰਤਾ ਨੂੰ ਸਮਝ ਸਕਦਾ, ਇਸ ਨੇ ਪੰਜਾਬੀਆਂ ਦੀ ਪੂਰੀ ਪੀੜ੍ਹੀ ਨੂੰ ਨਿਗਲ ਲਿਆ। ਮਾਨ ਸਰਕਾਰ ਪੰਜਾਬ ਨੂੰ ਇਸ ਨਸ਼ੇ ਦੀ ਅਲਾਮਤ ਤੋਂ ਮੁਕਤ ਕਰਵਾਉਣਾ ਚਾਹੁੰਦੀ ਹੈ। ਪਰ ਅਮਿਤ ਸ਼ਾਹ 'ਚਿੱਟਾ ਪਾਰਟੀ' ਅਤੇ ਮਜੀਠੀਆ ਨਾਲ ਇੱਕ ਵਾਰ ਫਿਰ ਗੱਠਜੋੜ ਕਰਕੇ ਪੰਜਾਬ ਨੂੰ ਮੁੜ ਉਸੇ ਖੱਡ ਵਿੱਚ ਧੱਕਣਾ ਚਾਹੁੰਦੇ ਹਨ।"

'ਆਪ' ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅਕਾਲੀ ਦਲ ਅਤੇ ਭਾਜਪਾ ਨੇ ਰਸਮੀ ਤੌਰ 'ਤੇ ਵੱਖ ਹੋਣ ਦੇ ਦੌਰ ਦੇ ਬਾਵਜੂਦ ਸਿਆਸੀ ਨੇੜਤਾ ਬਣਾਈ ਰੱਖੀ ਹੈ ਅਤੇ ਉਨ੍ਹਾਂ ਦੇ ਫ਼ੈਸਲੇ ਚੋਣ ਗਣਿਤ ਤੋਂ ਪ੍ਰੇਰਿਤ ਹੁੰਦੇ ਹਨ। ਉਨ੍ਹਾਂ ਕਿਹਾ, "ਉਹ ਸਿਆਸੀ ਤੌਰ 'ਤੇ ਜੁੜੇ ਹੋਏ ਹਨ ਅਤੇ ਜਦੋਂ ਵੀ ਉਨ੍ਹਾਂ ਨੂੰ ਲੱਗਦਾ ਹੈ ਕਿ ਇਸ ਨਾਲ ਉਨ੍ਹਾਂ ਨੂੰ ਫ਼ਾਇਦਾ ਹੋਵੇਗਾ, ਉਹ ਇਕੱਠੇ ਹੋ ਜਾਂਦੇ ਹਨ। ਜਦੋਂ ਉਨ੍ਹਾਂ ਨੂੰ ਲੱਗਦਾ ਹੈ ਕਿ ਵੱਖ ਰਹਿਣ ਨਾਲ ਉਨ੍ਹਾਂ ਦੇ ਹਿੱਤ ਪੂਰੇ ਹੋਣਗੇ, ਤਾਂ ਉਹ ਵੱਖ ਹੋ ਜਾਂਦੇ ਹਨ। ਉਨ੍ਹਾਂ ਦੇ ਸਿਆਸੀ ਸਟੈਂਡ ਉਨ੍ਹਾਂ ਦੀਆਂ ਗਣਨਾਵਾਂ ਅਨੁਸਾਰ ਬਦਲਦੇ ਹਨ।"

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੁਆਰਾ ਲਿਆਂਦੇ ਗਏ ਤਿੰਨ ਖੇਤੀ ਕਾਨੂੰਨਾਂ ਦਾ ਹਵਾਲਾ ਦਿੰਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਨੇ ਕਿਹਾ ਕਿ ਅਕਾਲੀ ਦਲ ਨੇ ਭਾਜਪਾ ਤੋਂ ਉਦੋਂ ਦੂਰੀ ਬਣਾ ਲਈ ਸੀ ਜਦੋਂ ਉਸ ਨੂੰ ਲੱਗਿਆ ਕਿ ਪਾਰਟੀ ਨਾਲ ਉਸ ਦਾ ਸਬੰਧ ਪੰਜਾਬ ਵਿੱਚ ਲੋਕਾਂ ਦੇ ਵਿਰੋਧ ਦਾ ਕਾਰਨ ਬਣ ਸਕਦਾ ਹੈ।

ਉਨ੍ਹਾਂ ਕਿਹਾ ਕਿ ਤਾਜ਼ਾ ਘਟਨਾਕ੍ਰਮ ਨੇ ਇੱਕ ਵਾਰ ਫਿਰ ਦੋਵਾਂ ਪਾਰਟੀਆਂ ਦੇ ਰਿਸ਼ਤੇ ਪਿੱਛੇ ਦੀ ਸਿਆਸੀ ਸੁਖ-ਸਹੂਲਤ ਨੂੰ ਉਜਾਗਰ ਕਰ ਦਿੱਤਾ ਹੈ। "ਚਾਹੇ ਉਹ ਮਿਲ ਕੇ ਚੋਣ ਲੜਨ ਜਾਂ ਵੱਖ-ਵੱਖ, ਸਾਨੂੰ ਕੋਈ ਫ਼ਰਕ ਨਹੀਂ ਪੈਂਦਾ।

ਪੰਜਾਬ ਵਿੱਚ ਨਾ ਤਾਂ ਅਕਾਲੀ ਦਲ ਅਤੇ ਨਾ ਹੀ ਭਾਜਪਾ ਦੀ ਅਜਿਹੀ ਸਿਆਸੀ ਸਥਿਤੀ ਹੈ ਕਿ ਉਹ ਅਗ

47TH ANNUAL MAHAN NAGAR KIRTAN

Dedicated to Guru Granth Sahib's Gurgaddi Divas



Waheguru Ji Ka Khalsa Shri Waheguru ji Ki Fateh

Dedicated to the Gurgaddi Divas of Juggo Jug Atal Dhan Dhan Sahib Sri Guru Granth Sahib Ji the sacred occasion of "Guru Maneyo Granth" is being celebrated with great devotion and enthusiasm with the support of the Sangat.

Sikh Temple Gurdwara Sahib Yuba City's 47th Annual Mahan Nagar Kirtan and Gurmati Samagam is going to be held on Sunday, November 1, 2026 with great devotion and enthusiasm with the support of the Sangat.

The series of Sri Akhand Path Sahib Ji started from September 4, 2026 which will end with Nagar Kirtan on November 1, 2026

Arriving Ragi Jathe and Preachers

Kirtani Jathe

- BHAI KAMALJIT SINGH JI, HAZURI RAGI, SRI DARBAR SAHIB
- BHAI MANINDER SINGH JI, SRINAGAR WALE

Kathavachak

- BHAI GURDEEP SINGH KAPURTHALA WALE

Dhadi

- BHAI SUKHWINDER SINGH ANMOL JI AND JATHA

Special Kirtan Event

Will be Held from
19TH October, 2026 (Monday)
from 6:00pm to 10:00pm Daily.

Apart from this, many other Raggi and Dhaadi and Kirtani groups will delight the Guru's followers with KIRTAN & katha thoughts.

CHILDREN'S SPECIAL KIRTAN DARBAR
On 10th October 2026 (SATURDAY) from 6:30pm to 9:30pm

SPECIAL DHADI DIWAN & MARTYRDOM DIWAS
On 24th October 2026 (SATURDAY) from 6:30 pm to 10:00 pm

RIAAN SABAI KIRTAN
On 31st October 2026 (SATURDAY) from 6 pm to 1:00 am in which famous Kirtanis will mesmerize the Discaples with thier hymes.

FIREWORKS
On 30st October 2026 (Friday) Display at 8:00 pm

BHAI MEHAL SINGH JI DA KAVISHARI JATHA
12 October, Monday to 17 October, Saturday
Time: 8:00 PM to 9:30 PM
18 October, Sunday, Time: 12:00 PM to 1:30 PM

DASTAR COMPETITION
31st October, Saturday
Time: 11:00 AM

AMRIT SANCHAR
On 31st October 2026 (SATURDAY) at 5:00 am

SEWA OF NISHAN SAHIB
On 31st October 2026 (SATURDAY) at 8:00 am

SEMINAR
31st October, Saturday
Time: 2:00 PM to 4:00 PM

BHOG & KIRTAN CEREMONY
On 1st November 2026 (SUNDAY) at 7:30 Morning Sri Akhand Path Sahib ji Will be Worshipped after which The Kirtan Ceremony will begin

NAGAR KIRTAN
Will be held On 1st November 2026 (SUNDAY) under the Auspice of Shri Guru Granth Sahib ji starting at 9:00am and will end up at 4:00pm after reaching Gurudwara Sahib

REQUEST All Guru Nanak Naam Sangat are requested to leave all their work and attend Nagar Kirtan and Attain the Happiness of the Guru Ji

The route of Nagar Kirtan will be the Same as last year, Parking of Vehicles will be done only at the Designated place Free buses will be arranged from River Valley High School to Guru Ghar from 08:00 am to 06:30 pm Special Arrangements have been made for security and the shop market will be held at the same Place a last year.

Requester: Gurudwara Sahib Management Committee Contact for More Information

Bhai Ranjit Singh Ji (Head Granthi Yuba City) (530) 673-9918, (530) 799-6989,
Chairman S: Dilbagh Singh Ji Bains (530) 682-9316, President: Sarabjit Singh ji Thiara (530) 682-5861,
Secretary: Tejinder Singh Ji Dosanjh (530) 751-6322, Treasurer: Harnek Singh (530) 682-8094

Serving Californians since 1999

Global Green
INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME, BUSINESS, LIFE

510-487-1000

WWW.GGIABA.COM

COVERED CALIFORNIA

Certified INSURANCE AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL

510-557-0061

Buying OR Selling Real Estate Let US HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh Mann
DRE#02321006

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

PAUL SIHOTA





ਪੰਨੂ ਦੀ 'ਸੀਜੇਪੀ' ਨੂੰ ਫੰਡਿੰਗ ਦੀ ਧਮਕੀ ਭਾਰਤ ਵਿਰੁੱਧ ਖਾਲਿਸਤਾਨੀ ਸਾਜ਼ਿਸ਼ ਬੇਨਕਾਬ

ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਖਾਲਿਸਤਾਨੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਭਾਰਤ ਵਿੱਚ ਮੋਦੀ ਸਰਕਾਰ ਨੂੰ ਡੇਗਣ ਦੇ ਉਦੇਸ਼ ਨਾਲ 'ਕਾਕਰੋਚ ਜਨਤਾ ਪਾਰਟੀ' (ਸੀਜੇਪੀ) ਦੇ ਪ੍ਰਦਰਸ਼ਨਾਂ ਅਤੇ ਅੰਦੋਲਨਾਂ ਨੂੰ ਸਮਰਥਨ ਦੇਣ ਅਤੇ ਫੰਡਿੰਗ ਕਰਨ ਦੀ ਧਮਕੀ ਨੂੰ ਭਾਰਤ ਵਿਰੋਧੀ ਸਿਆਸੀ ਗੱਠਜੋੜ ਦਾ ਗੰਭੀਰ ਅਤੇ ਚਿੰਤਾਜਨਕ ਸੰਕੇਤ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਨੂ ਦੇ ਐਲਾਨ ਨੇ ਭਾਰਤ ਦੀ ਲੋਕਤੰਤਰੀ ਪ੍ਰਕਿਰਿਆ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਇਸ ਫੰਡਿੰਗ ਦੇ ਐਲਾਨ ਅਤੇ ਸੀਜੇਪੀ ਦੇ ਭਾਰਤ ਵਿਰੋਧੀ ਖਾਲਿਸਤਾਨੀ ਤੱਤਾਂ ਨਾਲ ਕਥਿਤ ਸਬੰਧਾਂ ਦੀ ਤੁਰੰਤ ਜਾਂਚ ਦੀ ਮੰਗ ਕਰਦਿਆਂ ਅਰਵਿੰਦ ਕੇਜਰੀਵਾਲ ਅਤੇ ਸੀਜੇਪੀ ਨੂੰ ਸਪੱਸ਼ਟ ਕਰਨ ਲਈ ਕਿਹਾ ਕਿ ਕੀ ਉਹ ਚੁਣੀ ਹੋਈ ਸਰਕਾਰ ਨੂੰ ਅਸਥਿਰ ਕਰਨ ਲਈ ਕਿਸੇ ਖਾਲਿਸਤਾਨੀ ਅੱਤਵਾਦੀ ਤੋਂ ਪੈਸਾ ਲੈਣ ਲਈ ਤਿਆਰ ਹਨ?

ਉਨ੍ਹਾਂ ਕਿਹਾ ਕਿ ਜੇਕਰ ਇਹ ਦਾਅਵਾ ਸਹੀ ਸਾਬਤ ਹੁੰਦਾ ਹੈ, ਤਾਂ ਇਹ ਮਹਿਜ਼ ਸਿਆਸੀ ਪ੍ਰਦਰਸ਼ਨਾਂ ਦਾ ਮਾਮਲਾ ਨਹੀਂ ਰਹੇਗਾ, ਸਗੋਂ ਵਿਦੇਸ਼ੀ ਧਰਤੀ ਤੋਂ ਭਾਰਤ ਦੀ ਲੋਕਤੰਤਰੀ ਵਿਵਸਥਾ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਦਾ ਗੰਭੀਰ ਮਾਮਲਾ ਹੋਵੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਨੂ ਵੱਲੋਂ ਕੈਨੇਡਾ ਤੋਂ ਜਾਰੀ ਵੀਡੀਓ ਵਿੱਚ ਸੀਜੇਪੀ ਨੂੰ ਫੰਡਿੰਗ ਕਰਨ ਦੀ ਧਮਕੀ ਤੇ ਐਲਾਨ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਸੀਜੇਪੀ ਅਤੇ ਅਰਵਿੰਦ ਕੇਜਰੀਵਾਲ ਦੀ ਸਿਆਸਤ ਨੂੰ ਇੱਕੋ ਸਿੱਕੇ ਦੇ ਦੋ ਪਹਿਲੂ ਕਰਾਰ ਦਿੰਦਿਆਂ ਉਨ੍ਹਾਂ ਕਿਹਾ ਕਿ ਕੇਜਰੀਵਾਲ ਅਤੇ ਸੀਜੇਪੀ ਸਪੱਸ਼ਟ ਕਰਨ ਕਿ ਕੀ ਉਨ੍ਹਾਂ ਦੀ ਸਿਆਸੀ ਮੁਹਿੰਮ ਨੂੰ ਭਾਰਤ ਵਿਰੋਧੀ ਖਾਲਿਸਤਾਨੀ ਤੱਤਾਂ ਦੀ ਫੰਡਿੰਗ ਦੀ ਲੋੜ ਹੈ। ਕੀ ਲੋਕਤੰਤਰੀ ਤਰੀਕੇ ਨਾਲ ਸਰਕਾਰ ਬਦਲਣ ਦੀ ਥਾਂ ਵਿਦੇਸ਼ੀ ਫੰਡਿੰਗ ਰਾਹੀਂ ਚੁਣੀ ਹੋਈ ਸਰਕਾਰ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ? ਕੀ ਵਿਦਿਆਰਥੀ ਅੰਦੋਲਨਾਂ ਦੀ ਆੜ ਵਿੱਚ ਭਾਰਤ ਵਿੱਚ ਫਰਾਂਸ, ਇਟਲੀ ਅਤੇ ਅਲਬਾਨੀਆ ਵਰਗੇ ਹਾਲਾਤ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ?

ਉਨ੍ਹਾਂ ਕਿਹਾ ਕਿ ਪੰਨੂ ਵੱਲੋਂ 'ਪੰਜਵੀਂ ਪੀੜ੍ਹੀ ਦੀ ਜੰਗ' ਦੇ ਨਾਂ ਹੇਠ ਵਿਦਿਆਰਥੀਆਂ ਨੂੰ ਮੋਹਰਾ ਬਣਾ ਕੇ ਭਾਰਤ ਵਿੱਚ ਪ੍ਰਦਰਸ਼ਨਾਂ ਲਈ ਫੰਡਿੰਗ ਕਰਨ, ਸਿੱਖ ਨੌਜਵਾਨਾਂ ਨੂੰ ਕਥਿਤ 'ਸਿੱਖ ਹੋਮਲੈਂਡ ਸਿਕਿਉਰਿਟੀ' ਫੋਰਸ ਤਹਿਤ ਹਥਿਆਰਾਂ ਦੀ ਸਿਖਲਾਈ ਦੇਣ, ਭਾਰਤ ਨੂੰ ਆਰਥਿਕ ਤੌਰ 'ਤੇ ਤਬਾਹ ਕਰਨ ਦੀ ਵਕਾਲਤ ਕਰਨ ਅਤੇ ਭੜਕਾਊ ਨਾਅਰੇਬਾਜ਼ੀ ਦੇ ਦਾਅਵੇ ਇਸ ਮਾਮਲੇ ਨੂੰ ਹੋਰ ਗੰਭੀਰ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਇਹ ਦੋਸ਼ ਸਿਰਫ਼ ਵੱਖਵਾਦੀ ਪ੍ਰਚਾਰ ਤੱਕ ਸੀਮਤ ਨਹੀਂ, ਸਗੋਂ ਭਾਰਤ ਦੀ ਕੌਮੀ ਸੁਰੱਖਿਆ ਅਤੇ ਲੋਕਤੰਤਰੀ ਸਥਿਰਤਾ ਨਾਲ ਜੁੜੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ।

ਪ੍ਰੋ. ਖਿਆਲਾ ਨੇ ਜ਼ੋਰ ਦੇ ਕੇ ਕਿਹਾ ਕਿ ਲੋਕਤੰਤਰ ਵਿੱਚ ਸਰਕਾਰ ਦਾ ਵਿਰੋਧ ਕਰਨਾ ਅਤੇ ਸ਼ਾਂਤੀਪੂਰਨ ਪ੍ਰਦਰਸ਼ਨ ਕਰਨਾ ਲੋਕਾਂ ਦਾ ਜਾਇਜ਼ ਹੱਕ ਹੈ। ਪਰ ਵਿਦੇਸ਼ੀ ਫੰਡਿੰਗ, ਹਥਿਆਰਬੰਦ ਸਿਖਲਾਈ ਅਤੇ ਸਰਕਾਰ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਨੂੰ ਆਮ ਸਿਆਸੀ ਸਰਗਰਮੀ ਕਹਿ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਭਾਰਤੀ ਜਾਂਚ ਏਜੰਸੀਆਂ ਨੂੰ ਪੰਨੂ ਦੇ ਦਾਅਵਿਆਂ, ਫੰਡਿੰਗ ਦੇ ਸੰਭਾਵੀ ਸਰੋਤਾਂ ਅਤੇ ਸੀਜੇਪੀ ਨਾਲ ਕਥਿਤ ਸਬੰਧਾਂ ਦੀ ਜਾਂਚ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਕੈਨੇਡਾ ਦੀਆਂ ਸੁਰੱਖਿਆ ਏਜੰਸੀਆਂ ਦੀਆਂ ਸਾਲਾਨਾ ਰਿਪੋਰਟਾਂ ਵਿੱਚ ਖਾਲਿਸਤਾਨੀ ਕੱਟੜਪੰਥੀ ਤੱਤਾਂ ਵੱਲੋਂ ਕੈਨੇਡੀਅਨ ਧਰਤੀ ਦੀ ਵਰਤੋਂ ਭਾਰਤ ਵਿਰੁੱਧ ਕੱਟੜਵਾਦੀ ਸਰਗਰਮੀਆਂ ਨੂੰ ਉਤਸ਼ਾਹਿਤ ਕਰਨ ਅਤੇ ਅਸਥਿਰਤਾ ਤੇ ਹਿੰਸਾ ਫੈਲਾਉਣ ਲਈ ਕੀਤੇ ਜਾਣ ਬਾਰੇ ਚਿੰਤਾਵਾਂ ਪ੍ਰਗਟਾਈਆਂ ਜਾਂਦੀਆਂ ਰਹੀਆਂ ਹਨ। ਅਜਿਹੀਆਂ ਸਰਗਰਮੀਆਂ ਲਈ ਫੰਡ ਇਕੱਠਾ ਕਰਨ ਦੇ ਮਾਮਲਿਆਂ ਨੂੰ ਵੀ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬੋਲਣ ਦੀ ਆਜ਼ਾਦੀ ਦੀ ਆੜ ਵਿੱਚ ਕੱਟੜਪੰਥੀ ਤੱਤਾਂ ਨੂੰ ਵਧਣ-ਫੁੱਲਣ ਦੇਣ ਨਾਲ ਭਾਰਤ-ਕੈਨੇਡਾ ਸਬੰਧਾਂ ਦੇ ਨਾਲ-ਨਾਲ ਕੈਨੇਡਾ ਦੀ ਅੰਦਰੂਨੀ ਸੁਰੱਖਿਆ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪਿਛਲੀ ਕੈਨੇਡੀਅਨ ਸਰਕਾਰ ਵੱਲੋਂ ਖਾਲਿਸਤਾਨੀ ਤੱਤਾਂ ਦਾ ਪੱਖ ਪੂਰਨ ਦਰਮਿਆਨ ਭਾਰਤ ਅਤੇ ਕੈਨੇਡਾ ਦੇ ਸਬੰਧਾਂ ਵਿੱਚ ਪੈਦਾ ਹੋਈ ਕੁੜੱਤਣ ਨੂੰ ਦੂਰ ਕਰਨ ਲਈ ਕਾਫ਼ੀ ਯਤਨ ਕਰਨੇ ਪਏ ਹਨ। ਹੁਣ ਕੈਨੇਡਾ ਨੂੰ ਆਪਣੇ ਕੌਮੀ ਹਿੱਤਾਂ, ਅੰਦਰੂਨੀ ਸੁਰੱਖਿਆ ਅਤੇ ਸਮਾਜਿਕ ਸਦਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਠੋਸ ਅਤੇ ਦ੍ਰਿੜ੍ਹ ਫ਼ੈਸਲੇ ਲੈਣੇ ਚਾਹੀਦੇ ਹਨ। ਕਿਸੇ ਵੀ ਦੇਸ਼ ਦੀ ਧਰਤੀ ਨੂੰ ਦੂਜੇ ਦੇਸ਼ ਦੀ ਸਰਕਾਰ ਨੂੰ ਅਸਥਿਰ ਕਰਨ, ਹਿੰਸਾ ਭੜਕਾਉਣ ਜਾਂ ਵੱਖਵਾਦੀ ਮੁਹਿੰਮਾਂ ਚਲਾਉਣ ਲਈ ਵਰਤਣ ਦੀ ਇਜਾਜ਼ਤ ਨਹੀਂ ਹੋਣੀ ਚਾਹੀਦੀ।

ਉਨ੍ਹਾਂ ਕਿਹਾ, "ਬੋਲਣ ਦੀ ਆਜ਼ਾਦੀ ਦਾ ਮਤਲਬ ਹਿੰਸਾ ਜਾਂ ਹਥਿਆਰਬੰਦ ਸਿਖਲਾਈ ਦੀ ਵਕਾਲਤ ਕਰਨ ਦੀ ਖੁੱਲ੍ਹ ਨਹੀਂ ਹੈ।" ਉਨ੍ਹਾਂ ਕੈਨੇਡਾ ਸਰਕਾਰ ਨੂੰ ਪੰਨੂ ਦੇ ਦਾਅਵਿਆਂ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਕਾਨੂੰਨ ਦੀ ਉਲੰਘਣਾ ਸਾਬਤ ਹੋਣ 'ਤੇ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਖਾਲਿਸਤਾਨੀ ਤੱਤਾਂ ਵੱਲੋਂ ਭਾਰਤ ਵਿਰੁੱਧ ਫੈਲਾਈ ਜਾ ਰਹੀ ਨਫ਼ਰਤ ਅਤੇ ਵੱਖਵਾਦ ਦੀ ਅੱਗ ਦਾ ਸੇਕ ਹੁਣ ਕੈਨੇਡਾ 'ਚ ਵੀ ਮਹਿਸੂਸ ਹੋਣ ਲੱਗਾ ਹੈ। ਅਲਬਰਟਾ ਦੀ ਵੱਖਵਾਦੀ ਮੁਹਿੰਮ ਅਤੇ ਖਾਲਿਸਤਾਨੀ ਕਾਰਕੁਨਾਂ ਵਿਚਕਾਰ ਸਮਰਥਨ ਦੇ ਆਦਾਨ-ਪ੍ਰਦਾਨ ਦੀਆਂ ਰਿਪੋਰਟਾਂ ਕੈਨੇਡਾ ਲਈ ਚਿਤਾਵਨੀ ਹੋਣੀਆਂ ਚਾਹੀਦੀਆਂ ਹਨ। ਜੇ ਭਾਰਤ ਦੀ ਵੰਡ ਦੀ ਵਕਾਲਤ ਕਰਨ ਵਾਲੇ ਤੱਤ ਕੈਨੇਡਾ ਦੇ ਅੰਦਰ ਵੀ ਵੱਖਵਾਦੀ ਰੁਝਾਨਾਂ ਨੂੰ ਸਮਰਥਨ ਦੇ ਰਹੇ ਹਨ, ਤਾਂ ਉਨ੍ਹਾਂ ਦੇ ਮਨਸੂਬਿਆਂ ਬਾਰੇ ਸਵਾਲ ਉੱਠਣੇ ਸੁਭਾਵਿਕ ਹਨ।

ਉਨ੍ਹਾਂ ਕਿਹਾ, "ਭਾਰਤ ਵਿੱਚ ਸਰਕਾਰ ਕੌਣ ਚਲਾਏਗਾ, ਇਸ ਦਾ ਫ਼ੈਸਲਾ ਕਰਨ ਦਾ ਅਧਿਕਾਰ ਸਿਰਫ਼ ਭਾਰਤੀ ਲੋਕਾਂ ਕੋਲ ਹੈ। ਭਾਰਤ ਦੀ ਏਕਤਾ, ਅਖੰਡਤਾ, ਲੋਕਤੰਤਰ, ਪ੍ਰਭੂਸੱਤਾ ਅਤੇ ਸਿੱਖ ਕੌਮ ਦੀ ਵਿਲੱਖਣ ਪਛਾਣ ਕਿਸੇ ਦੀ ਮੁਹਤਾਜ ਨਹੀਂ ਹੈ। ਭਾਰਤ ਨੂੰ ਚੁਣੌਤੀ ਦੇਣ ਵਾਲਿਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਸਿੱਖ ਕੌਮ ਨੂੰ ਦੇਸ਼ ਵਿਰੁੱਧ ਵਰਤਣ ਦੀ ਉਨ੍ਹਾਂ ਦੀ ਕੋਸ਼ਿਸ਼ ਕਦੇ ਕਾਮਯਾਬ ਨਹੀਂ ਹੋਵੇਗੀ।" ਉਨਾਂ ਕਿਹਾ ਕਿ ਸਿੱਖਾਂ ਨੂੰ ਭਾਰਤ ਵਿਰੁੱਧ ਵਰਤਣ ਦੀ ਹਰ ਕੋਸ਼ਿਸ਼ ਦਾ ਜਵਾਬ ਸਿੱਖ ਕੌਮ ਦੀ ਦੇਸ਼ਭਗਤੀ, ਗੁਰੂ ਸਾਹਿਬਾਨ ਦੀ ਸਰਬੱਤ ਦੇ ਭਲੇ ਦੀ ਵਿਚਾਰਧਾਰਾ ਅਤੇ ਭਾਰਤ ਦੀ ਏਕਤਾ ਪ੍ਰਤੀ ਵਚਨਬੱਧਤਾ ਨਾਲ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ, ਸਰਹੱਦਾਂ ਦੀ ਰਾਖੀ ਅਤੇ ਕੌਮੀ ਏਕਤਾ ਲਈ ਬੇਮਿਸਾਲ ਕੁਰਬਾਨੀਆਂ ਕੀਤੀਆਂ ਹਨ। ਉਨ੍ਹਾਂ ਕਿਹਾ, "ਵਿਦੇਸ਼ੀ ਧਰਤੀ 'ਤੇ ਬੈਠੇ ਕਿਸੇ ਵੀ ਅਖੌਤੀ ਖਾਲਿਸਤਾਨੀ ਆਗੂ ਨੂੰ ਇਹ ਹੱਕ ਨਹੀਂ ਕਿ ਉਹ ਸਿੱਖ ਨੌਜਵਾਨਾਂ ਨੂੰ ਆਪਣੇ ਸਿਆਸੀ ਮਨਸੂਬਿਆਂ ਲਈ ਮੋਹਰੇ ਵਜੋਂ ਵਰਤੇ।"



SERVPRO
OF TRACY
Cleaning. Restoration. Construction.

ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ

ਅਸੀਂ Insurance Companies ਦੇ National Account 'ਤੇ ਹਾਂ

ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ

Before



After













- ਪਾਣੀ ਨਾਲ ਨੁਕਸਾਨ ਦੀ ਮੁਰੰਮਤ
- ਕਾਰਪੇਟ ਅਤੇ ਫਰਨੀਚਰ ਸੁਕਾਉਣਾ
- ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
- Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ

Before



After



ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ

2275 N Mac Arthur Dr Tracy, CA 95376

CONTACT FOR MORE INFORMATION

DEEPINDER MAHAL
President

Office (209) 834-0200
Cell (408) 963-7702

ਗੁਰਿੰਦਰਜੀਤ ਸਿੰਘ "ਨੀਟਾ ਮਾਛੀਕੇ" ਵੱਲੋ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਲਾਨਾ ਮਹਾਨ ਨਗਰ ਕੀਰਤਨ (ਯੂਬਾ ਸਿਟੀ) ਦੀਆਂ

ਸਮੂਹ ਸਾਧ ਸੰਗਤ ਨੂੰ ਲੱਖ-ਲੱਖ ਵਧਾਈਆਂ

ਪੱਤਰਕਾਰ ਤੇ ਲੇਖਕ
ਗੁਰਿੰਦਰਜੀਤ ਸਿੰਘ "ਨੀਟਾ ਮਾਛੀਕੇ"
ਦੀ
ਅਮਰੀਕੀ ਟਰੱਕਨਾਮਾ
(ਜ਼ਿੰਦਗੀ ਡਰਾਈਵਰਾਂ ਦੀ)



ਟਰੱਕ ਡਰਾਈਵਰਾਂ ਦੀ
ਅਸਲ ਜ਼ਿੰਦਗੀ, ਚੁਣੌਤੀਆਂ,
ਸੰਘਰਸ਼ ਤੇ ਸਫਲਤਾ ਦੀ
ਦਿਲ ਨੂੰ ਛੋਹ ਲੈਣ ਵਾਲੀ ਕਹਾਣੀ

ਟਰੱਕ ਡਰਾਈਵਰਾਂ ਦੀ ਜ਼ਿੰਦਗੀ 'ਤੇ ਆਧਾਰਿਤ
ਕਿਤਾਬ "ਅਮਰੀਕੀ ਟਰੱਕਨਾਮਾ"
ਤੁਸੀਂ ਐਮਾਜਨ ਤੋਂ ਖਰੀਦ ਸਕਦੇ ਹੋ।
amazon

ਫੋਨ 'ਤੇ ਆਰਡਰ ਕਰਨ ਲਈ
+91 98152 98459

ਚੋਤਨਾ ਪ੍ਰਕਾਸ਼ਨ ਵਾਲੇ ਸ਼ਤੀਸ਼ ਗੁਲਾਟੀ ਜੀ ਦਾ
ਕੈਨੇਡਾ ਦਾ ਨੰਬਰ +1 (604) 750-0189

ਜ਼ਰੂਰ ਪੜ੍ਹੋ
ਅਤੇ ਸਾਂਝਾ ਕਰੋ

ਇੱਕ ਟਰੱਕ ਡਰਾਈਵਰ ਦੀ ਕਲਮ ਤੋਂ... ਟਰੱਕ ਡਰਾਈਵਰਾਂ ਦੇ ਨਾਮ

ATWAL
IMMIGRATION SERVICES

ATWAL
TAX & IMMIGRATION
— SERVICES —

- FAMILY PETITIONS
- NATURALIZATION (US CITIZENSHIP)
- GREEN CARD RENEW
- WORK PERMIT RENEW
- AFFIDAVIT OF SUPPORT
- INDIAN AND US PASSPORT RENEW
- INDIAN VISA
- OCI
- E-VISA
- INDIAN PASSPORT SURRENDER

ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ



TONY
ATWAL

ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com

ਜਾਂ ਫ਼ਿਰ ਸਾਡੀ WEBSITE
www.atwaltaximmigrationservices.com



ADDRESS 1
119 N Maple Ave, Ste B,Manteca, CA,95336 Manteca
(209) 505-6384

ADDRESS 2
2800 Mitchell Rd,Ste.W,Ceres ,CA 95307, Ceres
(209) 568-9682



ਸਿੱਖਿਆ ਦਾ ਭਵਿੱਖ

ਸਿੱਖਿਆ ਮਨੁੱਖੀ ਜੀਵਨ ਨੂੰ ਬਦਲਣ ਵਾਲੇ ਸਭ ਤੋਂ ਸ਼ਕਤੀਸ਼ਾਲੀ ਸਾਧਨਾਂ ਵਿੱਚੋਂ ਇੱਕ ਹੈ। ਮਨੁੱਖੀ ਸਭਿਅਤਾ ਦੇ ਵਿਕਾਸ ਤੋਂ ਲੈ ਕੇ ਅਜੋਕੇ ਤਕਨੀਕੀ ਯੁੱਗ ਤੱਕ ਸਿੱਖਿਆ ਨੇ ਸਮਾਜ ਦੀ ਸੋਚ, ਜੀਵਨ-ਸ਼ੈਲੀ ਅਤੇ ਤਰੱਕੀ ਦੀ ਦਿਸ਼ਾ ਨਿਰਧਾਰਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਰਵਾਇਤੀ ਜਮਾਤਾਂ ਅਤੇ ਛਪੀਆਂ ਹੋਈਆਂ ਪਾਠ-ਪੁਸਤਕਾਂ ਤੋਂ ਲੈ ਕੇ ਡਿਜ਼ੀਟਲ ਸਿੱਖਿਆ, ਕ੍ਰਿਤ੍ਰਿਮ ਬੁੱਧੀ ਅਤੇ ਵਰਚੁਅਲ ਕਲਾਸਰੂਮਾਂ ਤੱਕ ਸਿੱਖਿਆ ਦਾ ਸਰੂਪ ਲਗਾਤਾਰ ਬਦਲਦਾ ਰਿਹਾ ਹੈ। ਪਰ ਭਵਿੱਖ ਦੀ ਸਿੱਖਿਆ ਲਈ ਕੇਵਲ ਨਵੀਂ ਤਕਨੀਕ ਅਪਣਾਉਣਾ ਹੀ ਕਾਫ਼ੀ ਨਹੀਂ ਹੋਵੇਗਾ, ਸਗੋਂ ਸਿੱਖਣ ਅਤੇ ਸਿਖਾਉਣ ਦੇ ਢੰਗਾਂ ਬਾਰੇ ਆਪਣੀ ਸੋਚ ਵਿੱਚ ਵੀ ਬੁਨਿਆਦੀ ਤਬਦੀਲੀ ਲਿਆਉਣੀ ਪਵੇਗੀ।

ਭਵਿੱਖ ਦੀਆਂ ਜਮਾਤਾਂ ਸਿਰਫ਼ ਚਾਰ ਦੀਵਾਰਾਂ, ਨਿਸ਼ਚਿਤ ਸਮਾਂ-ਸਾਰਣੀ ਅਤੇ ਇੱਕੋ ਜਿਹੇ ਅਧਿਆਪਨ ਢੰਗ ਤੱਕ ਸੀਮਤ ਨਹੀਂ ਰਹਿਣਗੀਆਂ। ਆਉਣ ਵਾਲੇ ਸਮੇਂ ਵਿੱਚ ਸਿੱਖਿਆ ਵਧੇਰੇ ਵਿਅਕਤੀਗਤ, ਲਚਕਦਾਰ ਅਤੇ ਵਿਹਾਰਕ ਜੀਵਨ ਨਾਲ ਜੁੜੀ ਹੋਵੇਗੀ। ਕ੍ਰਿਤ੍ਰਿਮ ਬੁੱਧੀ ਦੀ ਮਦਦ ਨਾਲ ਅਧਿਆਪਕ ਵਿਦਿਆਰਥੀਆਂ ਦੀਆਂ ਸਿੱਖਣ-ਸਬੰਧੀ ਕਮਜ਼ੋਰੀਆਂ ਦੀ ਪਛਾਣ ਕਰ ਸਕਣਗੇ, ਉਨ੍ਹਾਂ ਨੂੰ ਤੁਰੰਤ ਸੁਝਾਅ ਦੇ ਸਕਣਗੇ ਅਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਪੜ੍ਹਨ-ਸਮੱਗਰੀ ਮੁਹੱਈਆ ਕਰਵਾ ਸਕਣਗੇ।

ਇਸ ਨਾਲ ਹਰ ਵਿਦਿਆਰਥੀ ਆਪਣੀ ਸਮਰੱਥਾ ਅਤੇ ਰੁਚੀ ਅਨੁਸਾਰ ਸਿੱਖਣ ਦੀ ਗਤੀ ਨਿਰਧਾਰਤ ਕਰ ਸਕੇਗਾ ਅਤੇ ਔਖੇ ਵਿਸ਼ਿਆਂ ਨੂੰ ਵਾਰ-ਵਾਰ ਸਮਝਣ ਦਾ ਮੌਕਾ ਪ੍ਰਾਪਤ ਕਰੇਗਾ ਫਿਰ ਵੀ, ਇਹ ਗੱਲ ਸਪੱਸ਼ਟ ਰਹਿਣੀ ਚਾਹੀਦੀ ਹੈ ਕਿ ਤਕਨੀਕ ਅਧਿਆਪਨ ਦਾ ਸਹਾਇਕ ਸਾਧਨ ਹੈ, ਅਧਿਆਪਕ ਦਾ ਬਦਲ ਨਹੀਂ। ਸਿੱਖਿਆ ਦੀ ਅਸਲ ਸਫ਼ਲਤਾ ਮਸ਼ੀਨਾਂ ਦੀ ਸਮਰੱਥਾ ਵਿੱਚ ਨਹੀਂ, ਸਗੋਂ ਉਨ੍ਹਾਂ ਦੀ ਵਰਤੋਂ ਰਾਹੀਂ ਵਿਦਿਆਰਥੀਆਂ ਦੀ ਸਮਝ, ਸੋਚ ਅਤੇ ਸ਼ਖ਼ਸੀਅਤ ਨੂੰ ਨਿਖਾਰਨ ਵਿੱਚ ਹੈ।

ਭਵਿੱਖ ਦੀ ਸਿੱਖਿਆ ਸਾਹਮਣੇ ਸਭ ਤੋਂ ਵੱਡੀਆਂ ਚੁਣੌਤੀਆਂ ਵਿੱਚੋਂ ਇੱਕ ਮਨੁੱਖੀ ਸੰਵੇਦਨਸ਼ੀਲਤਾ ਨੂੰ ਕਾਇਮ ਰੱਖਣਾ ਹੈ। ਮਸ਼ੀਨ ਜਾਣਕਾਰੀ ਦੇ ਸਕਦੀ ਹੈ, ਨਤੀਜਿਆਂ ਦਾ ਵਿਸ਼ਲੇਸ਼ਣ ਕਰ ਸਕਦੀ ਹੈ ਅਤੇ ਕਿਸੇ ਵਿਸ਼ੇ ਦੀ ਵਿਆਖਿਆ ਕਰ ਸਕਦੀ ਹੈ, ਪਰ ਹਮਦਰਦੀ, ਹੌਸਲਾ-ਅਫ਼ਜ਼ਾਈ, ਨੈਤਿਕ ਸੇਧ ਅਤੇ ਮਨੁੱਖੀ ਸਾਂਝ ਦਾ ਪੂਰਾ ਬਦਲ ਬਣਨਾ ਆਸਾਨ ਨਹੀਂ ਹੈ।

ਇਸ ਲਈ ਭਵਿੱਖ ਵਿੱਚ ਅਧਿਆਪਕ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋਵੇਗੀ। ਅਧਿਆਪਕ ਕੇਵਲ ਪਾਠ ਪੜ੍ਹਾਉਣ ਜਾਂ ਜਾਣਕਾਰੀ ਦੇਣ ਵਾਲਾ ਵਿਅਕਤੀ ਨਹੀਂ ਰਹੇਗਾ, ਸਗੋਂ ਇੱਕ ਮਾਰਗਦਰਸ਼ਕ, ਪ੍ਰੇਰਕ, ਖੋਜੀ ਅਤੇ ਸਹਿਯੋਗੀ ਵਜੋਂ ਵਿਦਿਆਰਥੀਆਂ ਦੀ ਸਿੱਖਣ-ਪ੍ਰਕਿਰਿਆ ਨੂੰ ਦਿਸ਼ਾ ਦੇਵੇਗਾ। ਉਹ ਵਿਦਿਆਰਥੀਆਂ ਅੰਦਰ ਜਗਿਆਸਾ ਪੈਦਾ ਕਰੇਗਾ, ਉਨ੍ਹਾਂ ਨੂੰ ਸਵਾਲ ਪੁੱਛਣ ਲਈ ਉਤਸ਼ਾਹਿਤ ਕਰੇਗਾ ਅਤੇ ਜੀਵਨ ਦੀਆਂ ਅਸਲ ਸਮੱਸਿਆਵਾਂ ਦਾ ਹੱਲ ਲੱਭਣ ਦੇ ਯੋਗ ਬਣਾਏਗਾ। ਜਾਣਕਾਰੀ ਦੇ ਇਸ ਯੁੱਗ ਵਿੱਚ ਕੇਵਲ ਤੱਥਾਂ ਨੂੰ ਯਾਦ ਕਰ ਲੈਣਾ ਸਫ਼ਲਤਾ ਦੀ ਗਾਰੰਟੀ ਨਹੀਂ ਹੈ। ਜਦੋਂ ਜਾਣਕਾਰੀ ਕੁਝ ਪਲਾਂ ਵਿੱਚ ਇੰਟਰਨੈੱਟ ਰਾਹੀਂ ਪ੍ਰਾਪਤ ਕੀਤੀ ਜਾ ਸਕਦੀ ਹੈ, ਤਾਂ ਸਿੱਖਿਆ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਤੱਥ ਯਾਦ ਕਰਵਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਸਹੀ ਸਵਾਲ ਪੁੱਛਣ, ਸਬੂਤਾਂ ਦੀ ਜਾਂਚ ਕਰਨ, ਸੱਚ ਅਤੇ ਗਲਤ ਜਾਣਕਾਰੀ ਵਿੱਚ ਫ਼ਰਕ ਪਛਾਣਨ ਅਤੇ ਨਵੀਆਂ ਸਮੱਸਿਆਵਾਂ ਦੇ ਹੱਲ ਲੱਭਣ ਦੇ ਯੋਗ ਬਣਾਉਣਾ ਹੋਣਾ ਚਾਹੀਦਾ ਹੈ।

ਆਲੋਚਨਾਤਮਕ ਸੋਚ, ਪ੍ਰਭਾਵਸ਼ਾਲੀ ਸੰਚਾਰ, ਟੀਮਵਰਕ, ਸਿਰਜਣਾਤਮਕਤਾ ਅਤੇ ਬਦਲਦੇ ਹਾਲਾਤਾਂ ਅਨੁਸਾਰ ਆਪਣੇ ਆਪ ਨੂੰ ਢਾਲਣ ਦੀ ਯੋਗਤਾ ਭਵਿੱਖ ਵਿੱਚ ਬਹੁਤ ਮਹੱਤਵਪੂਰਨ ਹੋਵੇਗੀ। ਵਿਦਿਆਰਥੀ ਨੂੰ ਇਹ ਵੀ ਸਿਖਾਇਆ ਜਾਣਾ ਚਾਹੀਦਾ ਹੈ ਕਿ ਉਹ ਪ੍ਰਾਪਤ ਜਾਣਕਾਰੀ ਨੂੰ ਅੰਨ੍ਹੇਵਾਹ ਸਵੀਕਾਰ ਕਰਨ ਦੀ ਬਜਾਏ ਉਸ ਦੀ ਤਰਕਸੰਗਤ ਜਾਂਚ ਕਰੇ ਅਤੇ ਆਪਣੇ ਗਿਆਨ ਨੂੰ ਅਮਲੀ ਜੀਵਨ ਵਿੱਚ ਵਰਤੇ।

ਕ੍ਰਿਤ੍ਰਿਮ ਬੁੱਧੀ ਨੇ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਪੈਦਾ ਕੀਤੀਆਂ ਹਨ। ਇਸ ਦੀ ਮਦਦ ਨਾਲ ਵਿਦਿਆਰਥੀ ਖੋਜ, ਲੇਖਨ, ਕੰਪਿਊਟਰ ਪ੍ਰੋਗਰਾਮਿੰਗ ਅਤੇ ਸਮੱਸਿਆ-ਹੱਲ ਕਰਨ ਵਰਗੇ ਕੰਮਾਂ ਵਿੱਚ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਪਰ ਇਸ ਉੱਤੇ ਬੇਲੋੜੀ ਨਿਰਭਰਤਾ ਵਿਦਿਆਰਥੀਆਂ ਦੀ ਸੁਤੰਤਰ ਸੋਚ, ਮੌਲਿਕਤਾ ਅਤੇ ਖ਼ੁਦ ਮਿਹਨਤ ਕਰਕੇ ਸਿੱਖਣ ਦੀ ਸਮਰੱਥਾ ਨੂੰ ਕਮਜ਼ੋਰ ਵੀ ਕਰ ਸਕਦੀ ਹੈ।

ਇਸ ਲਈ ਸਿੱਖਿਆ ਪ੍ਰਣਾਲੀ ਨੂੰ ਵਿਦਿਆਰਥੀਆਂ ਵਿੱਚ ਕ੍ਰਿਤ੍ਰਿਮ ਬੁੱਧੀ ਦੀ ਸਹੀ ਸਮਝ ਅਤੇ ਜ਼ਿੰਮੇਵਾਰ ਵਰਤੋਂ ਦੇ ਹੁਨਰ ਵਿਕਸਿਤ ਕਰਨੇ ਪੈਣਗੇ। ਉਨ੍ਹਾਂ ਨੂੰ ਇਹ ਸਿਖਾਉਣਾ ਜ਼ਰੂਰੀ ਹੈ ਕਿ ਡਿਜ਼ੀਟਲ ਯੁੱਗ ਵਿੱਚ ਦਿੱਤੀ ਜਾਣਕਾਰੀ ਦੀ ਪੁਸ਼ਟੀ ਕਿਵੇਂ ਕਰਨੀ ਹੈ, ਉਸ ਵਿੱਚ ਮੌਜੂਦ ਪੱਖਪਾਤ ਨੂੰ ਕਿਵੇਂ ਪਛਾਣਨਾ ਹੈ, ਆਪਣੀ ਨਿੱਜਤਾ ਦੀ ਰੱਖਿਆ ਕਿਵੇਂ ਕਰਨੀ ਹੈ ਅਤੇ ਅਕਾਦਮਿਕ ਇਮਾਨਦਾਰੀ ਨੂੰ ਕਿਵੇਂ ਕਾਇਮ ਰੱਖਣਾ ਹੈ।

ਅਸਲ ਸਵਾਲ ਇਹ ਨਹੀਂ ਕਿ ਵਿਦਿਆਰਥੀ ਕ੍ਰਿਤ੍ਰਿਮ ਬੁੱਧੀ ਦੀ ਵਰਤੋਂ ਕਰਦੇ ਹਨ ਜਾਂ ਨਹੀਂ, ਸਗੋਂ ਇਹ ਹੈ ਕਿ ਉਹ ਇਸ ਦੀ ਵਰਤੋਂ ਕਿੰਨੀ ਸਮਝਦਾਰੀ, ਜ਼ਿੰਮੇਵਾਰੀ ਅਤੇ ਨੈਤਿਕਤਾ ਨਾਲ ਕਰਦੇ ਹਨ।

ਤਕਨੀਕ ਅਤੇ ਆਰਥਿਕਤਾ ਵਿੱਚ ਤੇਜ਼ੀ ਨਾਲ ਹੋ ਰਹੀਆਂ ਤਬਦੀਲੀਆਂ ਕਾਰਨ ਕਈ ਪੁਰਾਣੇ ਹੁਨਰਾਂ ਦੀ ਮਹੱਤਤਾ ਘੱਟ ਰਹੀ ਹੈ, ਜਦਕਿ ਨਵੇਂ ਕਿੱਤੇ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋ ਰਹੇ ਹਨ। ਅਜਿਹੇ ਹਾਲਾਤ ਵਿੱਚ ਵੀਹ ਸਾਲ ਦੀ ਉਮਰ ਵਿੱਚ ਪ੍ਰਾਪਤ ਕੀਤੀ ਡਿਗਰੀ ਪੂਰੇ ਜੀਵਨ ਲਈ ਕਾਫ਼ੀ ਨਹੀਂ ਹੋ ਸਕਦੀ। ਵਿਅਕਤੀ ਨੂੰ ਆਪਣੇ ਗਿਆਨ ਅਤੇ ਹੁਨਰਾਂ ਨੂੰ ਸਮੇਂ-ਸਮੇਂ 'ਤੇ ਨਵਿਆਉਣਾ ਪਵੇਗਾ।

ਇਸੇ ਕਰਕੇ ਜੀਵਨ ਭਰ ਸਿੱਖਣ ਦੀ ਧਾਰਨਾ ਭਵਿੱਖ ਦੀ ਸਿੱਖਿਆ ਦਾ ਅਹਿਮ ਆਧਾਰ ਬਣੇਗੀ। ਆਨਲਾਈਨ ਕੋਰਸਾਂ, ਕਿੱਤਾਮੁਖੀ ਸਿੱਖਿਆ, ਛੋਟੀ ਮਿਆਦ ਦੇ ਸਿਖਲਾਈ ਪ੍ਰੋਗਰਾਮਾਂ ਅਤੇ ਕੰਮ ਦੌਰਾਨ ਸਿੱਖਣ ਦੇ ਮੌਕਿਆਂ ਰਾਹੀਂ ਲੋਕ ਨਵੀਆਂ ਯੋਗਤਾਵਾਂ ਹਾਸਲ ਕਰ ਸਕਣਗੇ। ਸਿੱਖਿਆ ਨੂੰ ਕੇਵਲ ਸਕੂਲ ਜਾਂ ਕਾਲਜ ਤੱਕ ਸੀਮਤ ਰੱਖਣ ਦੀ ਬਜਾਏ ਇਸ ਨੂੰ ਜੀਵਨ ਦੇ ਹਰ ਪੜਾਅ ਨਾਲ ਜੋੜਨਾ ਸਮੇਂ ਦੀ ਲੋੜ ਹੈ।

ਤਕਨੀਕ ਆਧਾਰਿਤ ਸਿੱਖਿਆ ਦਾ ਲਾਭ ਤਦ ਹੀ ਮਿਲ ਸਕਦਾ ਹੈ ਜਦੋਂ ਹਰ ਬੱਚੇ ਨੂੰ ਇਸ ਤੱਕ ਪਹੁੰਚ ਦਾ ਬਰਾਬਰ ਮੌਕਾ ਮਿਲੇ। ਜੇਕਰ ਲੱਖਾਂ ਬੱਚਿਆਂ ਕੋਲ ਭਰੋਸੇਯੋਗ ਇੰਟਰਨੈੱਟ, ਡਿਜ਼ੀਟਲ ਯੰਤਰ, ਬਿਜਲੀ ਜਾਂ ਪੜ੍ਹਾਈ ਲਈ ਢੁਕਵਾਂ ਮਾਹੌਲ ਹੀ ਨਹੀਂ ਹੈ, ਤਾਂ ਆਧੁਨਿਕ ਸਿੱਖਿਆ ਦੇ ਦਾਅਵੇ ਅਧੂਰੇ ਰਹਿ ਜਾਣਗੇ। ਪੇਂਡੂ ਅਤੇ ਪੱਛੜੇ ਖੇਤਰਾਂ ਦੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਹਾਇਤਾ ਦੇਣੀ ਲਾਜ਼ਮੀ ਹੈ। ਸਰਕਾਰ, ਸਿੱਖਿਆ ਸੰਸਥਾਵਾਂ ਅਤੇ ਸਮਾਜ ਨੂੰ ਮਿਲ ਕੇ ਅਜਿਹੀਆਂ ਸਹੂਲਤਾਂ ਵਿਕਸਿਤ ਕਰਨੀਆਂ ਚਾਹੀਦੀਆਂ ਹਨ, ਜਿਨ੍ਹਾਂ ਰਾਹੀਂ ਆਰਥਿਕ ਸਥਿਤੀ ਜਾਂ ਭੂਗੋਲਿਕ ਦੂਰੀ ਕਿਸੇ ਬੱਚੇ ਦੀ ਸਿੱਖਿਆ ਵਿੱਚ ਰੁਕਾਵਟ ਨਾ ਬਣੇ। ਤਕਨੀਕ ਦਾ ਉਦੇਸ਼ ਵਿੱਦਿਅਕ ਅਸਮਾਨਤਾ ਨੂੰ ਘਟਾਉਣਾ ਹੋਣਾ ਚਾਹੀਦਾ ਹੈ, ਨਾ ਕਿ ਇਸ ਨੂੰ ਹੋਰ ਵੱਧਾਉਣਾ।

ਭਵਿੱਖ ਦਾ ਪਾਠਕ੍ਰਮ ਵੀ ਸਮੇਂ ਦੀਆਂ ਲੋੜਾਂ ਅਨੁਸਾਰ ਵਿਕਸਿਤ ਹੋਣਾ ਚਾਹੀਦਾ ਹੈ। ਗਣਿਤ, ਵਿਗਿਆਨ, ਭਾਸ਼ਾਵਾਂ ਅਤੇ ਸਮਾਜਿਕ ਵਿਗਿਆਨਾਂ ਦੇ ਨਾਲ-ਨਾਲ ਵਾਤਾਵਰਣ ਸੰਭਾਲ, ਵਿੱਤੀ ਸਾਖਰਤਾ, ਡਿਜ਼ੀਟਲ ਨਾਗਰਿਕਤਾ, ਮੀਡੀਆ ਸਾਖਰਤਾ, ਮਾਨਸਿਕ ਤੰਦਰੁਸਤੀ, ਨੈਤਿਕਤਾ ਅਤੇ ਨਵੀਆਂ ਤਕਨੀਕਾਂ ਬਾਰੇ ਗਿਆਨ ਨੂੰ ਵੀ ਉਚਿਤ ਮਹੱਤਤਾ ਦਿੱਤੀ ਜਾਣੀ ਚਾਹੀਦੀ ਹੈ। ਇਸ ਨਾਲ ਵਿਦਿਆਰਥੀ ਨਾ ਸਿਰਫ਼ ਰੁਜ਼ਗਾਰ ਲਈ ਤਿਆਰ ਹੋਣਗੇ, ਸਗੋਂ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਵੀ ਸਮਝਣਗੇ।

ਇਸੇ ਤਰ੍ਹਾਂ ਪ੍ਰੀਖਿਆ ਅਤੇ ਮੁਲਾਂਕਣ ਪ੍ਰਣਾਲੀ ਵਿੱਚ ਵੀ ਸੁਧਾਰ ਦੀ ਲੋੜ ਹੈ। ਕੁਝ ਘੰਟਿਆਂ ਵਿੱਚ ਯਾਦ ਕੀਤੀ ਜਾਣਕਾਰੀ ਨੂੰ ਲਿਖ ਕੇ ਦੇਣਾ ਵਿਦਿਆਰਥੀ ਦੀ ਪੂਰੀ ਯੋਗਤਾ ਦਾ ਮਾਪਦੰਡ ਨਹੀਂ ਹੋ ਸਕਦਾ। ਪ੍ਰੋਜੈਕਟਾਂ, ਪ੍ਰਯੋਗਾਂ, ਪੇਸ਼ਕਾਰੀਆਂ, ਪੋਰਟਫੋਲੀਓ, ਸਮੂਹਿਕ ਗਤੀਵਿਧੀਆਂ ਅਤੇ ਅਸਲ ਜੀਵਨ ਦੀਆਂ ਸਮੱਸਿਆਵਾਂ ਦੇ ਹੱਲ ਰਾਹੀਂ ਵਿਦਿਆਰਥੀਆਂ ਦੀ ਸਮਝ, ਵਿਹਾਰਕ ਯੋਗਤਾ ਅਤੇ ਸਿਰਜਣਾਤਮਕਤਾ ਦਾ ਵਧੇਰੇ ਸੰਤੁਲਿਤ ਮੁਲਾਂਕਣ ਕੀਤਾ ਜਾ ਸਕਦਾ ਹੈ।

ਸਿੱਖਿਆ ਦਾ ਮਕਸਦ ਕੇਵਲ ਰੁਜ਼ਗਾਰ ਪ੍ਰਾਪਤ ਕਰਨ ਵਾਲੇ ਵਿਅਕਤੀ ਤਿਆਰ ਕਰਨਾ ਨਹੀਂ ਹੋਣਾ ਚਾਹੀਦਾ। ਇਸ ਦਾ ਅਸਲ ਉਦੇਸ਼ ਜ਼ਿੰਮੇਵਾਰ ਨਾਗਰਿਕ, ਸੰਵੇਦਨਸ਼ੀਲ ਮਨੁੱਖ, ਸੁਤੰਤਰ ਚਿੰਤਕ ਅਤੇ ਸਾਰੀ ਉਮਰ ਸਿੱਖਣ ਦੀ ਇੱਛਾ ਰੱਖਣ ਵਾਲੇ ਵਿਅਕਤੀ ਤਿਆਰ ਕਰਨਾ ਹੈ। ਜੇਕਰ ਤਕਨੀਕ ਪੱਖੋਂ ਬਹੁਤ ਉੱਨਤ ਸਮਾਜ ਵਿੱਚ ਨੈਤਿਕਤਾ, ਦਇਆ, ਇਮਾਨਦਾਰੀ ਅਤੇ ਮਨੁੱਖੀ ਜ਼ਿੰਮੇਵਾਰੀ ਦੀ ਘਾਟ ਹੋਵੇ, ਤਾਂ ਉਹ ਸਮਾਜ ਸ਼ਕਤੀਸ਼ਾਲੀ ਤਾਂ ਬਣ ਸਕਦਾ ਹੈ, ਪਰ ਲਾਜ਼ਮੀ ਨਹੀਂ ਕਿ ਵਧੀਆ ਵੀ ਬਣੇ। ਇਸ ਲਈ ਭਵਿੱਖ ਦੀ ਸਿੱਖਿਆ ਵਿੱਚ ਗਿਆਨ ਦੇ ਨਾਲ-ਨਾਲ ਚੰਗੇ ਚਰਿੱਤਰ, ਸਹਿਣਸ਼ੀਲਤਾ, ਸਮਾਜਿਕ ਸਾਂਝ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਨੂੰ ਵੀ ਬਰਾਬਰ ਮਹੱਤਤਾ ਦੇਣੀ ਪਵੇਗੀ

ਭਵਿੱਖ ਦੀ ਸਿੱਖਿਆ ਮਨੁੱਖ ਅਤੇ ਮਸ਼ੀਨ ਵਿਚਕਾਰ ਮੁਕਾਬਲੇ ਦਾ ਮੈਦਾਨ ਨਹੀਂ ਹੋਣਾ ਚਾਹੀਦਾ, ਸਗੋਂ ਦੋਵਾਂ ਦੀਆਂ ਸਮਰੱਥਾਵਾਂ ਦੇ ਸੁਮੇਲ ਦਾ ਮਾਧਿਅਮ ਬਣਨਾ ਚਾਹੀਦਾ ਹੈ। ਤਕਨੀਕ ਮਨੁੱਖ ਦੀਆਂ ਸੰਭਾਵਨਾਵਾਂ ਦਾ ਵਿਸਤਾਰ ਕਰੇ ਅਤੇ ਅਧਿਆਪਕ ਉਸ ਨੂੰ ਸਹੀ ਦਿਸ਼ਾ, ਨੈਤਿਕ ਸੇਧ ਅਤੇ ਪ੍ਰੇਰਨਾ ਦੇਣ। ਸਫ਼ਲ ਸਿੱਖਿਆ ਪ੍ਰਣਾਲੀ ਉਹੀ ਹੋਵੇਗੀ ਜੋ ਆਧੁਨਿਕ ਤਕਨੀਕੀ ਨਵੀਨਤਾ ਨੂੰ ਮਨੁੱਖੀ ਸਿਆਣਪ ਨਾਲ ਜੋੜ ਸਕੇ।

ਅੰਤ ਵਿੱਚ, ਸਿੱਖਿਆ ਦਾ ਭਵਿੱਖ ਇਸ ਗੱਲ ਨਾਲ ਨਿਰਧਾਰਤ ਨਹੀਂ ਹੋਵੇਗਾ ਕਿ ਸਾਡੀਆਂ ਮਸ਼ੀਨਾਂ ਕਿੰਨੀਆਂ ਉੱਨਤ ਹੋ ਜਾਂਦੀਆਂ ਹਨ, ਸਗੋਂ ਇਸ ਗੱਲ ਨਾਲ ਹੋਵੇਗਾ ਕਿ ਸਾਡੀ ਸਿੱਖਿਆ ਆਉਣ ਵਾਲੀਆਂ ਪੀੜ੍ਹੀਆਂ ਨੂੰ ਕਿਹੋ ਜਿਹੇ ਮਨੁੱਖ ਬਣਾਉਂਦੀ ਹੈ। ਜੇਕਰ ਅਸੀਂ ਸਿੱਖਿਆ ਰਾਹੀਂ ਜਗਿਆਸਾ, ਸਿਰਜਣਾਤਮਕਤਾ, ਦਇਆ, ਤਰਕਸ਼ੀਲਤਾ ਅਤੇ ਹਿੰਮਤ ਨੂੰ ਵਿਕਸਿਤ ਕਰ ਸਕੀਏ, ਤਾਂ ਤਕਨੀਕ ਮਨੁੱਖੀ ਸਮਰੱਥਾ ਦਾ ਬਦਲ ਬਣਨ ਦੀ ਬਜਾਏ ਮਨੁੱਖੀ ਤਰੱਕੀ ਦਾ ਸ਼ਕਤੀਸ਼ਾਲੀ ਸਾਧਨ ਬਣੇਗੀ। ਸਿੱਖਿਆ ਦਾ ਭਵਿੱਖ ਸਿਰਫ਼ ਡਿਜੀਟਲ ਨਹੀਂ, ਸਗੋਂ ਮਨੁੱਖੀ, ਸਮਾਵੇਸ਼ੀ, ਬੁੱਧੀਮਾਨ ਅਤੇ ਉਦੇਸ਼ਪੂਰਨ ਵੀ ਹੋਣਾ ਚਾਹੀਦਾ ਹੈ।





SUNSHINE AUTO CARE INC

WE REPAIR ALL"

AUTO • DIESEL TRUCKS • TRAILERS

All Makes & Models



FULL SERVICE AUTO & DIESEL REPAIR

- Engine Diagnostics
- Brake Service
- Suspension & Steering
- Diesel Truck Repair
- Trailer Repair

Reliable • Professional • Fast Service

1003 MOFFAT BLVD.• MANTECA, CA 95336

209-239-1551

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ





INDERJIT S. TOOR
CONSTRUCTION INC.



INDERJIT S. TOOR
CONSTRUCTION INC.
LIC# 842324

ਕੀ ਤੁਸੀਂ ਨਵਾਂ ਘਰ ਜਾਂ ਵਪਾਰਕ ਇਮਾਰਤ
ਬਣਾਉਣ ਦੀ ਯੋਜਨਾ ਬਣਾ ਰਹੇ ਹੋ ?

ਹੋਟਲ | ਅਪਾਰਟਮੈਂਟ | ਡਾਕਟਰਾਂ ਦੇ ਦਫ਼ਤਰ
ਅਤੇ ਗੈਸ ਸਟੇਸ਼ਨਾਂ ਦੇ ਨਿਰਮਾਣ ਕਾਰਜਾਂ ਲਈ
INDERJIT S. TOOR
Construction
ਨਾਲ ਸੰਪਰਕ ਕਰੋ।

Location : Northern California

ਤੁਹਾਡੀ ਸਮੱਸਿਆ, ਸਾਡਾ ਹੱਲ !

HARINDER S. TOOR CEO | (209) 404-4063

htoor@toorinc.com | www.ToorInc.com

2351 Tenaya Dr. Ste D, Modesto, CA 95354



ਕੂੜਾ ਪ੍ਰਬੰਧਨ: ਰੁਜ਼ਗਾਰ ਅਤੇ ਉੱਦਮਤਾ ਦੇ ਨਵੇਂ ਮੌਕੇ

ਕੂੜਾ ਪ੍ਰਬੰਧਨ ਹੁਣ ਸਿਰਫ਼ ਕੂੜਾ ਇਕੱਠਾ ਕਰਨ ਅਤੇ ਉਸ ਨੂੰ ਸੁੱਟਣ ਤੱਕ ਸੀਮਿਤ ਨਹੀਂ ਰਿਹਾ। ਇਹ ਰੁਜ਼ਗਾਰ, ਉੱਦਮਤਾ, ਨਵੀਨਤਾ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਨਵੇਂ ਮੌਕੇ ਪੈਦਾ ਕਰਨ ਵਾਲਾ ਇੱਕ ਮਹੱਤਵਪੂਰਨ ਖੇਤਰ ਬਣ ਗਿਆ ਹੈ। ਵਧਦੀ ਆਬਾਦੀ, ਸ਼ਹਿਰਾਂ ਦੇ ਵਿਸਥਾਰ ਅਤੇ ਖਪਤ ਵਿੱਚ ਵਾਧੇ ਕਾਰਨ ਘਰਾਂ, ਉਦਯੋਗਾਂ, ਬਾਜ਼ਾਰਾਂ ਅਤੇ ਸੰਸਥਾਵਾਂ ਵਿੱਚੋਂ ਨਿਕਲਣ ਵਾਲੇ ਕੂੜੇ ਦੀ ਮਾਤਰਾ ਲਗਾਤਾਰ ਵਧ ਰਹੀ ਹੈ। ਜੇ ਇਸ ਕੂੜੇ ਦਾ ਸਹੀ ਪ੍ਰਬੰਧਨ ਕੀਤਾ ਜਾਵੇ, ਤਾਂ ਇਹ ਕੀਮਤੀ ਸਰੋਤ ਅਤੇ ਟਿਕਾਊ ਆਰਥਿਕ ਵਿਕਾਸ ਦਾ ਸਾਧਨ ਬਣ ਸਕਦਾ ਹੈ।

ਕੂੜੇ ਨੂੰ ਖੁੱਲ੍ਹੀਆਂ ਥਾਵਾਂ ਜਾਂ ਲੈਂਡਫਿਲਾਂ ਵਿੱਚ ਸੁੱਟਣਾ ਅਤੇ ਸਾੜਨਾ ਵਾਤਾਵਰਣ ਤੇ ਮਨੁੱਖੀ ਸਿਹਤ ਲਈ ਗੰਭੀਰ ਸਮੱਸਿਆਵਾਂ ਪੈਦਾ ਕਰਦਾ ਹੈ। ਹਵਾ ਪ੍ਰਦੂਸ਼ਣ, ਧਰਤੀ ਹੇਠਲੇ ਪਾਣੀ ਦੀ ਦੂਸ਼ਿਤਤਾ, ਮਿੱਟੀ ਦੀ ਗੁਣਵੱਤਾ ਵਿੱਚ ਗਿਰਾਵਟ ਅਤੇ ਗ੍ਰੀਨਹਾਊਸ ਗੈਸਾਂ ਦਾ ਨਿਕਾਸ ਗ਼ਲਤ ਕੂੜਾ ਪ੍ਰਬੰਧਨ ਦੇ ਮੁੱਖ ਨਤੀਜੇ ਹਨ। ਵਿਗਿਆਨਕ ਅਤੇ ਵਿਵਸਥਿਤ ਪ੍ਰਬੰਧਨ ਨਾਲ ਇਨ੍ਹਾਂ ਸਮੱਸਿਆਵਾਂ ਨੂੰ ਘਟਾਉਣ ਦੇ ਨਾਲ-ਨਾਲ ਆਮਦਨ ਦੇ ਸਰੋਤ ਅਤੇ ਹਜ਼ਾਰਾਂ ਲੋਕਾਂ ਲਈ ਰੁਜ਼ਗਾਰ ਵੀ ਪੈਦਾ ਕੀਤਾ ਜਾ ਸਕਦਾ ਹੈ।

ਕੂੜਾ ਬੋਝ ਨਹੀਂ, ਇੱਕ ਸਰੋਤ ਹੈ

ਕੂੜਾ ਪ੍ਰਬੰਧਨ ਦਾ ਮੁੱਖ ਸਿਧਾਂਤ ਇਹ ਹੈ ਕਿ ਵੱਖ-ਵੱਖ ਕਿਸਮਾਂ ਦੇ ਕੂੜੇ ਦਾ ਨਿਪਟਾਰਾ ਵੱਖਰੇ ਢੰਗ ਨਾਲ ਕੀਤਾ ਜਾਣਾ ਚਾਹੀਦਾ ਹੈ। ਘਰੇਲੂ ਕੂੜੇ ਵਿੱਚ ਜੈਵਿਕ ਪਦਾਰਥ, ਕਾਗਜ਼, ਪਲਾਸਟਿਕ, ਕੱਚ, ਧਾਤਾਂ, ਇਲੈਕਟ੍ਰਾਨਿਕ ਕੂੜਾ ਅਤੇ ਹੋਰ ਬੇਕਾਰ ਵਸਤੂਆਂ ਸ਼ਾਮਲ ਹੁੰਦੀਆਂ ਹਨ। ਜੇ ਇਨ੍ਹਾਂ ਨੂੰ ਸ਼ੁਰੂਆਤੀ ਪੱਧਰ 'ਤੇ ਹੀ ਵੱਖ ਕਰ ਲਿਆ ਜਾਵੇ, ਤਾਂ ਬਹੁਤ ਸਾਰੀਆਂ ਵਸਤੂਆਂ ਦੀ ਮੁੜ ਵਰਤੋਂ, ਰੀਸਾਈਕਲਿੰਗ ਜਾਂ ਨਵੇਂ ਉਤਪਾਦ ਬਣਾਉਣ ਲਈ ਵਰਤੋਂ ਕੀਤੀ ਜਾ ਸਕਦੀ ਹੈ।

ਰਸੋਈਆਂ, ਸਬਜ਼ੀ ਮੰਡੀਆਂ, ਹੋਟਲਾਂ ਅਤੇ ਖੇਤੀਬਾੜੀ ਵਿੱਚੋਂ ਨਿਕਲਣ ਵਾਲੇ ਜੈਵਿਕ ਕੂੜੇ ਤੋਂ ਖਾਦ ਅਤੇ ਬਾਇਓਗੈਸ ਬਣਾਈ ਜਾ ਸਕਦੀ ਹੈ। ਖਾਦ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਂਦੀ ਹੈ ਅਤੇ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਘਟਾਉਂਦੀ ਹੈ। ਬਾਇਓਗੈਸ ਖਾਣਾ ਪਕਾਉਣ, ਗਰਮੀ ਪੈਦਾ ਕਰਨ ਅਤੇ ਕੁਝ ਉਦਯੋਗਿਕ ਕੰਮਾਂ ਲਈ ਊਰਜਾ ਦਾ ਸਰੋਤ ਬਣ ਸਕਦੀ ਹੈ।

ਇਸੇ ਤਰ੍ਹਾਂ ਕਾਗਜ਼, ਪਲਾਸਟਿਕ, ਕੱਚ ਅਤੇ ਧਾਤਾਂ ਨੂੰ ਇਕੱਠਾ ਕਰਕੇ, ਛਾਂਟ ਕੇ ਅਤੇ ਪ੍ਰਕਿਰਿਆ ਰਾਹੀਂ ਮੁੜ ਵਰਤੋਂਯੋਗ ਬਣਾਇਆ ਜਾ ਸਕਦਾ ਹੈ। ਇਸ ਨਾਲ ਕੂੜਾ ਇਕੱਠਾ ਕਰਨ ਵਾਲਿਆਂ, ਆਵਾਜਾਈ ਕਰਮਚਾਰੀਆਂ, ਮਸ਼ੀਨ ਆਪਰੇਟਰਾਂ, ਤਕਨੀਕੀ ਮਾਹਿਰਾਂ ਅਤੇ ਕਾਰੋਬਾਰੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੁੰਦੇ ਹਨ।

ਰੀਸਾਈਕਲਿੰਗ: ਕਾਰੋਬਾਰ ਦਾ ਵਧਦਾ ਖੇਤਰ

ਰੀਸਾਈਕਲਿੰਗ ਕੂੜੇ ਤੋਂ ਆਮਦਨ ਕਮਾਉਣ ਦਾ ਇੱਕ ਸੰਭਾਵਨਾਪੂਰਨ ਖੇਤਰ ਹੈ। ਨੌਜਵਾਨ ਛੋਟੇ ਸੰਗ੍ਰਹਿ ਕੇਂਦਰ ਸਥਾਪਿਤ ਕਰ ਸਕਦੇ ਹਨ, ਜਿੱਥੇ ਬੇਕਾਰ ਸਮੱਗਰੀ ਖਰੀਦ ਕੇ ਉਸ ਦੀ ਛਾਂਟੀ ਕੀਤੀ ਜਾਵੇ ਅਤੇ ਰੀਸਾਈਕਲਿੰਗ ਇਕਾਈਆਂ ਨੂੰ ਸਪਲਾਈ ਕੀਤੀ ਜਾਵੇ। ਲੋੜੀਂਦੀ ਸਿਖਲਾਈ ਅਤੇ ਪੂੰਜੀ ਨਾਲ ਪਲਾਸਟਿਕ, ਕਾਗਜ਼ ਅਤੇ ਧਾਤਾਂ ਦੀ ਪ੍ਰਕਿਰਿਆ ਕਰਨ ਵਾਲੇ ਵੱਡੇ ਕਾਰੋਬਾਰ ਵੀ ਸ਼ੁਰੂ ਕੀਤੇ ਜਾ ਸਕਦੇ ਹਨ।

ਪਲਾਸਟਿਕ ਦੇ ਕੂੜੇ ਤੋਂ ਮੁੜ ਵਰਤੋਂਯੋਗ ਦਾਣੇ ਤਿਆਰ ਕੀਤੇ ਜਾ ਸਕਦੇ ਹਨ, ਜਿਨ੍ਹਾਂ ਦੀ ਵਰਤੋਂ ਨਵੇਂ ਉਤਪਾਦ ਬਣਾਉਣ ਲਈ ਹੁੰਦੀ ਹੈ। ਪੁਰਾਣੇ ਕਾਗਜ਼ ਤੋਂ ਮੁੜ ਤਿਆਰ ਕਾਗਜ਼ ਅਤੇ ਪੈਕਿੰਗ ਸਮੱਗਰੀ ਬਣਾਈ ਜਾ ਸਕਦੀ ਹੈ। ਧਾਤਾਂ ਦੇ ਕਬਾੜ ਨੂੰ ਮੁੜ ਪ੍ਰਾਪਤ ਕਰਕੇ ਉਦਯੋਗਾਂ ਵਿੱਚ ਵਰਤਿਆ ਜਾ ਸਕਦਾ ਹੈ।

ਇਹ ਕਾਰੋਬਾਰ ਕੁਦਰਤੀ ਸਰੋਤਾਂ ਦੀ ਬੱਚਤ ਕਰਦੇ ਹਨ ਅਤੇ ਅਜਿਹੀ ਚੱਕਰੀ ਅਰਥਵਿਵਸਥਾ ਨੂੰ ਉਤਸ਼ਾਹਿਤ ਕਰਦੇ ਹਨ, ਜਿਸ ਵਿੱਚ ਵਸਤੂਆਂ ਨੂੰ ਸੁੱਟਣ ਦੀ ਬਜਾਏ ਵਾਰ-ਵਾਰ ਵਰਤੋਂ ਵਿੱਚ ਲਿਆਂਦਾ ਜਾਂਦਾ ਹੈ। ਹਾਲਾਂਕਿ, ਰੀਸਾਈਕਲਿੰਗ ਦੌਰਾਨ ਵਾਤਾਵਰਣ ਅਤੇ ਸੁਰੱਖਿਆ ਦੇ ਮਾਪਦੰਡਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ।

ਖਾਦ ਅਤੇ ਬਾਇਓਗੈਸ ਉਤਪਾਦਨ

ਪੇਂਡੂ ਖੇਤਰਾਂ ਅਤੇ ਖੇਤੀਬਾੜੀ ਨਾਲ ਜੁੜੇ ਇਲਾਕਿਆਂ ਵਿੱਚ ਜੈਵਿਕ ਕੂੜੇ ਦੀ ਵਰਤੋਂ ਨਾਲ ਰੁਜ਼ਗਾਰ ਦੇ ਵਿਸ਼ੇਸ਼ ਮੌਕੇ ਪੈਦਾ ਹੋ ਸਕਦੇ ਹਨ। ਕਿਸਾਨ, ਸਵੈ-ਸਹਾਇਤਾ ਸਮੂਹ, ਸਹਿਕਾਰੀ ਸੰਸਥਾਵਾਂ ਅਤੇ ਨੌਜਵਾਨ ਉੱਦਮੀ ਖੇਤੀਬਾੜੀ ਦੀ ਰਹਿੰਦ-ਖੂੰਹਦ, ਪਸ਼ੂਆਂ ਦੇ ਗੋਬਰ, ਰਸੋਈ ਦੇ ਕੂੜੇ ਅਤੇ ਬਾਗ਼ਾਂ ਦੀ ਰਹਿੰਦ-ਖੂੰਹਦ ਤੋਂ ਖਾਦ ਬਣਾਉਣ ਵਾਲੀਆਂ ਇਕਾਈਆਂ ਸਥਾਪਿਤ ਕਰ ਸਕਦੇ ਹਨ। ਤਿਆਰ ਖਾਦ ਕਿਸਾਨਾਂ, ਨਰਸਰੀਆਂ ਅਤੇ ਬਾਗ਼ਬਾਨੀ ਨਾਲ ਜੁੜੇ ਕਾਰੋਬਾਰਾਂ ਨੂੰ ਵੇਚੀ ਜਾ ਸਕਦੀ ਹੈ। ਛੋਟੇ ਬਾਇਓਗੈਸ ਪਲਾਂਟ ਜੈਵਿਕ ਕੂੜੇ ਤੋਂ ਨਵਿਆਉਣਯੋਗ ਊਰਜਾ ਪੈਦਾ ਕਰ ਸਕਦੇ ਹਨ। ਨਗਰ ਕੌਂਸਲਾਂ, ਸਕੂਲਾਂ, ਹੋਟਲਾਂ ਅਤੇ ਰਿਹਾਇਸ਼ੀ ਸੁਸਾਇਟੀਆਂ ਦੇ ਸਹਿਯੋਗ ਨਾਲ ਸਥਾਨਕ ਪੱਧਰ 'ਤੇ ਕੂੜਾ ਪ੍ਰੋਸੈਸਿੰਗ ਕੇਂਦਰ ਸਥਾਪਿਤ ਕੀਤੇ ਜਾ ਸਕਦੇ ਹਨ।

ਇਲੈਕਟ੍ਰਾਨਿਕ ਕੂੜਾ: ਰੁਜ਼ਗਾਰ ਦਾ ਉੱਭਰਦਾ ਖੇਤਰ

ਮੋਬਾਈਲ ਫ਼ੋਨਾਂ, ਕੰਪਿਊਟਰਾਂ, ਟੈਲੀਵਿਜ਼ਨਾਂ ਅਤੇ ਬੈਟਰੀਆਂ ਦੀ ਵਧਦੀ ਵਰਤੋਂ ਕਾਰਨ ਇਲੈਕਟ੍ਰਾਨਿਕ ਕੂੜੇ ਦੀ ਮਾਤਰਾ ਵੀ ਵਧ ਰਹੀ ਹੈ। ਇਸ ਵਿੱਚ ਤਾਂਬਾ, ਐਲੂਮੀਨੀਅਮ ਅਤੇ ਕੁਝ ਕੀਮਤੀ ਧਾਤਾਂ ਹੁੰਦੀਆਂ ਹਨ, ਪਰ ਗ਼ਲਤ ਢੰਗ ਨਾਲ ਸੰਭਾਲਣ 'ਤੇ ਇਹ ਨੁਕਸਾਨਦੇਹ ਪਦਾਰਥ ਵੀ ਛੱਡ ਸਕਦਾ ਹੈ।

ਇਸ ਖੇਤਰ ਵਿੱਚ ਅਧਿਕਾਰਤ ਸੰਗ੍ਰਹਿ ਕੇਂਦਰ, ਮੁਰੰਮਤ ਦੀਆਂ ਦੁਕਾਨਾਂ, ਪੁਰਾਣੇ ਉਪਕਰਨਾਂ ਨੂੰ ਮੁੜ ਵਰਤੋਂਯੋਗ ਬਣਾਉਣ ਵਾਲੇ ਕਾਰੋਬਾਰ ਅਤੇ ਵਿਸ਼ੇਸ਼ ਰੀਸਾਈਕਲਿੰਗ ਇਕਾਈਆਂ ਸਥਾਪਿਤ ਕੀਤੀਆਂ ਜਾ ਸਕਦੀਆਂ ਹਨ। ਇਲੈਕਟ੍ਰਾਨਿਕ ਉਪਕਰਨਾਂ ਦੀ ਮੁਰੰਮਤ ਅਤੇ ਮੁੜ ਵਰਤੋਂ ਨਾਲ ਉਨ੍ਹਾਂ ਦੀ ਉਮਰ ਵਧਦੀ ਹੈ ਅਤੇ ਤਕਨਾਲੋਜੀ ਘੱਟ ਕੀਮਤ 'ਤੇ ਉਪਲਬਧ ਹੋ ਸਕਦੀ ਹੈ।

ਇਲੈਕਟ੍ਰਾਨਿਕ ਕੂੜੇ ਨੂੰ ਸਿਰਫ਼ ਅਧਿਕਾਰਤ ਅਤੇ ਸੁਰੱਖਿਅਤ ਮਾਧਿਅਮਾਂ ਰਾਹੀਂ ਹੀ ਸੰਭਾਲਣਾ ਚਾਹੀਦਾ ਹੈ।

ਨੌਜਵਾਨਾਂ ਲਈ ਹਰੇ ਹੁਨਰ ਅਤੇ ਉੱਦਮਤਾ

ਆਧੁਨਿਕ ਕੂੜਾ ਪ੍ਰਬੰਧਨ ਸਿਰਫ਼ ਸਰੀਰਕ ਮਿਹਨਤ ਤੱਕ ਸੀਮਿਤ ਨਹੀਂ ਹੈ। ਇਸ ਖੇਤਰ ਵਿੱਚ ਵਾਤਾਵਰਣ ਵਿਗਿਆਨ, ਇੰਜੀਨੀਅਰਿੰਗ, ਆਵਾਜਾਈ ਪ੍ਰਬੰਧਨ, ਡਿਜੀਟਲ ਤਕਨਾਲੋਜੀ ਅਤੇ ਕਾਰੋਬਾਰੀ ਪ੍ਰਬੰਧਨ ਦੇ ਮਾਹਿਰਾਂ ਦੀ ਵੀ ਲੋੜ ਹੈ।

ਨੌਜਵਾਨ ਘਰਾਂ ਨੂੰ ਰੀਸਾਈਕਲਿੰਗ ਕੇਂਦਰਾਂ ਨਾਲ ਜੋੜਨ ਵਾਲੀਆਂ ਮੋਬਾਈਲ ਐਪਲੀਕੇਸ਼ਨਾਂ ਬਣਾ ਸਕਦੇ ਹਨ, ਕੂੜਾ ਇਕੱਠਾ ਕਰਨ ਦੀ ਡਿਜੀਟਲ ਨਿਗਰਾਨੀ ਕਰ ਸਕਦੇ ਹਨ ਅਤੇ ਬੇਕਾਰ ਸਮੱਗਰੀ ਤੋਂ ਨਵੇਂ ਉਤਪਾਦ ਤਿਆਰ ਕਰ ਸਕਦੇ ਹਨ। ਉਹ ਸਕੂਲਾਂ, ਦਫ਼ਤਰਾਂ ਅਤੇ ਉਦਯੋਗਾਂ ਨੂੰ ਕੂੜਾ ਪ੍ਰਬੰਧਨ ਸਬੰਧੀ ਸਲਾਹ ਅਤੇ ਸੇਵਾਵਾਂ ਵੀ ਦੇ ਸਕਦੇ ਹਨ।

ਹੁਨਰ ਵਿਕਾਸ, ਕਿੱਤਾਮੁਖੀ ਸਿੱਖਿਆ, ਉੱਦਮਤਾ ਸਿਖਲਾਈ ਅਤੇ ਆਸਾਨ ਵਿੱਤੀ ਸਹਾਇਤਾ ਰਾਹੀਂ ਨੌਜਵਾਨ ਆਪਣੇ ਵਿਚਾਰਾਂ ਨੂੰ ਸਫਲ ਕਾਰੋਬਾਰਾਂ ਵਿੱਚ ਬਦਲ ਸਕਦੇ ਹਨ। ਮਹਿਲਾ ਸਵੈ-ਸਹਾਇਤਾ ਸਮੂਹ ਵੀ ਖਾਦ ਬਣਾਉਣ, ਕੱਪੜੇ ਦੇ ਥੈਲੇ ਤਿਆਰ ਕਰਨ ਅਤੇ ਰੀਸਾਈਕਲਿੰਗ ਦੇ ਕੰਮਾਂ ਵਿੱਚ ਯੋਗਦਾਨ ਪਾ ਸਕਦੇ ਹਨ।

ਸਰਕਾਰ ਅਤੇ ਸਮਾਜ ਦੀ ਭੂਮਿਕਾ

ਪ੍ਰਭਾਵਸ਼ਾਲੀ ਕੂੜਾ ਪ੍ਰਬੰਧਨ ਲਈ ਸਰਕਾਰ, ਉਦਯੋਗਾਂ, ਵਿਦਿਅਕ ਸੰਸਥਾਵਾਂ, ਕਾਰੋਬਾਰੀਆਂ ਅਤੇ ਆਮ ਨਾਗਰਿਕਾਂ ਦਾ ਸਹਿਯੋਗ ਜ਼ਰੂਰੀ ਹੈ। ਸਥਾਨਕ ਸੰਸਥਾਵਾਂ ਨੂੰ ਕੂੜੇ ਦੀ ਵੱਖ-ਵੱਖ ਛਾਂਟੀ, ਨਿਯਮਤ ਸੰਗ੍ਰਹਿ ਅਤੇ ਅਧਿਕਾਰਤ ਰੀਸਾਈਕਲਿੰਗ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।

ਉਦਯੋਗਾਂ ਨੂੰ ਆਪਣੇ ਉਤਪਾਦਾਂ ਅਤੇ ਪੈਕਿੰਗ ਤੋਂ ਪੈਦਾ ਹੋਣ ਵਾਲੇ ਕੂੜੇ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਖਾਦ ਬਣਾਉਣ ਵਾਲੀਆਂ ਇਕਾਈਆਂ, ਰੀਸਾਈਕਲਿੰਗ ਮੁਹਿੰਮਾਂ ਅਤੇ ਵਾਤਾਵਰਣ ਸਿੱਖਿਆ ਰਾਹੀਂ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕੀਤੀ ਜਾ ਸਕਦੀ ਹੈ।

ਸਿੱਟਾ

ਕੂੜਾ ਪ੍ਰਬੰਧਨ ਵਾਤਾਵਰਣ ਦੀ ਸੁਰੱਖਿਆ ਅਤੇ ਆਰਥਿਕ ਵਿਕਾਸ ਨੂੰ ਜੋੜਨ ਵਾਲਾ ਇੱਕ ਮਹੱਤਵਪੂਰਨ ਖੇਤਰ ਹੈ। ਵਿਗਿਆਨਕ ਤਰੀਕਿਆਂ ਨਾਲ ਸੰਭਾਲਿਆ ਗਿਆ ਕੂੜਾ ਖਾਦ, ਊਰਜਾ, ਮੁੜ ਵਰਤੋਂਯੋਗ ਕੱਚਾ ਮਾਲ ਅਤੇ ਰੁਜ਼ਗਾਰ ਦਾ ਸਰੋਤ ਬਣ ਸਕਦਾ ਹੈ।

ਇਸ ਖੇਤਰ ਦਾ ਭਵਿੱਖ ਨਵੀਨਤਾ, ਨਿਵੇਸ਼, ਜਨਤਕ ਭਾਗੀਦਾਰੀ ਅਤੇ ਜ਼ਿੰਮੇਵਾਰ ਕਾਰੋਬਾਰੀ ਪ੍ਰਣਾਲੀਆਂ 'ਤੇ ਨਿਰਭਰ ਕਰਦਾ ਹੈ। ਕੂੜੇ ਦੀ ਛਾਂਟੀ, ਮੁੜ ਵਰਤੋਂ, ਮੁਰੰਮਤ ਅਤੇ ਰੀਸਾਈਕਲਿੰਗ ਨੂੰ ਉਤਸ਼ਾਹਿਤ ਕਰਕੇ ਭਾਰਤ ਵਿੱਚ ਹਰੇ ਰੁਜ਼ਗਾਰ ਦੇ ਮੌਕੇ ਵਧਾਏ ਜਾ ਸਕਦੇ ਹਨ।

ਅਸਲ ਲੋੜ ਕੂੜੇ ਪ੍ਰਤੀ ਆਪਣੀ ਸੋਚ ਬਦਲਣ ਦੀ ਹੈ। ਸਾਨੂੰ ਇਹ ਪੁੱਛਣ ਦੀ ਬਜਾਏ ਕਿ ਕੂੜਾ ਕਿੱਥੇ ਸੁੱਟਣਾ ਹੈ, ਇਹ ਸੋਚਣਾ ਚਾਹੀਦਾ ਹੈ ਕਿ ਇਸ ਨੂੰ ਮੁੜ ਪ੍ਰਾਪਤ ਕਰਕੇ ਲਾਭਦਾਇਕ ਕਿਵੇਂ ਬਣਾਇਆ ਜਾ ਸਕਦਾ ਹੈ। ਇਹੀ ਸੋਚ ਕੂੜੇ ਨੂੰ ਦੌਲਤ, ਬੇਰੁਜ਼ਗਾਰੀ ਨੂੰ ਉੱਦਮਤਾ ਅਤੇ ਵਾਤਾਵਰਣਕ ਚੁਣੌਤੀਆਂ ਨੂੰ ਟਿਕਾਊ ਵਿਕਾਸ ਦੇ ਮੌਕਿਆਂ ਵਿੱਚ ਬਦਲ ਸਕਦੀ ਹੈ।



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Kang Petro Group

Little Rock, Arkansas, Missouri, Oklahoma

Gas Station, Truck Stop For Lease



Ravinder Kaur (RAVI)
LIC NO. Sa00097620 REALTOR®
(501) 353-9311
Ravi-kaur.remax.com
ravi.kaur@remax.net

Guri Kang
(501) 353-7816



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Sarabjot Singh Sawaddi





ਕਈ ਵੀਰਾਂ ਦੇ

LICENSE CANCEL

ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

Green Card ਨਹੀਂ ਹੈ | I-485 Application ਅਜੇ Pending ਹੈ।

Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :



Green Card Case ਨੂੰ
ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ
ਲਈ Legal Guidance



Deportation ਜਾਂ Immigration
Detention Cases ਵਿੱਚ Legal Advice



Appeals ਅਤੇ Immigration
Process ਵਿੱਚ ਸਹਾਇਤਾ



Estate Planning ਰਾਹੀਂ Property
ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ
Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and
Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner

ਗੀਤ

ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਜਦ ਕਿਧਰੇ ਵੀ ਦਿਸਦੀ ਨਈਂ ਏ ਬਾਤ ਸੁਹਾਣੀਂ।
ਕਾਲਕਲੂਟੇ ਬੱਦਲਾਂ ਦੀ ਇਕ ਸਾਜਿਸ਼ ਦਿਸਦੀ।
ਅੰਬਰ ਦੇ ਵਿਚ ਕੜ-ਕੜ ਕਰਦੀ ਆਤਿਸ਼ ਦਿਸਦੀ।
ਚੰਦਰੀ ਬਾਰਿਸ਼ ਨੇ ਖਾ ਲਈ ਪ੍ਰਭਾਤ ਸੁਹਾਣੀ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਜੰਗ ਨੇ ਕੀਤਾ ਮਾਨਵਤਾ ਦਾ ਏਦਾਂ ਨਾਸ਼।
ਢਹਿ ਢੇਰੀ ਨੇ ਲੱਖਾਂ ਘਰ ਲਾਸ਼ਾਂ ਤੇ ਲਾਸ਼।
ਗੰਦਲੇ ਮੌਸਮ ਦੀ ਵੇਖੋ ਸੌਗਾਤ ਸੁਹਾਣੀਂ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਅਰਥ ਵਿਵਸਥਾ ਡੋਲ ਗਈ ਹਿੱਲੀਆਂ ਸਰਕਾਰਾਂ।
ਆਪੋ ਧਾਪੀ ਪੈ ਗਈ ਵਿਚ ਸੋਚ ਵਿਚਾਰਾਂ।
ਭੂੰ ਮੰਡਲੀ ਕਰਨ 'ਚ ਨਈਂ ਏਂ ਗੱਲਬਾਤ ਸੁਹਾਣੀਂ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਬੰਦਾ-ਬੰਦੇ ਨੂੰ ਹੀ ਚਾਹਵੇ ਇਤਬਾਰ ਕਰੇ।
ਤੇ ਸਧਰਾਂ ਚਾਵਾਂ ਰੀਝਾਂ ਦੇ ਨਾਲ ਪਿਆਰ ਕਰੇ।
ਧਰਤੀ ਉਤੇ ਹੋਵੇ ਬਸ ਇਕ ਜਾਤ ਸੁਹਾਣੀਂ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਖੁੰਭਾਂ ਵਾਂਗੂੰ ਉਗ ਪਏ ਥਾਂ-ਥਾਂ ਤੇ ਬਾਬੇ।
ਜਿੱਦਾਂ ਜੀ ਟੀ ਰੋਡ ਤੇ ਦਿਸਦੇ ਗੰਦੇ ਢਾਬੇ।
ਸ਼ਕਤੀ ਭਗਤੀ ਵਿਚ ਨਈਂ ਏਂ ਔਕਾਤ ਸੁਹਾਣੀਂ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਰੌਸ਼ਨੀਆਂ ਦੀ ਝਿਲ ਮਿਲਾਹਟ ਵਿਚ ਰਾਤਾਂ ਹੋਵਣ।
ਕੰਨਸੋਆਂ ਵਿਚ ਜੰਨਤ ਵਾਲੀਆਂ ਬਾਤਾਂ ਹੋਵਣ।
ਬੱਦਲਾਂ ਵਿੱਚੋਂ ਚੰਨ ਦੀ ਹੋਵੇ ਝਾਤ ਸੁਹਾਣੀ।
ਕੌਣ ਮਨਾਏ ਦੀਵਾਲੀ ਦੀ ਰਾਤ ਸੁਹਾਣੀਂ।
ਹਾਸੇ ਦੀ ਕਿਲਕਾਰੀ ਹੋਵੇ ਲੋਕ ਨਾ ਰੋਵਣ।
ਭਵਿੱਖ 'ਚ ਕਰਮਠਤਾ ਵਾਲੇ ਦੀਵੇ ਹੋਵਣ।
ਬਾਲਮ ਝੋਲੀ ਵਿਚ ਹੋਵੇ ਖ਼ੈਰਾਤ ਸੁਹਾਣੀਂ।
ਫੇਰ ਮਨਾਈਏ ਦੀਵਾਲੀ ਦੀ ਰਾਤ ਸੁਹਾਣੀਂ।



SANJHI SOCH
ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409

ਤੇਰਾ ਤੇਰਾ

ਨਾ ਹੀ ਚੁੱਪ ਰਿਹਾ ਜਾਂਦਾ ਨਾ ਹੀ ਬੋਲ ਹੁੰਦਾ ਏ।
ਨਾ ਹੀ ਬਾਬੇ ਵਾਂਗੂੰ ਤੇਰਾ-ਤੇਰਾ ਤੋਲ ਹੁੰਦਾ ਏ।
ਘੁੱਟੀ-ਘੁੱਟੀ ਲੱਗੇ ਸਾਰੇ ਅਸੀਂ ਜਿੰਦਗੀ ਨੂੰ ਜੀਉਣ,
ਕਿਸੇ ਮੂਹਰੇ ਦਿਲ ਖੁੱਲਕੇ ਨਾ ਖੋਲ੍ਹ ਹੁੰਦਾ ਏ।
ਭੁੱਲੇ ਰਾਹੀਆਂ ਵਾਂਗੂੰ ਰਾਵ੍ਹਾਂ'ਚ ਗੁਆਚੇ ਰਹਿੰਦੇ ਉਹ,
ਜਿਨ੍ਹਾਂ ਕੋਲੇ ਜਿੰਦਗੀ ਦਾ ਨਾ ਕੋਈ ਗੋਲ਼ ਹੁੰਦਾ ਏ।
ਜਿਨ੍ਹਾਂ ਬੱਚਿਆਂ ਦੇ ਕੋਲ਼ੇ ਰਹਿੰਦੇ ਹੋਣ ਬੁੱਢੇ ਮਾਪੇ,
ਕੋਲ ਉਹਨਾਂ ਦੇ ਖਜ਼ਾਨਾ ਅਨਮੋਲ ਹੁੰਦਾ ਏ।
ਹੁੰਦੀ ਮਾਰੂਥਲ ਵਾਂਗ ਉਹਦੀ ਜਿੰਦਗੀ ਵੀਰਾਨ,
ਜਿਹੜੀ ਨਾਰੀ ਦਾ ਵਿਦੇਸ਼ ਗਿਆ ਢੋਲ ਹੁੰਦਾ ਏ।
ਹੁੰਦੇ ਪਿਆਰ ਦੇ ਪੁਜਾਰੀ ਜਿਹੜੇ ਧਰਤੀ ਦੇ ਉੱਤੇ,
ਰੰਗ ਉਹਨਾਂ ਤੋਂ ਫਿਜ਼ਾਵਾਂ ਵਿੱਚ ਘੋਲ਼ ਹੁੰਦਾ ਏ।



SANJHI SOCH
ਜਸਪਾਲ ਸਿੰਘ ਨਾਗਰਾ 'ਮਹਿੰਦ ਪੁਰੀ'
ਯੂਬਾ ਸਿਟੀ ਕੈਲੀਫੋਰਨੀਆ (ਅਮਰੀਕਾ)
ਫੋਨ +13604481989

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਗੁਰੂ ਤੇਗ ਬਰਫ਼ ਸਿਟੀ ਵਿਖੇ 47ਵਾਂ ਸਾਲਾਨਾ
ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ
ਸਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ।

ਗੁਰੂ ਕਾ ਲੰਗਰ

ਸ਼ੇਰੇ ਪੰਜਾਬ ਗਰੁੱਪ ਕੈਲੀਫੋਰਨੀਆ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



JASPREET SINGH
ATTORNEY AT LAW USA

SACRAMENTO, CA
5855 AUBURN BLVD,
SACRAMENTO, CA 95841
+1-917-915-4142

FRESNO, CA
1625 E SHAW AVE #122,
FRESNO, CA 93711
+1-559-271-5511

FREMONT, CA
3155 KEARNEY ST, SUITE
#248, FREMONT, CA 94538
+1-510-657-6444

NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699

NEW YORK, NY
108-14 JAMAICA AVENUE,
RICHMOND HILL, NY 11418
+1-718-533-8444

LOS ANGELES, CA
1013 N BEGONIA AVE,
ONTARIO, CA 91762
+1-917-915-4142

JASPREET SINGH ATTORNEY AT LAW USA SPECIALIZES IN
IMMIGRATION LAW MATTERS, POLITICAL ASYLUM, DEPORTATION DEFENSE,
GREEN CARDS, MARRIAGE, CITIZENSHIP, P3 AND E-2 VISAS LAW OFFICES IN NY,
NJ AND CALIFORNIA

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।


ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ।


ਲੱਖ-ਲੱਖ ਵਧਾਈਆਂ





Paramjit Singh Dakha

Ph: (510) 774-5909













RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur

Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Pardeep Sharma (Real Estate Agent) ਵੱਲੋਂ

ਸਮੂਹ ਸਾਧ ਸੰਗਤ ਨੂੰ ਹੁੰਮ-ਹੁਮਾ ਕੇ ਪਹੁੰਚਣ ਅਤੇ ਇਤਿਹਾਸਕ
ਨਗਰ ਕੀਰਤਨ 'ਚ ਸ਼ਾਮਿਲ ਹੋ ਕੇ ਜੀਵਨ ਸਫ਼ਲਾ ਕਰਨ ਲਈ
ਨਿੱਘਾ ਸੱਦਾ ਪੱਤਰ ਦਿੱਤਾ ਜਾਂਦਾ ਹੈ



BAY REALTY CALIFORNIA

FIND YOUR DREAM HOME

(510) 325-8433 | www.BayRealtyCA.com

2551 San Ramon Valley Drive Suite 107A, San Ramon, CA

PAUL SHARMA
REAL ESTATE AGENT

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



ਜਾਰੀ ਕਰਤਾ: **ਸਿੱਖ ਸੰਗਤ ਬੇ ਏਰੀਆ**

ਪਬਲਿਕ ਹਿਤ ਵਿੱਚ ਸੂਚਨਾ

ਮੈਂ **ਗੁਰਦੀਪ ਸਿੰਘ ਸੰਧੂ** ਜਿਵੇਂ ਕਿ ਤੁਸੀਂ ਜਾਣਦੇ ਹੋ 1973 ਤੋਂ ਹੋਮਿਓਪੈਥਿਕ/ਆਯੁਰਵੈਦਿਕ ਦੀ ਪ੍ਰੈਕਟਿਸ ਕਰ ਰਿਹਾ ਹਾਂ ਇਸ ਪੰਜ ਦਹਾਕਿਆਂ ਤੋਂ ਵੱਧ ਦੇ ਸਮੇਂ ਵਿਚ ਮੈਡੀਕਲ ਕਾਲਜਾਂ ਵਿਚ ਪ੍ਰੋ. ਪ੍ਰਿੰਸੀਪਲ ਤੇ ਚੀਫ਼ ਮੈਡੀਕਲ ਅਫਸਰ ਦੇ ਤੌਰ ਤੇ ਸੇਵਾਵਾਂ ਦਿੰਦਾ ਰਿਹਾ ਹਾਂ। 1996 ਤੋ ਅਮਰੀਕਾ ਵਿਚ ਵੱਖ-ਵੱਖ ਰੇਡੀਓ, ਟੀ.ਵੀ ਸਟੇਸ਼ਨਾਂ, ਯੂਟਿਊਬ, ਫੇਸਬੁਕ ਤੇ ਵੱਖ-ਵੱਖ ਮੀਡੀਆ ਚੈਨਲਾਂ ਰਾਹੀਂ ਪਬਲਿਕ ਨੂੰ ਜੀਵਨ ਤੋਂ ਜੀਵਨ ਦੀ ਉਤਪਤੀ ਸਰੀਰਕ ਬਣਤਰ, ਵਿਸਥਾਰ, ਸਿਹਤ, ਬਿਮਾਰੀ ਅਤੇ ਇਲਾਜਾਂ ਪ੍ਰਤੀ ਜਾਗਰੂਕ ਕਰਦਾ ਆ ਰਿਹਾਂ। ਅੱਜ ਦੇ ਵਕਤ ਅਮੈਰਿਕਨ ਇਕੌਨਮੀ ਦੀ ਮਾੜੀ ਹਾਲਤ ਹੋਣ ਕਰਕੇ ਐਲਾਨ ਕਰਦਾ ਹਾਂ ਕਿ ਕਿਸੇ ਵੀ ਉਮਰ ਵਿਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਜਦ ਥੱਕ ਗਏ ਹੋ ਕੋਈ ਹਲ ਨਹੀਂ ਦਿਸ ਰਿਹਾ ਤਾਂ ਇਕ ਮੌਕਾ ਹੋਮਿਓਪੈਥਿਕ ਦੇ ਸਿਧਾਂਤਕ ਇਲਾਜ ਲਈ ਮੈਨੂੰ ਦਿਓ ਇਸ ਲਈ ਕਾਲ ਕਰੋ: **408 687 1899**

ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ਼ ਲੈਕਚਰ ਸੁਣਨ ਲਈ ਮੇਰਾ ਫੇਸਬੁਕ ਅਤੇ ਯੂਟਿਊਬ ਚੈਨਲ https://youtube/duhk3caceu, sabrang station.com(radio station) ਰੋਜ਼ਾਨਾ ਕੈਲੇਫੋਰਨੀਆ ਟਾਈਮ ਸ਼ਾਮ ਨੂੰ 5 ਤੋ 6 ਵਜੇ ਤਕ ਸੁਣੋ।

Working under sb577 act of California



ਡਰਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ
Traki ਨਾਲ.

ਕਾਗਜ਼ ਸੰਭਾਲੋ
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

ਇਨਵੌਇਸ ਬਣਾਓ
AI ਮਦਦ ਨਾਲ ਆਟੋ ਫਿਲ ਅਤੇ ਪੋਸ਼ੇਵਰ ਇਨਵੌਇਸ ਤਿਆਰ.

ਕਮਾਈ ਵਧਾਓ
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

ਅੱਜ ਹੀ ਸ਼ੁਰੂ ਕਰੋ!

3 ਦਿਨ ਦਾ ਮੁਫ਼ਤ TRIAL ਮਿਲੇਗਾ!

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

ਟਾਈਮ ਬਚਾਓ
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

ਗਲਤੀ ਘੱਟ
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

ਆਫਲਾਈਨ ਕੰਮ
ਇੰਟਰਨੈੱਟ ਬਿਜ਼ਾਂ ਵੀ ਸਭ ਕੁਝ ਚੱਲਦਾ.

ਸਭ ਕੁਝ ਇੱਕ ਜਗ੍ਹਾ
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

TRAKI
ਡਰਾਈਵਰ ਦਾ ਅਸਲੀ ਯਾਰ.

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Raja Chandi Group



RAJA CHANDI GROUP

Arrested ?
DUI ?
Drug Charges ?
Gun Violation ?

Ghuman Law Group

Get the Legal Defence you Deserve.



Why Choose Us?

- ✓ Trusted Legal Experts
- ✓ Personalized Strategies
- ✓ Proven Track Record

Criminal Defence Law

- DUI / DWI Defense
- Drug Charges
- Domestic Violence Defense
- Assault & Battery Defense
- Theft / Fraud / Financial Crimes
- Probation Violations

Contact Us

info@ghumanlawgroup.com
ghumanlawgroup.org
+1 228-200-0001

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



HARSIMRAN SINGH HUNDAL

Gillson
TRUCKING INC

OUR DRIVERS ARE FULLY TRAINED TO PERFORM THEIR JOB TO THE FINEST. OPERATING ALL LATE MODEL TRUCK AND REFRIGERATED TRAILERS.

(925) 400-9094 teamgillson.com
dispatch@gillsontrucking.net

1801 E Dr. Martin Luther King Jr. Blvd, Stockton, CA, United States, California



BIKRAMJEET SINGH

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
